ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਸਰਕਾਰੀ ਭੁਗਤਾਨ 'ਚ ਦੇਰੀ 'ਤੇ ਹੁਣ ਮਿਲੇਗਾ ਵਿਆਜ 03

ਸਾਲ 1, ਅੰਕ 364 Ph (Mohali Office) : 0160-2990739; (M) : +91-98156-16078 ਮੰਗਲਵਾਰ, 29 ਸਤੰਬਰ 2026 (13 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਉਜੈਨ 'ਚ ਸ਼ਾਹੀ ਮਸਜਿਦ ਦਾ ਹਿੱਸਾ ਹਟਾਉਣ ਨੂੰ ਲੈ ਕੇ ਤਣਾਅ, ਪੁਲਿਸ ਨਾਲ ਝੜਪ

ਦੇਸ਼ ਪ੍ਰਦੇਸ਼ ਉਜੈਨ, 28 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਮੱਧ ਪ੍ਰਦੇਸ਼ ਦੇ ਧਾਰਮਿਕ ਸ਼ਹਿਰ ਉਜੈਨ ਵਿੱਚ ਸੋਮਵਾਰ ਨੂੰ ਸ਼ਾਹੀ ਮਸਜਿਦ ਦੇ ਇੱਕ ਹਿੱਸੇ ਨੂੰ ਹਟਾਉਣ ਦੀ ਕਾਰਵਾਈ ਨੂੰ ਲੈ ਕੇ ਤਣਾਅ ਪੈਦਾ ਹੋ ਗਿਆ। ਸਿੰਹਸਥ ਕੁੰਭ ਮੇਲੇ-2028 ਦੀਆਂ ਤਿਆਰੀਆਂ ਤਹਿਤ ਸੜਕ ਚੌੜੀ ਕਰਨ ਦੇ ਪ੍ਰਾਜੈਕਟ ਵਿੱਚ ਮਸਜਿਦ ਦਾ ਕੁਝ ਹਿੱਸਾ ਆ ਰਿਹਾ ਹੈ। ਇਸ ਹਿੱਸੇ ਨੂੰ ਹਟਾਉਣ ਦੀ ਕਾਰਵਾਈ ਸ਼ੁਰੂ ਹੋਣ ਦੌਰਾਨ ਵੱਡੀ ਗਿਣਤੀ ਵਿੱਚ ਲੋਕ ਮੌਕੇ 'ਤੇ ਇਕੱਠੇ ਹੋ ਗਏ ਅਤੇ ਪੁਲਿਸ ਨਾਲ ਝੜਪ ਦੀ ਸਥਿਤੀ ਬਣ ਗਈ। ਪੁਲਿਸ ਵੱਲੋਂ ਭੀੜ ਨੂੰ ਕਾਬੂ ਕਰਨ ਲਈ ਅੱਥਰੂ ਗੈਸ ਦੇ ਗੋਲੇ ਛੱਡੇ ਗਏ ਅਤੇ ਇਲਾਕੇ ਵਿੱਚ ਭਾਰੀ ਸੁਰੱਖਿਆ ਬਲ ਤਾਇਨਾਤ ਕੀਤਾ ਗਿਆ।

ਪ੍ਰਾਪਤ ਜਾਣਕਾਰੀ ਮੁਤਾਬਕ ਕੰਠਾਲ ਚੌਕ ਤੋਂ ਗੋਪਾਲ ਮੰਦਰ ਤੱਕ ਸੜਕ ਨੂੰ ਲਗਭਗ 15 ਮੀਟਰ ਤੱਕ ਚੌੜਾ ਕਰਨ ਦੀ ਯੋਜਨਾ ਹੈ। ਇਸ ਸੜਕ ਦੇ ਨਿਰਧਾਰਤ ਅਲਾਈਨਮੈਂਟ ਵਿੱਚ ਸ਼ਾਹੀ ਮਸਜਿਦ ਦਾ ਕੁਝ ਹਿੱਸਾ ਆ ਰਿਹਾ ਹੈ। ਪ੍ਰਸ਼ਾਸਨ ਦਾ ਕਹਿਣਾ ਹੈ ਕਿ ਸਿੰਹਸਥ ਮੇਲੇ ਦੌਰਾਨ ਵੱਡੀ ਗਿਣਤੀ ਵਿੱਚ ਆਉਣ ਵਾਲੇ ਸ਼ਰਧਾਲੂਆਂ ਅਤੇ ਵਾਹਨਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਸੜਕ ਚੌੜੀ ਕਰਨਾ ਜ਼ਰੂਰੀ ਹੈ। ਇਸੇ ਪ੍ਰਾਜੈਕਟ ਤਹਿਤ ਇਲਾਕੇ ਵਿੱਚ ਹੋਰ ਢਾਂਚਿਆਂ ਨੂੰ ਵੀ ਹਟਾਉਣ ਲਈ ਨੋਟਿਸ ਜਾਰੀ ਕੀਤੇ ਗਏ ਹਨ।

ਸੋਮਵਾਰ ਸਵੇਰੇ ਮਸਜਿਦ ਦੇ ਪ੍ਰਭਾਵਿਤ ਹਿੱਸੇ ਨੂੰ ਹਟਾਉਣ ਦੀ ਪ੍ਰਕਿਰਿਆ ਸ਼ੁਰੂ ਹੋਣ ਤੋਂ ਬਾਅਦ ਮੌਕੇ 'ਤੇ ਵਿਰੋਧ ਪ੍ਰਦਰਸ਼ਨ ਹੋਇਆ। ਕੁਝ ਪ੍ਰਦਰਸ਼ਨਕਾਰੀਆਂ ਵੱਲੋਂ ਬੈਰੀਕੇਡ ਪਾਰ ਕਰਨ ਦੀ ਕੋਸ਼ਿਸ਼ ਕੀਤੀ ਗਈ, ਜਿਸ ਤੋਂ ਬਾਅਦ ਪੁਲਿਸ ਅਤੇ ਭੀੜ ਵਿਚਕਾਰ ਤਣਾਅ ਵਧ ਗਿਆ। ਪੁਲਿਸ ਮੁਤਾਬਕ ਕੁਝ ਥਾਵਾਂ 'ਤੇ ਪੱਥਰਬਾਜ਼ੀ ਵੀ ਹੋਈ। ਇਸ ਦੇ ਜਵਾਬ ਵਿੱਚ ਪੁਲਿਸ ਨੇ ਅੱਥਰੂ ਗੈਸ ਦੀ ਵਰਤੋਂ ਕਰਕੇ ਭੀੜ ਨੂੰ ਪਿੱਛੇ ਹਟਾਉਣ ਦੀ ਕੋਸ਼ਿਸ਼ ਕੀਤੀ। ਇਲਾਕੇ ਵਿੱਚ ਰੈਪਿਡ ਐਕਸ਼ਨ ਫੋਰਸ ਸਮੇਤ ਵੱਡੀ ਗਿਣਤੀ ਵਿੱਚ ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਗਏ ਹਨ।

ਇਸ ਮਾਮਲੇ ਵਿੱਚ ਇੱਕ ਹੋਰ ਮਹੱਤਵਪੂਰਨ ਪੱਖ ਇਹ ਹੈ ਕਿ ਐਤਵਾਰ ਰਾਤ ਨੂੰ ਪ੍ਰਸ਼ਾਸਨ ਅਤੇ ਸ਼ਹਿਰ ਕਾਜ਼ੀ ਵਿਚਕਾਰ ਗੱਲਬਾਤ ਤੋਂ ਬਾਅਦ ਮਸਜਿਦ ਦੇ ਪ੍ਰਭਾਵਿਤ ਹਿੱਸੇ ਨੂੰ ਹਟਾਉਣ ਬਾਰੇ ਸਹਿਮਤੀ ਬਣਨ ਦੀ ਗੱਲ ਸਾਹਮਣੇ ਆਈ ਸੀ। ਰਿਪੋਰਟਾਂ ਮੁਤਾਬਕ ਤੈਅ ਹੋਇਆ ਸੀ ਕਿ ਮਸਜਿਦ ਨਾਲ ਸਬੰਧਤ ਲੋਕ ਖੁਦ ਹੀ ਸੜਕ ਚੌੜੀ ਕਰਨ ਦੀ ਹੱਦ ਵਿੱਚ ਆ ਰਹੇ ਹਿੱਸੇ ਨੂੰ ਹਟਾਉਣਗੇ। ਸੋਮਵਾਰ ਸਵੇਰੇ ਇਸ ਪ੍ਰਕਿਰਿਆ ਦੀ ਸ਼ੁਰੂਆਤ ਵੀ ਹੋਈ, ਪਰ ਬਾਅਦ ਵਿੱਚ ਕੁਝ ਲੋਕਾਂ ਬਾਕੀ ਸਫ਼ਾ 7 'ਤੇ

ਸੀਐਮ ਸੈਣੀ ਨੇ ਆਪਣੇ ਸੁਨਾਮ ਦੌਰੇ ਦੌਰਾਨ ਸਰਕਾਰ ਬਣਨ 'ਤੇ ਪੰਜਾਬ ਨੂੰ ਨਸ਼ਾ-ਮੁਕਤ ਕਰਨ ਦਾ ਕੀਤਾ ਅਹਿਦ

ਦੇਸ਼ ਪ੍ਰਦੇਸ਼ ਸੁਨਾਮ ਊਧਮ ਸਿੰਘ ਵਾਲਾ , 28 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨੇ ਕਿਹਾ ਕਿ ਬਾਬਾ ਖਾਟੂ ਸ਼ਿਆਮ ਦੇ ਚਰਨਾਂ ਵਿੱਚ ਸ਼ਰਧਾ ਨਾਲ ਨਤਮਸਤਕ ਹੁੰਦਿਆਂ ਉਹ ਇੱਕ ਪੱਕਾ ਪ੍ਰਣ ਲੈ ਰਹੇ ਹਨ: ਜਿਵੇਂ ਹੀ ਭਾਜਪਾ ਦੀ ਸਰਕਾਰ ਬਣੇਗੀ, ਪੰਜਾਬ ਨੂੰ ਨਸ਼ਿਆਂ ਦੀ ਲਾਹਨਤ ਤੋਂ ਮੁਕਤ ਕਰਵਾਉਣ ਲਈ ਇੱਕ ਮਹੀਨੇ ਦੇ ਅੰਦਰ-ਅੰਦਰ ਠੋਸ ਕਦਮ ਚੁੱਕੇ ਜਾਣਗੇ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਦਾ ਸੁਨਾਮ ਦੌਰਾ; ਸਰਕਾਰ ਬਣਨ ਦੇ ਇੱਕ ਮਹੀਨੇ ਦੇ ਅੰਦਰ ਪੰਜਾਬ ਨੂੰ ਨਸ਼ਾ-ਮੁਕਤ ਕਰਨ ਦਾ ਪ੍ਰਣ। ਸ਼੍ਰੀ ਖਾਟੂ ਸ਼ਿਆਮ ਜੀ ਨੂੰ ਸਮਰਪਿਤ 'ਜਾਗਰਣ' ਵਿੱਚ ਸ਼ਾਮਲ ਹੋਣ ਲਈ ਸੁਨਾਮ ਪਹੁੰਚੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਨੇ ਪੰਜਾਬ ਵਿੱਚੋਂ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਖਤਮ ਕਰਨ ਦਾ ਸੰਕਲਪ ਲਿਆ। ਸੈਣੀ ਨੇ ਕਿਹਾ ਕਿ ਬਾਬਾ ਖਾਟੂ ਸ਼ਿਆਮ ਦੇ ਚਰਨਾਂ ਵਿੱਚ ਸ਼ਰਧਾ ਨਾਲ ਨਤਮਸਤਕ ਹੁੰਦਿਆਂ ਉਹ ਇੱਕ ਪੱਕਾ ਪ੍ਰਣ ਲੈ ਰਹੇ ਹਨ: ਜਿਵੇਂ ਹੀ ਭਾਜਪਾ ਦੀ ਸਰਕਾਰ ਬਣੇਗੀ, ਪੰਜਾਬ ਨੂੰ ਨਸ਼ਿਆਂ ਦੀ ਲਾਹਨਤ ਤੋਂ ਮੁਕਤ ਕਰਵਾਉਣ ਲਈ ਇੱਕ ਮਹੀਨੇ ਦੇ ਅੰਦਰ-ਅੰਦਰ ਠੋਸ ਕਦਮ ਚੁੱਕੇ ਜਾਣਗੇ। ਇਸ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਸਾਂਝਾ ਸੰਕਲਪ ਦੱਸਦਿਆਂ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭਾਜਪਾ ਆਪਣੇ ਵਾਅਦੇ ਪੂਰੇ ਕਰਦੀ ਹੈ

ਅਤੇ ਆਪਣੀਆਂ ਗੱਲਾਂ ਨੂੰ ਜ਼ਮੀਨੀ ਪੱਧਰ 'ਤੇ ਅਮਲ ਵਿੱਚ ਲਿਆਉਂਦੀ ਹੈ। ਸ਼ਹੀਦ-ਏ-ਆਜ਼ਮ ਸਰਦਾਰ ਊਧਮ ਸਿੰਘ ਕੰਬੋਜ ਦੇ ਪਵਿੱਤਰ ਜਨਮ ਸਥਾਨ 'ਤੇ ਨਤਮਸਤਕ ਹੁੰਦਿਆਂ ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਇਹ ਦੇਸ਼ ਦੇ ਸਾਰੇ ਨਾਗਰਿਕਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਜ਼ਿਕਰ ਕੀਤਾ ਕਿ ਸਰਦਾਰ ਊਧਮ ਸਿੰਘ ਨੇ ਜਲਿਆਂਵਾਲਾ ਬਾਗ ਕਾਂਡ ਦਾ ਬਦਲਾ ਲੈਣ ਲਈ 21 ਸਾਲ ਇੰਤਜ਼ਾਰ ਕੀਤਾ ਅਤੇ ਅੰਗਰੇਜ਼ੀ ਹਕੂਮਤ ਨੂੰ ਉਨ੍ਹਾਂ ਦੀ ਆਪਣੀ ਭਾਸ਼ਾ ਵਿੱਚ ਮੂੰਹ-ਤੋੜ ਜਵਾਬ ਦੇਣ ਲਈ ਸਮੁੰਦਰ ਪਾਰ ਸਫ਼ਰ ਕੀਤਾ। ਇਸ ਸਮਾਗਮ ਵਿੱਚ ਮੌਜੂਦ ਭਜਨ ਗਾਇਕ ਕਨ੍ਹਈਆ ਮਿੱਤਲ ਦੁਆਰਾ ਖਾਟੂ ਸ਼ਿਆਮ ਜੀ ਦੀ ਉਸਤਤ ਵਿੱਚ ਗਾਏ ਗਏ ਭਜਨਾਂ ਦੀ ਸ਼ਲਾਘਾ ਕਰਦਿਆਂ, ਮੁੱਖ ਮੰਤਰੀ ਨੇ ਕੇਦਾਰਨਾਥ, ਕਾਸ਼ੀ ਵਿਸ਼ਵਨਾਥ, ਮਹਾਕਾਲੇਸ਼ਵਰ ਅਤੇ ਸੋਮਨਾਥ ਧਾਮ ਵਰਗੇ ਤੀਰਥ ਸਥਾਨਾਂ ਦੇ ਨਵੀਨੀਕਰਨ ਦੇ ਨਾਲ-ਨਾਲ ਕਰਤਾਰਪੁਰ ਸਾਹਿਬ ਲਾਂਘੇ ਦੇ ਨਿਰਮਾਣ ਦਾ ਜ਼ਿਕਰ ਕੀਤਾ। ਨਸ਼ਿਆਂ ਦੀ ਵੱਧ ਰਹੀ ਸਮੱਸਿਆ 'ਤੇ ਚਿੰਤਾ ਪ੍ਰਗਟ ਕਰਦਿਆਂ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਨੌਜਵਾਨਾਂ ਨੂੰ ਇਸ ਦਲਦਲ ਤੋਂ ਦੂਰ ਰੱਖਣ ਅਤੇ ਉਨ੍ਹਾਂ ਨੂੰ ਸਹੀ ਦਿਸ਼ਾ ਵੱਲ ਲਿਜਾਣ ਲਈ ਖੇਡਾਂ ਅਤੇ ਸਿੱਖਿਆ ਨੂੰ ਲਗਾਤਾਰ ਉਤਸ਼ਾਹਿਤ ਕਰ ਰਹੀ ਹੈ। ਇਸ ਮੌਕੇ ਸਾਬਕਾ ਮੰਤਰੀ ਅਸੀਮ ਗੋਇਲ, ਦਮਨ ਬਾਜਵਾ, ਘਨਸ਼ਿਆਮ ਕੰਸਲ, ਸਾਹਿਲ ਬਬਲੂ, ਪ੍ਰਦੀਪ ਮੈਨਨ ਅਤੇ ਹੋਰ ਹਾਜ਼ਰ ਸਨ।

ਅਮਰੀਕੀ ਸਫ਼ੀਰ ਵਫ਼ਦ ਸਮੇਤ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੂਚਨਾ ਕੇਂਦਰ ਵਿਖੇ ਕੀਤਾ ਸਨਮਾਨ

ਦੇਸ਼ ਪ੍ਰਦੇਸ਼ ਅੰਮ੍ਰਿਤਸਰ, 28 ਸਤੰਬਰ (ਮੋਹਕਮ ਸਿੰਘ) : ਅਮਰੀਕੀ ਸਫ਼ੀਰ ਸਰਜੀਓ ਗੋਰ ਨੇ ਅੱਜ 28 ਮੈਂਬਰੀ ਵਫ਼ਦ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਪ੍ਰਤੀ ਆਪਣੀ ਸ਼ਰਧਾ ਪ੍ਰਗਟ ਕੀਤੀ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਅਮਰੀਕੀ ਸਫ਼ੀਰ ਦਾ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ, ਧਾਰਮਿਕ ਪੁਸਤਕਾਂ ਅਤੇ ਲੋਈ ਦੇ ਕੇ ਸਨਮਾਨ ਕੀਤਾ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅਮਰੀਕੀ ਵਫ਼ਦ ਦਾ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਣ 'ਤੇ ਸਵਾਗਤ ਕਰਦਿਆਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਨੁੱਖਤਾ ਲਈ ਅਧਿਆਤਮਕ ਪ੍ਰੇਰਣਾ ਦਾ ਕੇਂਦਰ ਹੈ, ਜਿੱਥੇ ਹਰ ਧਰਮ, ਵਰਗ ਅਤੇ ਦੇਸ਼ ਦੇ ਲੋਕ ਬਿਨਾਂ ਕਿਸੇ ਭੇਦਭਾਵ ਦੇ ਨਤਮਸਤਕ ਹੋਣ ਪੁੱਜਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵਿਚਾਰਧਾਰਾ ਸਮੁੱਚੀ ਮਾਨਵਤਾ ਨੂੰ ਬਰਾਬਰੀ, ਸੇਵਾ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਬੀਤੇ ਦਿਨੀਂ ਅਮਰੀਕਾ ਵਿਚ ਸਿੱਖ ਸ਼ਬਦ ਦਾ ਇਸਤੇਮਾਲ ਕਰਕੇ ਜਾਰੀ ਹੋਏ ਪੋਸਟਰ ਦੇ ਮਾਮਲੇ ਸਬੰਧੀ ਵੀ ਅਮਰੀਕੀ ਵਫ਼ਦ ਨਾਲ ਚਰਚਾ ਕੀਤੀ ਉਨ੍ਹਾਂ ਕਿਹਾ ਕਿ ਭਾਵੇਂ ਸ਼੍ਰੋਮਣੀ ਕਮੇਟੀ

ਬਾਕੀ ਸਫ਼ਾ 7 'ਤੇ

ਸੁਪਰੀਮ ਕੋਰਟ ਨੇ 6ਵੀਂ ਜਮਾਤ ਲਈ ਸੀ ਬੀ ਐਸ ਈ ਦੀ ਤਿੰਨ ਭਾਸ਼ਾ ਨੀਤੀ 'ਤੇ ਲਾਈ ਰੋਕ

ਦੇਸ਼ ਪ੍ਰਦੇਸ਼ ਨਵੀਂ ਦਿੱਲੀ, 28 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਸੁਪਰੀਮ ਕੋਰਟ ਨੇ ਇਸ ਸਾਲ ਸੀਬੀਐਸਈ ਕਲਾਸ 6 ਦੇ ਵਿਦਿਆਰਥੀਆਂ ਨੂੰ ਤੀਜੀ ਭਾਸ਼ਾ ਦੀ ਜ਼ਰੂਰਤ ਤੋਂ ਛੋਟ ਦਿੱਤੀ ਹੈ। ਅਦਾਲਤ ਨੇ ਹੁਕਮ ਦਿੱਤਾ ਹੈ ਕਿ ਇਸ ਸਾਲ ਕਲਾਸ 6 ਦੇ ਵਿਦਿਆਰਥੀਆਂ ਨੂੰ ਮੌਜੂਦਾ ਕਲਾਸ 7 ਦੇ ਵਿਦਿਆਰਥੀਆਂ ਵਾਂਗ ਹੀ ਛੋਟ ਦਿੱਤੀ ਜਾਵੇ। ਇਸਦਾ ਮਤਲਬ ਹੈ ਕਿ ਇਸ ਸਾਲ ਕਲਾਸ 6 ਦੇ ਵਿਦਿਆਰਥੀ ਤੀਜੀ ਭਾਸ਼ਾ ਦੀ ਪੜ੍ਹਾਈ ਕਰਨਗੇ, ਪਰ ਇਸਦਾ ਮੁਲਾਂਕਣ ਸਕੂਲ ਪੱਧਰ 'ਤੇ ਕੀਤਾ ਜਾਵੇਗਾ। ਜਦੋਂ ਉਹ 10ਵੀਂ ਜਮਾਤ ਵਿੱਚ ਜਾਂਦੇ ਹਨ, ਤਾਂ ਵੀ ਉਨ੍ਹਾਂ ਨੂੰ ਤੀਜੀ ਭਾਸ਼ਾ ਲਈ ਬੋਰਡ ਪ੍ਰੀਖਿਆ ਨਹੀਂ ਦੇਣੀ ਪਵੇਗੀ। ਅਦਾਲਤ ਦੇ ਹੁਕਮ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਹੈ ਕਿ ਤਿੰਨ-ਭਾਸ਼ਾ ਨੀਤੀ 2027-28 ਸੈਸ਼ਨ ਤੋਂ ਲਾਗੂ ਕੀਤੀ ਜਾਵੇਗੀ। ਸੁਪਰੀਮ ਕੋਰਟ ਵਿੱਚ ਦਾਇਰ ਪਟੀਸ਼ਨਾਂ ਵਿੱਚ ਕਿਹਾ ਗਿਆ ਸੀ ਕਿ ਨਵੀਂ ਨੀਤੀ ਨੇ ਲੱਖਾਂ ਵਿਦਿਆਰਥੀਆਂ ਨੂੰ ਤੀਜੀ ਭਾਸ਼ਾ ਦੀ ਪੜ੍ਹਾਈ ਕਰਨ ਦੀ ਅਚਾਨਕ ਜ਼ਰੂਰਤ ਪੈਦਾ ਕਰ ਦਿੱਤੀ ਹੈ। ਪਟੀਸ਼ਨਕਰਤਾਵਾਂ ਨੇ ਕਿਹਾ ਕਿ ਕਈ ਥਾਵਾਂ 'ਤੇ ਨਵੀਆਂ ਭਾਸ਼ਾਵਾਂ ਵਿੱਚ ਕਿਤਾਬਾਂ ਵੀ ਉਪਲਬਧ ਨਹੀਂ ਹਨ ਅਤੇ ਕਾਫ਼ੀ ਅਧਿਆਪਕ ਨਹੀਂ ਹਨ। 20 ਅਗਸਤ ਨੂੰ ਹੋਈ ਸੁਣਵਾਈ ਦੌਰਾਨ ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਤਿੰਨ ਜੱਜਾਂ ਦੇ ਬੈਂਚ ਨੇ ਵਿਦਿਆਰਥੀਆਂ ਨੂੰ ਦਰਪੇਸ਼ ਮੁਸ਼ਕਲਾਂ 'ਤੇ ਚਿੰਤਾ ਪ੍ਰਗਟ ਕੀਤੀ। ਬਾਕੀ ਸਫ਼ਾ 7 'ਤੇ

ਪੁਲਿਸ ਅਧਿਕਾਰੀਆਂ ਖ਼ਿਲਾਫ਼ ਵਿਜੀਲੈਂਸ ਕਾਰਵਾਈ ਨੇ ਧਰਮਕੋਟ 'ਚ ਭ੍ਰਿਸ਼ਟਾਚਾਰ ਦੀ ਸਥਿਤੀ 'ਤੇ ਖੜ੍ਹੇ ਕੀਤੇ ਸਵਾਲ: ਮੱਖਣ ਬਰਾੜ

ਹਲਕੇ 'ਚ ਨਸ਼ਾ ਨਾ ਆਉਣ ਦੇਣ ਦੀ ਸਹੁੰ ਚੁੱਕਣ ਵਾਲੇ ਹੁਣ ਜ਼ਮੀਨੀ ਹਕੀਕਤ ਦਾ ਜਵਾਬ ਦੇਣ : ਭੁੱਲਰ

ਦੇਸ਼ ਪ੍ਰਦੇਸ਼ ਮੋਗਾ, 28 ਸਤੰਬਰ (ਜਗਰਾਜ ਸਿੰਘ ਸੰਘਾ) : ਸ਼੍ਰੋਮਣੀ ਅਕਾਲੀ ਦਲ ਹਲਕਾ ਧਰਮਕੋਟ ਦੇ ਇੰਚਾਰਜ ਸ. ਬਰਜਿੰਦਰ ਸਿੰਘ ਮੱਖਣ ਬਰਾੜ ਵੱਲੋਂ ਆਪਣੀ ਰਿਹਾਇਸ਼ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਦੀ ਅਗਵਾਈ ਹੇਠ ਇੱਕ ਅਹਿਮ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਦੌਰਾਨ ਉਨ੍ਹਾਂ ਹਲਕਾ ਧਰਮਕੋਟ ਵਿੱਚ ਪਿਛਲੇ ਸਮੇਂ ਦੌਰਾਨ ਪੁਲਿਸ ਅਧਿਕਾਰੀਆਂ ਖ਼ਿਲਾਫ਼ ਵਿਜੀਲੈਂਸ ਬਿਊਰੋ ਵੱਲੋਂ ਕੀਤੀਆਂ ਕਾਰਵਾਈਆਂ ਅਤੇ ਹਲਕੇ ਵਿੱਚ ਨਸ਼ਿਆਂ ਦੀ ਗੰਭੀਰ ਸਮੱਸਿਆ ਨੂੰ ਲੈ ਕੇ ਸਰਕਾਰ ਅਤੇ ਪ੍ਰਸ਼ਾਸਨ 'ਤੇ ਸਵਾਲ ਉਠਾਏ। ਮੱਖਣ ਬਰਾੜ ਨੇ ਕਿਹਾ ਕਿ ਹਲਕਾ ਧਰਮਕੋਟ ਨਾਲ ਸਬੰਧਤ ਥਾਣਿਆਂ ਵਿੱਚ ਤਾਇਨਾਤ ਰਹੇ ਤਿੰਨ ਇੰਸਪੈਕਟਰਾਂ ਖ਼ਿਲਾਫ਼ ਵੱਖ-ਵੱਖ ਸਮਿਆਂ ਦੌਰਾਨ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿੱਚ ਕਾਰਵਾਈ ਹੋਣਾ ਬਹੁਤ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਘਟਨਾਵਾਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਅਤੇ ਲੋਕਾਂ ਨੂੰ ਇਹ ਜਵਾਬ

ਮਿਲਣਾ ਚਾਹੀਦਾ ਹੈ ਕਿ ਪੁਲਿਸ ਪ੍ਰਸ਼ਾਸਨ ਵਿੱਚ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਕੀ ਠੋਸ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਾਲ 2023 ਵਿੱਚ ਥਾਣਾ ਧਰਮਕੋਟ ਦੇ ਤਤਕਾਲੀ ਇੰਸਪੈਕਟਰ ਗੁਰਵਿੰਦਰ ਸਿੰਘ ਭੁੱਲਰ ਖ਼ਲਾਫ਼ ਬਾਕੀ ਸਫ਼ਾ 7 'ਤੇ

ਸੀ.ਪੀ.ਆਈ(ਐਮ) ਵੱਲੋਂ ਕੋਟ ਈਸੇ ਖਾਂ ਵਿਖੇ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕਿਆ

ਦੇਸ਼ ਪ੍ਰਦੇਸ਼ ਕੋਟ ਈਸੇ ਖਾਂ, 28 ਸਤੰਬਰ (ਸੰਜੀਵ ਸੂਦ) : ਸੀ.ਪੀ.ਆਈ (ਐਮ)ਜ਼ਿਲ੍ਹਾ ਮੋਗਾ ਵੱਲੋਂ ਕੋਟ ਈਸੇ ਖਾਂ ਦੇ ਮੇਨ ਚੌਕ ਵਿੱਚ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਿਆ ਗਿਆ। ਇਸ ਸਮੇਂ ਕਾਮਰੇਡ ਸੁਰਜੀਤ ਸਿੰਘ ਗਗੜਾ ਸੂਬਾ ਕਮੇਟੀ ਮੈਂਬਰ,ਕਾਮਰੇਡ ਸਚਿਨ ਵਡੇਰਾ ਜਿਲ੍ਹਾ ਸਕੱਤਰ ਅਤੇ ਕਾਮਰੇਡ ਰਾਮ ਕ੍ਰਿਸ਼ਨ ਧਰਮਕੋ

ਸੀ ਆਈ ਏ ਸਟਾਫ ਮੋਗਾ ਵੱਲੋਂ 12 ਕਿੱਲੋਗ੍ਰਾਮ ਹੈਰੋਇਨ ਸਮੇਤ 3 ਨਸ਼ਾ ਤਸਕਰ ਕਾਬੂ

ਮੋਗਾ, 28 ਸਤੰਬਰ (ਜਗਰਾਜ ਸਿੰਘ ਸੰਘਾ): ਸ੍ਰੀ ਸਰਤਾਜ ਸਿੰਘ ਚਾਹਲ ਸੀਨੀਅਰ ਕਪਤਾਨ ਪੁਲਿਸ, ਮੋਗਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਿਸ ਮੋਗਾ ਵੱਲੋਂ ਨਸ਼ਾ ਤਸਕਰਾਂ ਖ਼ ?ਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ 03 ਦੋਸ਼ੀਆਨ ਨੂੰ ਗ੍ਰਿਫ਼ਤਾਰ ਕਰਕੇ 12 ਕਿੱਲੋਗ੍ਰਾਮ ਹੈਰੋਇਨ ਬਰਾਮਦ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਗਈ ਹੈ। ਸ੍ਰੀ ਚਾਹਲ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਨਯੋਗ ਡੀ.ਜੀ.ਪੀ. ਪੰਜਾਬ ਵੱਲੋਂ ਨਸ਼ਾ ਤਸਕਰਾਂ ਖ਼ ?ਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਸ੍ਰੀਮਤੀ ਨੀਲਾਂਬਰੀ ਜਗਦਲੇ ਵਿਜੇ, ਆਈ.ਪੀ.ਐਸ. ਆਈ.ਜੀ. ਫਰੀਦਕੋਟ ਰੇਂਜ ਅਤੇ ਉਹਨਾਂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ੍ਰੀ ਅਜੈਰਾਜ ਸਿੰਘ, ਪੀ.ਪੀ.ਐਸ., ਐਸ.ਪੀ. (ਇਨਵੈਸਟੀਗੇਸ਼ਨ) ਮੋਗਾ ਜੀ ਦੀ ਸੁਪਰਵੀਜ਼ਨ ਅਤੇ ਸ੍ਰੀ ਜਤਿੰਦਰ ਸਿੰਘ ਸਿੰਘ, ਪੀ.ਪੀ.ਐਸ.ਡੀ.ਐੱਸ.ਪੀ. (ਡੀ) ਮੋਗਾ ਜੀ ਦੀ ਅਗਵਾਈ ਹੇਠ ਸੀ.ਆਈ.ਏ ਸਟਾਫ ਦੀ ਪੁਲਿਸ ਟੀਮ ਵੱਲੋਂ ਇਲਾਕੇ ਵਿੱਚ ਗਸ਼ਤ ਅਤੇ ਨਸ਼ਾ ਤਸਕਰਾਂ ਖ਼ ?ਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਸੀ। ਮਿਤੀ 25-09-2026 ਨੂੰ ਏ ਐਸ ਆਈ ਲਵਜੀਤ ਸਿੰਘ ਸਮੇਤ ਪੁਲਿਸ ਪਾਰਟੀ ਦੇ ਦੌਰਾਨੇ ਗਸ਼ਤ ਕਸਬਾ ਅਜੀਤਵਾਲ ਬੱਸ ਅੱਡਾ ਪੁੱਜੀ ਤਾ ਮੁਖਬਰ ਖਾਸ ਨੇ ਏ ਐਸ ਆਈ ਲਵਜੀਤ ਸਿੰਘਨੂੰ ਇਤਲਾਹ ਦਿੱਤੀ ਕਿ ਸੋਲਵ ਸਿੰਘ ਉਰਫ ਜਾਨੀ ਪੁੱਤਰ ਗੁਰਮੇਜ ਸਿੰਘ ਵਾਸੀ ਪੀਰੇ ਕੇ ਉਤਾੜ,ਥਾਣਾ ਅਮੀਰ ਖਾਸ ਜਿਲ੍ਹਾ ਫਾਜਿਲਕਾ ਅਤੇ ਬਲਜਿੰਦਰ ਸਿੰਘ ਉਰਫ ਲਵਲੀ ਪੁੱਤਰ ਸ਼ਿੰਦਰ ਸਿੰਘ ਵਾਸੀ ਵਾਸੀ ਪੀਰੇ ਕੇ ਉਤਾੜ,ਥਾਣਾ ਅਮੀਰ ਖਾਸ ਜਿਲ੍ਹਾ ਫਾਜਿਲਕਾ ਜੋ ਰਲ ਕੇ ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ ਜੋ ਇਤਲਾਹ ਠੋਸ ਅਤੇ ਭਰੋਸੇਯੋਗ ਹੋਣ ਕਰਕੇ ਸੋਲਵ ਸਿੰਘ ਉਰਫ ਜਾਨੀ, ਬਲਜਿੰਦਰ ਸਿੰਘ ਉਰਫ ਲਵਲੀ, ਮਨਪ੍ਰੀਤ ਸਿੰਘ ਉਰਫ ਗੋਨੀ ਉਕਤਾਨ ਖਿਲਾਫ ਮੁਕੱਦਮਾ ਨੰਬਰ 154 ਮਿਤੀ 25-09-2026 ਅ/ਧ 21/29/61/85 ਥਾਣਾ ਅਜੀਤਵਾਲ ਵਿਖੇ ਦਰਜ ਕਰਕੇ ਅਗਲੀ ਤਫਤੀਸ਼ ਦੌਰਾਨ ਏ ਐਸ ਆਈ ਜਸਵੰਤ ਸਿੰਘ ਨੇ ਸਮੇਤ ਸਾਥੀ ਕਰਮਚਾਰੀਆਂ ਦੇ ਮੁਖਬਰ ਵੱਲੋਂ ਦੱਸੀ ਜਗਹਾ ਦਾਣਾ ਮੰਡੀ ਅਜੀਤਵਾਲ ਰੇਡ ਕਰਕੇ ਦੋਸ਼ੀਆਨ ਸੋਲਵ ਸਿੰਘ ਉਰਫ ਜਾਨੀ, ਬਲਜਿੰਦਰ ਸਿੰਘ ਉਰਫ ਲਵਲੀ,ਮਨਪ੍ਰੀਤ ਸਿੰਘ ਉਰਫ ਗੋਨੀ ਉਤਕਾਨ ਨੂੰ ਕਾਬੂ ਕਰਕੇ ਸ਼੍ਰੀ ਜਤਿੰਦਰ ਸਿੰਘ ਉਪ ਕਪਤਾਨ ਪੁਲਿਸ (ਡੀ) ਮੋਗਾ ਜੀ ਦੀ ਹਾਜਰੀ ਵਿੱਚ ਦੋਸ਼ੀਆਨ ਦੇ ਕਬਜਾ ਵਿਚਲੀ ਕਾਰ ਸਵਿਫਟ ਰੰਗ ਚਿੱਟਾ ਬਿਨਾ ਨੰਬਰ ਦੇ ਕੰਡਕਟਰ ਸਾਇਡ ਸੀਟ ਦੇ ਪੈਰਾ ਵਾਲੀ ਜਗ ?ਾ ਤੋ ਇੱਕ ਬੈਗ ਰੰਗ ਨੀਲਾ ਵਿੱਚੋ 12 ਕਿੱਲੋਗ੍ਰਾਮ ਹੈਰੋਇਨ ਸਮੇਤ ਪਾਰਦਰਸੀ ਮੋਮੀ ਲਿਫਾਫਾ ਬਰਾਮਦ ਕਰਕੇ ਦੋਸ਼ੀਆਨ ਸੋਲਵ ਸਿੰਘ ਉਰਫ ਜਾਨੀ, ਬਲਜਿੰਦਰ ਸਿੰਘ ਉਰਫ ਲਵਲੀ, ਮਨਪ੍ਰੀਤ ਸਿੰਘ ਉਰਫ ਗੋਨੀ ਉਕਤਾਨ ਨੂੰ ਮੁਕੱਦਮਾ ਹਜਾ ਵਿੱਚ ਗ੍ਰਿਫਤਾਰ ਕੀਤਾ।

ਵੋਟਰ ਸੂਚੀਆਂ 'ਚ ਗੜਬੜੀਆਂ ਨੂੰ ਲੈ ਕੇ ਐਫ.ਆਈ.ਆਰ. ਦਰਜ ਹੋਵੇ:ਹਰਦਿਆਲ ਕੰਬੋਜ਼

ਪਟਿਆਲਾ, 28 ਸਤੰਬਰ (ਰਾਜਿੰਦਰ ਸਿੰਘ ਥਿੰਦ): ਜਿਲਾ ਕਾਂਗਰਸ ਪਟਿਆਲਾ ਦਿਹਾਤੀ ਤੇ ਸ਼ਹਿਰੀ ਵੱਲੋਂ ਵੋਟ ਚੋਰੀ ਦੇ ਖਿਲਾਫ ਦਿੱਤੇ ਧਰਨੇ ਮੌਕੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਅਹੁਦੇ ਤੋਂ ਹਟਾਉਣ ਅਤੇ ਉਨ੍ਹਾਂ ਖ਼ਲਾਫ਼ ਐਫ.ਆਈ.ਆਰ. ਦਰਜ ਕਰਨ ਦੀ ਮੰਗ ਕੀਤੀ ਹੈ। ਰਾਸ਼ਟਰਪਤੀ ਨੂੰ ਸੰਬੋਧਿਤ ਇੱਕ ਮੰਗ ਪੱਤਰ ਵਿੱਚ ਕੰਬੋਜ ਨੇ ਦੋਸ਼ ਲਾਇਆ ਕਿ ਕੁਮਾਰ ਨੇ ਚੋਣ ਪ੍ਰਕਿਰਿਆ ਨੂੰ ਖਰਾਬ ਕੀਤਾ ਅਤੇ ਨੁਕਸਾਨ ਪਹੁੰਚਾਇਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਵੋਟਰ ਸੂਚੀਆਂ ਵਿੱਚੋਂ ਨਾਂ ਕੱਟ ਕੇ ਇਕੱਲੇ ਦਮ 'ਤੇ ਹੀ 13.8 ਕਰੋੜ ਵੋਟਰਾਂ ਨੂੰ ਵੋਟ ਦੇ ਅਧਿਕਾਰ ਤੋਂ ਵਾਂਝਾ ਕਰ ਦਿੱਤਾ ਗਿਆ ਹੈ। ਇਸ ਮੌਕੇ ਉਹਨਾਂ ਨੇ ਕਿਹਾ ਕਿ ਵੋਟਾਂ ਕੱਟਣ ਦਾ ਇਹ ਅੰਕੜਾ ਦੇਸ਼ ਦੇ ਕੁੱਲ ਵੋਟਰਾਂ ਦਾ ਲਗਭਗ 15 ਫ਼ੀਸਦੀ ਬਣਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਜਿਨ੍ਹਾਂ ਵੋਟਰਾਂ ਦੇ ਨਾਂ ਕੱਟੇ ਗਏ ਹਨ, ਉਨ੍ਹਾਂ ਨੂੰ ਆਪਣਾ ਪੱਖ ਰੱਖਣ ਅਤੇ ਆਪਣੇ ਵੋਟ ਦੇ ਅਧਿਕਾਰ ਦੀ ਰਾਖੀ ਕਰਨ ਦਾ ਢੁਕਵਾਂ ਮੌਕਾ ਨਹੀਂ ਦਿੱਤਾ ਗਿਆ। ਉਨ੍ਹਾਂ ਵੋਟਾਂ ਕੱਟੇ ਜਾਣ ਦੇ ਇਸ ਪੈਮਾਨੇ ਨੂੰ ÷ਬੇਮਿਸਾਲ÷ ਦੱਸਿਆ ਅਤੇ ਕਿਹਾ ਕਿ ਇਸ ਮਸਲੇ ਨੇ ਭਾਰਤ ਦੀ ਚੋਣ ਪ੍ਰਕਿਰਿਆ ਦੀ ਭਰੋਸੇਯੋਗਤਾ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਇਸ ਮੌਕੇ ਹਰਦਿਆਲ ਸਿੰਘ ਕੰਬੋਜ ਸਾਬਕਾ ਵਿਧਾਇਕ ਨੇ ਅੱਗੇ ਦੋਸ਼ ਲਾਇਆ ਕਿ ਕੁਮਾਰ ਦੀ ਅਗਵਾਈ ਹੇਠਲਾ ਚੋਣ ਕਮਿਸ਼ਨ ਚੋਣਾਂ ਚੋਰੀ ਕਰਨ ਲਈ ਕੇਂਦਰ ਸਰਕਾਰ ਨਾਲ ਮਿਲੀਭੁਗਤ ਕਰਕੇ ਕੰਮ ਕਰ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਨੇ ਆਪਣੇ ਦੋਸ਼ਾਂ ਦੇ ਸਮਰਥਨ ਵਿੱਚ ਸਬੂਤ ਵੀ ਮੁਹੱਈਆ ਕਰਵਾਏ ਹਨ। ਕਾਂਗਰਸੀ ਆਗੂ ਨੇ ਗਣਰਾਜ ਦੇ ਮੁਖੀ ਵਜੋਂ ਰਾਸ਼ਟਰਪਤੀ ਮੁਰਮੂ ਨੂੰ ਅਪੀਲ ਕੀਤੀ ਕਿ ਉਹ ਤੁਰੰਤ ਦਖ਼ਲ ਦੇ ਕੇ ਕੁਮਾਰ ਨੂੰ ਮੁੱਖ ਚੋਣ ਕਮਿਸ਼ਨਰ ਦੇ ਅਹੁਦੇ ਤੋਂ ਹਟਾਉਣ ਦੇ ਨਾਲ-ਨਾਲ ਉਨ੍ਹਾਂ ਖ਼ਲਾਫ਼ ਐਫ.ਆਈ.ਆਰ. ਦਰਜ ਕਰਨ ਅਤੇ ਜਾਂਚ ਕਰਵਾਉਣ ਦੇ ਹੁਕਮ ਦੇਣ। ਉਨ੍ਹਾਂ ਆਖਿਆ ਕਿ ਇਹ ਕਾਰਵਾਈ ਨਾ ਸਿਰਫ਼ ਮੌਜੂਦਾ ਹਾਲਾਤਾਂ ਵਿੱਚ ਜ਼ਰੂਰੀ ਹੈ, ਸਗੋਂ ਭਵਿੱਖ ਦੇ ਮੁੱਖ ਚੋਣ ਕਮਿਸ਼ਨਰਾਂ ਲਈ ਵੀ ਇੱਕ ਮਿਸਾਲ ਕਾਇਮ ਕਰੇਗੀ ਤਾਂ ਜੋ ਉਹ ਸਮੇਂ ਦੀ ਸਰਕਾਰ ਪ੍ਰਤੀ ਵਫ਼ਾਦਾਰ ਰਹਿਣ ਦੀ ਬਜਾਏ ਨਿਰਪੱਖ ਰਹਿਣ ਅਤੇ ਦੇਸ਼ ਦੇ ਸੰਵਿਧਾਨ ਪ੍ਰਤੀ ਜਵਾਬਦੇਹ ਹੋਣ। ਇਸ ਮੌਕੇ ਹਰਿੰਦਰ ਪਾਲ ਸਿੰਘ ਹੈਰੀਮਾਨ, ਨਿਰਮਲ ਸਿੰਘ ਭੁੱਟੀਆ,ਗੌਰਵ ਸੰਧੂ ਹਰਵਿੰਦਰ ਸਿੰਘ ਖਨੌੜਾ, ਨਛੱਤਰ ਸਿੰਘ ਅਰਾਈਮਾਜਰਾ, ਅਮਰਜੀਤ ਸਿੰਘ ਘੱਗਾ, ਰਛਪਾਲ ਸਿੰਘ ਜੌੜਾਮਾਜਰਾ, ਦਰਬਾਰਾ ਸਿੰਘ ਵਣਵਾਲਾ, ਕੁਲਵਿੰਦਰ ਸਿੰਘ ਅਰਨੌਂ, ਐਡਵੋਕੇਟ ਕਰਮਜੀਤ ਚੌਧਰੀ, ਗੁਰਪ੍ਰੀਤ ਸਿੰਘ ਸੰਧੂ, ਨੈਬ ਸਿੰਘ ਭਾਂਨਰੀ,ਅਤੇ ਹੋਰ ਸੈਂਕੜੇ ਵਰਕਰ ਅਤੇ ਕਈ ਸੀਨੀਅਰ ਆਗੂ ਹਾਜ਼ਰ ਸਨ।

ਪਿੰਡ ਪਥਰਾਲਾ ਨੇੜੇ ਬਠਿੰਡਾ-ਬੀਕਾਨੇਰ ਰੇਲਵੇ ਲਾਈਨ ਕੋਲੋਂ ਅਣਪਛਾਤੇ ਵਿਅਕਤੀ ਦੀ ਲਾਸ਼ ਬਰਾਮਦ

ਗਿੱਦੜਬਾਹਾ, 28 ਸਤੰਬਰ (ਕੁਲਦੀਪ ਜਿੰਦਲ): ਬਠਿੰਡਾ-ਡੱਬਵਾਲੀ ਨੈਸ਼ਨਲ ਹਾਈਵੇਅ 'ਤੇ ਪੈਂਦੇ ਪਿੰਡ ਪਥਰਾਲਾ ਨੇੜੇ ਬਠਿੰਡਾ-ਬੀਕਾਨੇਰ ਰੇਲਵੇ ਲਾਈਨ ਕੋਲੋਂ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲਣ ਨਾਲ ਇਲਾਕੇ ਵਿੱਚ ਚਰਚਾ ਫੈਲ ਗਈ । ਇਸ ਸਬੰਧੀ ਜਾਣਕਾਰੀ ਦਿੰਦਿਆਂ ਜੀ.ਆਰ.ਪੀ. ਚੌਕੀ ਸੰਗਤ ਦੇ ਹੌਲਦਾਰ ਗਗਨਦੀਪ ਸਿੰਘ ਨੇ ਦੱਸਿਆ ਕਿ ਮ੍ਰਿਤਕ ਵਿਅਕਤੀ ਕੋਲੋਂ ਅਜਿਹਾ ਕੋਈ ਦਸਤਾਵੇਜ਼ ਜਾਂ ਵਸਤੂ ਨਹੀਂ ਮਿਲੀ, ਜਿਸ ਰਾਹੀਂ ਉਸ ਦੀ ਪਛਾਣ ਹੋ ਸਕੇ। ਮੁੱਢਲੀ ਜਾਂਚ ਦੌਰਾਨ ਇਹ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਵਿਅਕਤੀ ਦੀ ਮੌਤ ਚੱਲਦੀ ਰੇਲਗੱਡੀ ਤੋਂ ਡਿੱਗਣ ਕਾਰਨ ਹੋਈ ਹੋ ਸਕਦੀ ਹੈ ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਉਮਰ ਕਰੀਬ 38-40 ਸਾਲ ਦੇ ਲੱਗਦੀ ਹੈ। ਉਸ ਨੇ ਲਾਲ, ਕਾਲੀ ਅਤੇ ਪੀਲੀ ਰੰਗ ਦੀ ਟੀ-ਸ਼ਰਟ ਅਤੇ ਸਲੇਟੀ ਤੇ ਚਿੱਟੀਆਂ ਧਾਰੀਆਂ ਵਾਲੀ ਕੈਪਰੀ ਪਹਿਨੀ ਹੋਈ ਹੈ। ਉਸ ਦੀ ਸੱਜੀ ਬਾਂਹ 'ਤੇ ਕਿਸੇ ਮਹਾਤਮਾ ਦਾ ਵੱਡਾ ਸਾਰਾ ਚਿੱਤਰ ਟੈਟੂ ਦੇ ਰੂਪ ਵਿੱਚ ਬਣਿਆ ਹੋਇਆ ਹੈ, ਜੋ ਉਸ ਦੀ ਪਛਾਣ ਕਰਨ ਵਿੱਚ ਮਹੱਤਵਪੂਰਨ ਸੁਰਾਗ ਬਣ ਸਕਦਾ ਹੈ ਹੌਲਦਾਰ ਗਗਨਦੀਪ ਸਿੰਘ ਨੇ ਦੱਸਿਆ ਕਿ ਲਾਸ਼ ਦੀ ਪਛਾਣ ਨਾ ਹੋਣ ਕਾਰਨ ਮੰਡੀ ਡੱਬਵਾਲੀ ਐਂਬੂਲੈਂਸ ਟਰੱਸਟ ਦੇ ਹਰਪ੍ਰੀਤ ਸਿੰਘ ਦੀ ਮਦਦ ਨਾਲ ਲਾਸ਼ ਨੂੰ ਬਠਿੰਡਾ ਦੇ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ 72 ਘੰਟਿਆਂ ਲਈ ਰੱਖਿਆ ਗਿਆ ਹੈ। ਪੁਲਿਸ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਜੇਕਰ ਕੋਈ ਵਿਅਕਤੀ ਉਪਰੋਕਤ ਹੁਲੀਏ ਜਾਂ ਟੈਟੂ ਦੇ ਆਧਾਰ 'ਤੇ ਮ੍ਰਿਤਕ ਦੀ ਪਛਾਣ ਕਰ ਸਕਦਾ ਹੈ ਤਾਂ ਉਹ ਜੀ.ਆਰ.ਪੀ. ਥਾਣਾ ਸੰਗਤ ਦੇ ਹੌਲਦਾਰ ਗਗਨਦੀਪ ਸਿੰਘ ਨਾਲ 9779-710039 'ਤੇ ਸੰਪਰਕ ਕਰੇ।

ਪਿੰਡ ਕੁਰੜ ਵਿਚ ਮੁਫਤ ਆਯੁਰਵੈਦਿਕ ਤੇ ਹੋਮਿਓਪੈਥਿਕ ਮੈਡੀਕਲ ਕੈਂਪ ਲਾਇਆ

ਬਰਨਾਲਾ, 28 ਸਤੰਬਰ (ਅਵਤਾਰ ਸਿੰਘ ਫਰਵਾਹੀ): ਪ੍ਰਮੁੱਖ ਸਕੱਤਰ ਸਿਹਤ ਅਤੇ ਪਰਿਵਾਰ ਭਲਾਈ ਪੰਜਾਬ ਕੁਮਾਰ ਰਾਹੁਲ ਦੇ ਦਿਸ਼ਾ ਨਿਰਦੇਸ਼ਾਂ, ਡਾਇਰੈਕਟਰ ਆਯੁਰਵੈਦਾ ਪੰਜਾਬ ਡਾ ਲ. ਰਮਨ ਖੰਨਾ ਅਤੇ ਡਾਇਰੈਕਟਰ ਹੋਮਿਓਪੈਥੀ ਪੰਜਾਬ ਡਾ. ਹਰਿਦਰਪਾਲ ਸਿੰਘ ਦੇ ਹੁਕਮਾਂ ਅਨੁਸਾਰ ਮੁਫਤ ਆਯੁਰਵੈਦਿਕ ਅਤੇ ਹੋਮਿਓਪੈਥਿਕ ਮੈਡੀਕਲ ਕੈਂਪ ਲਾਏ ਜਾ ਰਹੇ ਹਨ। ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ ਡਾ. ਅਮਨ ਕੌਸ਼ਲ ਜੀ ਅਤੇ ਜ਼ਿਲ੍ਹਾ ਹੋਮਿਓਪੈਥੀ ਅਫਸਰ ਡਾ. ਰਾਜੀਵ ਜਿੰਦੀਆ ਨੇ ਦਸਿਆ ਕਿ ਵੱਡਾ ਗੁਰਦੁਆਰਾ ਸਾਹਿਬ ਪਿੰਡ ਕੁਰੜ ਵਿਖੇ ਮੁਫਤ ਆਯੁਰਵੈਦਿਕ ਅਤੇ ਹੋਮਿਓਪੈਥਿਕ ਮੈਡੀਕਲ ਕੈਂਪ ਲਾਇਆ ਗਿਆ। ਇਸ ਤੋਂ ਪਹਿਲਾਂ ਗੁਰਦੁਆਰਾ ਜੰਡਸਰ ਸਾਹਿਬ ਠੁੱਲੀਵਾਲ ਵਿਖੇ ਕੈਂਪ ਲਾਇਆ ਗਿਆ। ਕੁਰੜ ਕੈਂਪ ਦੌਰਾਨ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੇ ਆਪਣੀ ਸਿਹਤ ਦੀ ਜਾਂਚ ਕਰਵਾਈ ਅਤੇ ਇਸ ਕੈਂਪ ਦਾ ਰਸਮੀ ਉਦਘਾਟਨ ਸਮੂਹ ਨਗਰ ਪੰਚਾਇਤ ਕੁਰੜ ਅਤੇ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ ਬਰਨਾਲਾ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਤੋਂ ਬਾਅਦ ਕੈਂਪ ਦੀ ਸ਼ੁਰੂਆਤ ਕਰਦਿਆਂ ਵੱਖ-ਵੱਖ ਮਾਹਿਰ ਡਾਕਟਰਾਂ ਦੀ ਟੀਮਾਂ ਨੇ ਉੱਥੇ ਪਹੁੰਚੇ ਮਰੀਜ਼ਾਂ ਦਾ ਬਹੁਤ ਹੀ ਬਰੀਕੀ ਨਾਲ ਸਿਹਤ ਨਿਰੀਖਣ ਕੀਤਾ ਅਤੇ ਇਸ ਪੂਰੇ ਦਿਨ ਦੌਰਾਨ ਚੱਲੇ ਇਸ ਮੈਡੀਕਲ ਕੈਂਪ ਵਿੱਚ ਕੁੱਲ 568 ਮਰੀਜ਼ਾਂ ਦੀ ਸਿਹਤ ਦੀ ਜਾਂਚ ਕਰਕੇ ਉਹਨਾਂ ਨੂੰ ਬਿਲਕੁਲ ਮੁਫਤ ਦਵਾਈਆਂ ਦਿੱਤੀਆਂ ਗਈਆਂ, ਅੰਤ ਵਿੱਚ ਕੈਂਪ ਦੇ ਨੋਡਲ ਅਫਸਰ ਅਮਨਦੀਪ ਸਿੰਘ ਏ ਐਮ ਓ ਵੱਲੋਂ ਇਸ ਕੈਂਪ ਵਿੱਚ ਵਿਸ਼ੇਸ਼ ਤੌਰ ਉਤੇ ਪਹੁੰਚੇ ਪਤਵੰਤਿਆਂ ਦਾ ਕੈਂਪ ਨੂੰ ਸਫਲ ਬਣਾਉਣ ਵਿੱਚ ਦਿੱਤੇ ਗਏ ਭਰਪੂਰ ਸਹਿਯੋਗ ਬਦਲੇ ਧੰਨਵਾਦ ਕੀਤਾ।

ਐਸ ਬੀ ਐਸ ਸਕੂਲ ਸੁਰਜੀਤਪੁਰਾ ਵਿਖੇ ਸ਼ਹੀਦ ਭਗਤ ਸਿੰਘ ਜੀ ਦਾ ਜਨਮ ਮਨਾਇਆ

ਬਰਨਾਲਾ, 28 (ਅਵਤਾਰ ਸਿੰਘ ਫਰਵਾਹੀ): ਐਸਬੀਐਸ ਪਬਲਿਕ ਸਕੂਲ ਸੁਰਜੀਤਪੁਰਾ ਵਿਖੇ ਮਹਾਨ ਕ੍ਰਾਂਤੀਕਾਰੀ ਅਤੇ ਦੇਸ਼ ਦੇ ਅਮਰ ਸ਼ਹੀਦ ਸ. ਭਗਤ ਸਿੰਘ ਜੀ ਦਾ ਜਨਮ ਦਿਹਾੜਾ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਵੱਲੋਂ ਸ਼ਹੀਦ ਭਗਤ ਸਿੰਘ ਜੀ ਦੇ ਜੀਵਨ, ਦੇਸ਼ ਦੀ ਆਜ਼ਾਦੀ ਲਈ ਉਨ੍ਹਾਂ ਦੇ ਸੰਘਰਸ਼ ਅਤੇ ਦੇਸ਼-ਭਗਤੀ ਦੀ ਭਾਵਨਾ ਨੂੰ ਦਰਸਾਉਂਦੇ ਭਾਸ਼ਣ, ਕਵਿਤਾਵਾਂ ਅਤੇ ਹੋਰ ਗਤੀਵਿਧੀਆਂ ਪੇਸ਼ ਕੀਤੀਆਂ ਗਈਆਂ। ਵਿਦਿਆਰਥੀਆਂ ਨੇ ਭਗਤ ਸਿੰਘ ਜੀ ਦੇ ਵਿਚਾਰਾਂ ਅਤੇ ਕੁਰਬਾਨੀ ਤੋਂ ਪ੍ਰੇਰਣਾ ਲੈਣ ਦਾ ਸੰਦੇਸ਼ ਦਿੱਤਾ। ਸਮਾਗਮ ਦੌਰਾਨ ਵਿਦਿਆਰਥੀਆਂ ਲਈ ਕੁਇਜ਼, ਭਾਸ਼ਣ ਅਤੇ ਕਵਿਤਾ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੇ ਭਗਤ ਸਿੰਘ ਜੀ ਦੇ ਜੀਵਨ, ਉਨ੍ਹਾਂ ਦੇ ਵਿਚਾਰਾਂ, ਸੰਘਰਸ਼ ਅਤੇ ਆਜ਼ਾਦੀ ਦੀ ਲਹਿਰ ਨਾਲ ਸਬੰਧਤ ਜਾਣਕਾਰੀ ਸਾਂਝੀ ਕਰਦਿਆਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਕਮਲਜੀਤ ਕੌਰ ਨੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਦੇਸ਼ ਦੇ ਮਹਾਨ ਆਜ਼ਾਦੀ ਘੁਲਾਟੀਆਂ ਦੇ ਜੀਵਨ ਅਤੇ ਕੁਰਬਾਨੀਆਂ ਨਾਲ ਜੋੜਦੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਗਤ ਸਿੰਘ ਜੀ ਦੇ ਦੇਸ਼ਪ੍ਰੇਮ, ਹਿੰਮਤ, ਮਿਹਨਤ ਅਤੇ ਨਿਸ਼ਕਾਮ ਭਾਵਨਾ ਤੋਂ ਪ੍ਰੇਰਣਾ ਲੈਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਮੈਡਮ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ ਜੀ ਦੀ ਦੇਸ਼-ਭਗਤੀ, ਨਿਡਰਤਾ ਅਤੇ ਕੁਰਬਾਨੀ ਸਾਡੇ ਸਾਰਿਆਂ ਲਈ ਪ੍ਰੇਰਣਾ ਦਾ ਸਰੋਤ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦੇਸ਼ ਪ੍ਰਤੀ ਆਪਣੇ ਫਰਜ਼ਾਂ ਨੂੰ ਸਮਝਣ ਅਤੇ ਮਹਾਨ ਸ਼ਹੀਦਾਂ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।

ਸ਼ਹੀਦ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ ਗਿਆ

ਸਹਿਣਾ ਭਦੌੜ, 28 ਸਤੰਬਰ (ਅਵਤਾਰ ਸਿੰਘ ਫਰਵਾਹੀ): ਮੇਨ ਬਾਜ਼ਾਰ ਸਹਿਣਾ ਵਿਖੇ ਸ਼ਹੀਦੇ ਆਜ਼ਮ ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ ਗਿਆ, ਉਸ ਉਪਰੰਤ ਸੀਨੀਅਰ ਕਾਂਗਰਸੀ ਆਗੂ ਸੁਖਵਿੰਦਰ ਸਿੰਘ ਧਾਲੀਵਾਲ ਹਲਕਾ ਭਦੌੜ,ਨਿਊ

ਸਰਕਾਰੀ ਭੁਗਤਾਨ 'ਚ ਦੇਰੀ 'ਤੇ ਹੁਣ ਮਿਲੇਗਾ ਵਿਆਜ

ਵਿੱਤ ਵਿਭਾਗ ਨੂੰ ਯੋਜਨਾ ਤਿਆਰ ਕਰਨ ਦੇ ਸੀਐਮ ਸੈਣੀ ਦੇ ਨਿਰਦੇਸ਼

ਚੰਡੀਗੜ੍ਹ, 28 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ):-:- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਰਾਜ ਸਰਕਾਰ ਵੱਲੋਂ ਦਿੱਤੇ ਜਾਣ ਵਾਲੇ ਭੁਗਤਾਨ ਵਿੱਚ ਜੇਕਰ ਸਰਕਾਰੀ ਵਿਭਾਗ ਦੇ ਪੱਧਰ 'ਤੇ ਬੇਲੋੜੀ ਦੇਰੀ ਹੁੰਦੀ ਹੈ, ਤਾਂ ਸਬੰਧਤ ਕੰਪਨੀਆਂ, ਫਰਮਾਂ ਅਤੇ ਠੇਕੇਦਾਰਾਂ ਨੂੰ ਦੇਰੀ ਵਾਲੀ ਮਿਆਦ ਲਈ ਵਿਆਜ ਸਮੇਤ ਭੁਗਤਾਨ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਇਸ ਸਬੰਧ ਵਿੱਚ ਵਿੱਤ ਵਿਭਾਗ ਨੂੰ ਇੱਕ ਢੁਕਵੀਂ ਯੋਜਨਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਵੱਲੋਂ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਅਤੇ ਕੰਮਾਂ ਲਈ ਕੰਪਨੀਆਂ, ਫਰਮਾਂ ਅਤੇ ਠੇਕੇਦਾਰਾਂ ਤੋਂ ਸੇਵਾਵਾਂ ਅਤੇ ਕੰਮ ਲਏ ਜਾਂਦੇ ਹਨ। ਅਜਿਹੇ ਵਿੱਚ ਨਿਰਧਾਰਤ ਪ੍ਰਕਿਰਿਆ ਤਹਿਤ ਬਕਾਇਆ ਰਕਮ ਦਾ ਸਮਾਂ ਸਿਰ ਭੁਗਤਾਨ ਯਕੀਨੀ ਬਣਾਉਣਾ ਵਿਭਾਗਾਂ ਦੀ ਜ਼ਿੰਮੇਵਾਰੀ ਹੈ। ਜੇਕਰ ਕਿਸੇ ਵਿਭਾਗੀ ਪੱਧਰ 'ਤੇ ਭੁਗਤਾਨ ਪ੍ਰਕਿਰਿਆ ਵਿੱਚ ਬੇਲੋੜੀ ਦੇਰੀ ਹੁੰਦੀ ਹੈ, ਤਾਂ ਇਸ ਦਾ ਵਿੱਤੀ ਬੋਝ ਸਬੰਧਤ ਫਰਮ ਜਾਂ ਠੇਕੇਦਾਰ 'ਤੇ ਨਹੀਂ ਪੈਣਾ ਚਾਹੀਦਾ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਹ ਨਿਰਦੇਸ਼ ਸੋਮਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਅਪਣਾਈਆਂ ਜਾ ਰਹੀਆਂ 'ਗੁੱਡ ਪ੍ਰੈਕਟਿਸਿਜ਼' ਦੀ ਸਮੀਖਿਆ ਕਰਦਿਆਂ ਦਿੱਤੇ। ਮੀਟਿੰਗ ਵਿੱਚ ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ੍ਰੀ ਅਰੁਣ ਗੁਪਤਾ, ਵਧੀਕ ਮੁੱਖ ਸਕੱਤਰ ਸ੍ਰੀ ਏ.ਕੇ. ਸਿੰਘ, ਸ੍ਰੀ ਵਿਜੇਂਦਰ ਕੁਮਾਰ, ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਕੁਮਾਰ ਅਗਰਵਾਲ ਅਤੇ ਨਿਗਰਾਨੀ ਅਤੇ ਤਾਲਮੇਲ ਦੀ ਵਿਸ਼ੇਸ਼ ਸਕੱਤਰ ਡਾ. ਪ੍ਰਿਅੰਕਾ ਸੋਨੀ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਨਯਾਗਾਓਂ-ਮੁੱਲਾਂਪੁਰ-ਮਾਜਰੀ ਪ੍ਰੈਸ ਕਲੱਬ ਨੇ ਸ਼ਹੀਦ ਭਗਤ ਸਿੰਘ ਨੂੰ ਸ਼ਰਧਾਂਜਲੀ ਦਿੱਤੀ

ਨਿਊ - ਚੰਡੀਗੜ੍ਹ, 28 ਸਤੰਬਰ (ਜੇ.ਕੇ ਬੱਤਾ)-ਨਯਾਗਾਓਂ-ਮੁੱਲਾਂਪੁਰ-ਮਾਜਰੀ ਪ੍ਰੈਸ ਕਲੱਬ (ਰਜਿਸਟਰਡ) ਨੇ ਤਿੰਨ ਸਾਲ ਪਹਿਲਾਂ ਨਯਾਗਾਓਂ ਦੇ ਸ਼ਹੀਦ ਭਗਤ ਸਿੰਘ ਚੌਕ ਵਿਖੇ ਨਗਰ ਕੌਂਸਲ ਦਫ਼ਤਰ ਦੇ ਬਾਹਰ ਸ਼ਹੀਦ ਭਗਤ ਸਿੰਘ ਦਾ ਬੁੱਤ ਲਗਾਇਆ ਸੀ। ਸਵੇਰੇ ਉਸੇ ਥਾਂ 'ਤੇ ਦੇਸ਼ ਭਗਤੀ ਦੇ ਗੀਤ ਵੱਜਦੇ ਰਹੇ। ਸ਼ਹੀਦ ਭਗਤ ਸਿੰਘ ਦੇ 119ਵੇਂ ਜਨਮ ਦਿਵਸ ਨੂੰ ਮਨਾਉਣ ਲਈ, ਨਯਾਗਾਓਂ-ਮੁੱਲਾਂਪੁਰ-ਮਾਜਰੀ ਪ੍ਰੈਸ ਕਲੱਬ (ਰਜਿਸਟਰਡ) ਨਯਾਗਾਓਂ ਦੇ ਮੈਂਬਰਾਂ ਨੇ ਉਨ੍ਹਾਂ ਦੇ ਬੁੱਤ 'ਤੇ ਫੁੱਲਮਾਲਾ ਭੇਟ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਭਾਰੀ ਮੀਂਹ ਦੇ ਬਾਵਜੂਦ, ਲੋਕਾਂ ਨੇ ਪੂਰੇ ਉਤਸ਼ਾਹ ਅਤੇ ਜੋਸ਼ ਨਾਲ ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਸ਼ਹੀਦ ਭਗਤ ਸਿੰਘ ਜੀ ਪ੍ਰਤੀ ਆਪਣਾ ਸਤਿਕਾਰ ਪ੍ਰਗਟ ਕੀਤਾ। ਇਸ ਮੌਕੇ ਹਾਜ਼ਰ ਪਤਵੰਤਿਆਂ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਜੀ ਦੇ ਪ੍ਰਤੀ ਸਮਰਪਣ, ਕੁਰਬਾਨੀ ਅਤੇ ਸ਼ਹਾਦਤ ਨੂੰ ਯਾਦ ਕੀਤਾ ਅਤੇ ਉਨ੍ਹਾਂ ਦੇ ਆਦਰਸ਼ਾਂ ਤੋਂ ਪ੍ਰੇਰਨਾ ਲੈਣ ਦਾ ਸੱਦਾ ਦਿੱਤਾ। ਭਾਜਪਾ ਪੰਜਾਬ ਦੇ ਉਪ ਪ੍ਰਧਾਨ ਸ਼੍ਰੀ ਸੁਭਾਸ਼ ਸ਼ਰਮਾ, ਭਾਜਪਾ ਪੰਜਾਬ ਕਾਨੂੰਨੀ ਸੈੱਲ ਦੇ ਪ੍ਰਧਾਨ ਐਡਵੋਕੇਟ ਐਨ.ਕੇ. ਵਰਮਾ, ਕਾਨੂੰਨੀ ਸੈੱਲ ਦੇ ਮੈਂਬਰ ਐਡਵੋਕੇਟ ਕ੍ਰਿਸ਼ਨ ਕੁਮਾਰ, ਐਡਵੋਕੇਟ ਰਾਮਬਿਲਾਸ ਗੁਪਤਾ ਅਤੇ ਚਰਨਜੀਤ, ਨਯਾਗਾਓਂ-ਮੁੱਲਾਂਪੁਰ-ਮਾਜਰੀ ਪ੍ਰੈਸ ਕਲੱਬ (ਰਜਿਸਟਰਡ) ਨਯਾਗਾਓਂ ਦੇ ਪ੍ਰਧਾਨ ਸ਼੍ਰੀ ਜੇ.ਕੇ. ਬੱਟਾ, ਉਪ ਪ੍ਰਧਾਨ ਚਿਰੰਜੀਵ ਰਾਜੂ ਵਰਮਾ, ਖਜ਼ਾਨਚੀ ਰਵਿੰਦਰ ਭਾਟੀਆ, ਮੁੱਖ ਸਲਾਹਕਾਰ ਅਤੇ ਸਟੇਜ ਡਾਇਰੈਕਟਰ ਅਤੁਲ ਅਰੋੜਾ, ਹਰਮੇਸ਼ ਨੱਟੂ, ਖਰੜ ਵਿਧਾਨ ਸਭਾ ਹਲਕਾ ਇੰਚਾਰਜ ਅਤੇ ਨਯਾਗਾਓਂ ਭਾਜਪਾ ਨਸ਼ਾ ਮੁਕਤ ਯਾਤਰਾ ਦੇ ਸਾਬਕਾ ਕੌਂਸਲਰ, ਉਤਰਾਖੰਡ ਸੈੱਲ ਜ਼ਿਲ੍ਹਾ ਮੋਹਾਲੀ ਦੇ ਪ੍ਰਧਾਨ ਗਣੇਸ਼ ਬਡਥਵਾਲ, ਉਤਰਾਖੰਡ ਸੈੱਲ ਜ਼ਿਲ੍ਹਾ ਮੋਹਾਲੀ ਦੇ ਜਨਰਲ ਸਕੱਤਰ ਗੌਤਮ ਪੰਵਾਰ, ਜਗਸ਼ੇਰ ਜੱਗਾ, ਸੀਨੀਅਰ ਭਾਜਪਾ ਆਗੂ ਅਤੇ ਸਮਾਜ ਸੇਵਕ ਹਰਵਿੰਦਰ ਸ਼ਰਮਾ ਕਾਲਾ ਸਮੇਤ ਹੋਰ ਪਤਵੰਤੇ ਮੌਜੂਦ ਸਨ।। ਐਡਵੋਕੇਟ ਐਨ.ਕੇ. ਵਰਮਾ ਨੇ ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਦੇ ਜੀਵਨ ਤੋਂ ਪ੍ਰੇਰਨਾ ਲੈਣ ਅਤੇ ਸਿੱਖਿਆ, ਖੇਡਾਂ ਅਤੇ ਰਾਸ਼ਟਰ ਨਿਰਮਾਣ ਦੇ ਖੇਤਰਾਂ ਵਿੱਚ ਅੱਗੇ ਵਧਣ ਅਤੇ ਪੰਜਾਬ ਨੂੰ ਨਸ਼ਾ ਮੁਕਤ, ਖੁਸ਼ਹਾਲ ਅਤੇ ਖੁਸ਼ਹਾਲ ਬਣਾਉਣ ਵਿੱਚ ਆਪਣੀ ਮਹੱਤਵਪੂਰਨ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।

ਡਾ ਮਨੋਹਰ ਸਿੰਘ ਵਲੋਂ ਸਾਬਕਾ ਕੇਂਦਰੀ ਮੰਤਰੀ ਜੈ ਰਾਮ ਰਮੇਸ਼ ਨਾਲ ਮੁਲਾਕਾਤ

ਸ਼ਸ਼ੀਪਾਲ ਜੈਨ

ਖਮਾਣੋਂ , 29 ਸਤੰਬਰ: ਸੀਨੀਅਰ ਕਾਂਗਰਸੀ ਆਗੂ ਡਾ ਮਨੋਹਰ ਸਿੰਘ ਨੇ ਦਿੱਲੀ ਸਥਿਤ ਕਾਂਗਰਸ ਪਾਰਟੀ ਦਫ਼ਤਰ ਇੰਦਰਾ ਭਵਨ ਵਿੱਚ ਇੰਡੀਅਨ ਨੈਸ਼ਨਲ ਕਾਂਗਰਸ ਦੇ ਜਨਰਲ ਸਕੱਤਰ ਕਮਿਊਨੀਕੇਸ਼ਨ, ਪਬਲੀਸਿਟੀ ਅਤੇ ਮੀਡੀਆ ਇੰਚਾਰਜ ਜੈ ਰਾਮ ਰਮੇਸ਼ ਨਾਲ ਮੁਲਾਕਾਤ ਕੀਤੀ। ਇੰਟਕ ਫੈਡਰੇਸ਼ਨ ਪੰਜਾਬ ਪ੍ਰਧਾਨ ਡਾ ਮਨੋਹਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਰਾਜ ਸਭਾ ਮੈਂਬਰ ਤੇ ਸਾਬਕਾ ਕੇਂਦਰੀ ਮੰਤਰੀ ਜੈ ਰਾਮ ਰਮੇਸ਼ ਨਾਲ ਉਨ੍ਹਾਂ ਦੀ ਮੁਲਾਕਾਤ ਇੱਕ ਮੀਟਿੰਗ ਦੌਰਾਨ ਹੋਈ ਜਿੱਥੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਕਾਂਗਰਸ ਪਾਰਟੀ ਦਫ਼ਤਰ ਵਿੱਚ ਸਾਬਕਾ ਪ੍ਰਧਾਨ ਮੰਤਰੀ ਦੇ ਜਨਮ ਦਿਹਾੜੇ ਮੌਕੇ ਉਨ੍ਹਾਂ ਦੀ ਇੱਕ ਤਸਵੀਰ ਦਫ਼ਤਰ ਦੀ ਲਾਇਬ੍ਰੇਰੀ ਵਿੱਚ ਲਗਾਈ ਗਈ। ਇਸ ਮੌਕੇ ਡਾ ਮਨੋਹਰ ਸਿੰਘ ਸਣੇ ਕਈ ਡਾ ਮਨਮੋਹਨ ਸਿੰਘ ਫੈਲੋਜ਼ ਮੀਟਿੰਗ ਵਿੱਚ ਹਾਜ਼ਰ ਸਨ ਅਤੇ ਹੋਰ ਕਈ ਲੋਕ ਵਰਚੂਅਲ ਤੌਰ ਤੇ ਹਾਜ਼ਰ ਰਹੇ। ਇਸ ਮੌਕੇ ਡਾ ਮਨੋਹਰ ਸਿੰਘ ਅਤੇ ਹੋਰਨਾਂ ਨੇ ਸੀਨੀਅਰ ਕਾਂਗਰਸ ਨੇਤਾ ਜੈ ਰਾਮ ਰਮੇਸ਼ ਨਾਲ ਆਪਣੀ ਜਾਣ ਪਹਿਚਾਣ ਤੇ ਆਪਣੇ ਬਾਰੇ ਜਾਣਕਾਰੀ ਸਾਂਝੀ ਕੀਤੀ। ਮੁੱਖ ਤੌਰ ਉਤੇ ਰਾਜ ਸਭਾ ਮੈਂਬਰ ਜੈ ਰਾਮ ਰਮੇਸ਼ ਨੇ ਡਾ ਮਨਮੋਹਨ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਇੱਕ ਵਿਲੱਖਣ ਸ਼ਖ਼ਸੀਅਤ ਸਨ ਜੋ ਇਮਾਨਦਾਰੀ ਅਤੇ ਨਿਮਰਤਾ ਵਾਲੇ ਇਨਸਾਨ ਸਨ ਜਿਨ੍ਹਾਂ ਤੋਂ ਬਹੁਤ ਕੁਝ ਸਿੱਖਣ ਨੂੰ ਮਿਲਦਾ ਹੈ। ਡਾ ਮਨੋਹਰ ਸਿੰਘ ਨੇ ਇਸ ਮੌਕੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਖ਼ਾਸ ਸਾਂਝ ਦੀ ਗੱਲ ਕਰਦਿਆਂ ਕਿਹਾ ਕਿ ਆਲ ਇੰਡੀਆ ਪ੍ਰੋਫੈਸ਼ਨਲਜ਼ ਕਾਂਗਰਸ ਵੱਲੋਂ ਸ਼ੁਰੂ ਕੀਤੇ ਡਾ ਮਨਮੋਹਨ ਸਿੰਘ ਫੈਲੋਜ਼ ਦੇ ਪਹਿਲੇ ਪੰਜਾਹ ਮੈਂਬਰਾਂ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਨੇ ਕਾਂਗਰਸ ਪਾਰਟੀ ਵਿੱਚ ਬਹੁਤ ਕੁਝ ਸਿੱਖਿਆ ਅਤੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੇ ਦੱਸੇ ਹੋਏ ਮਾਰਗ ਦਰਸ਼ਨ ਤੇ ਚੱਲਣ ਦਾ ਸੰਕਲਪ ਸਾਂਝਾ ਕੀਤਾ। ਮੀਟਿੰਗ ਦੌਰਾਨ ਅੰਤ ਵਿੱਚ ਜੈ ਰਾਮ ਰਮੇਸ਼ ਨੇ ਕਿਹਾ ਕਿ ਉਹ ਇਸ ਗੱਲ ਤੋਂ ਖੁਸ਼ ਹਨ ਕਿ ਕਾਂਗਰਸ ਪਾਰਟੀ ਵਿੱਚ ਆਲ ਇੰਡੀਆ ਪ੍ਰੋਫੈਸ਼ਨਲਜ਼ ਕਾਂਗਰਸ ਡਾ ਮਨਮੋਹਨ ਸਿੰਘ ਫੈਲੋਜ਼ ਦੇ ਰਾਹੀਂ ਕਾਂਗਰਸ ਪਾਰਟੀ ਵਿੱਚ ਨਵੇਂ ਤਜਰਬੇਕਾਰ ਤਕਨੀਕੀ ਲੀਡਰਸ਼ਿਪ ਤਿਆਰ ਕਰਨ ਲਈ ਭੂਮਿਕਾ ਨਿਭਾ ਰਹੇ ਹਨ। ਇਸ ਮੌਕੇ ਆਲ ਇੰਡੀਆ ਪ੍ਰੋਫੈਸ਼ਨਲਸ ਕਾਂਗਰਸ ਦੇ ਚੇਅਰਮੈਨ ਸਾਬਕਾ ਲੋਕ ਸਭਾ ਮੈਂਬਰ ਮਧੂ ਗੌਡ ਯਾਸਕੀ ਅਤੇ ਤੇਲੰਗਾਨਾ ਦੇ ਸੀਨੀਅਰ ਕਾਂਗਰਸ ਆਗੂ ਅਤੇ ਹੈਦਰਾਬਾਦ ਕਾਂਗਰਸ ਪ੍ਰਧਾਨ ਸੈਫੁੱਲਾ ਖਾਲਿਦ ਵੀ ਮੌਜੂਦ ਸਨ।

ਸਾਬਕਾ ਸੀਐਮ ਚੰਨੀ ਵੱਲੋਂ ਮੋਰਿੰਡਾ ਵਿਖੇ ਵਿਸ਼ੇਸ਼ ਕਾਨਫਰੰਸ

ਬਾਹਰੀ ਸੂਬਿਆਂ ਦੇ ਲੋਕ ਕਰ ਰਹੇ ਨੇ ਪੰਜਾਬ 'ਤੇ ਰਾਜ :ਚੰਨੀ

ਮੋਰਿੰਡਾ ,28 ਸਤੰਬਰ (ਬਲਵੀਰ ਸਿੰਘ ਚਲਾਕੀ): ਸਾਬਕਾ ਮੁੱਖ ਮੰਤਰੀ ਪੰਜਾਬ ਸਰਦਾਰ ਚਰਨਜੀਤ ਸਿੰਘ ਚੰਨੀ ਵੱਲੋਂ ਆਪਣੀ ਮੋਰਿੰਡਾ ਰਿਹਾਇਸ਼ 'ਤੇ ਵਿਸ਼ੇਸ਼ ਪ੍ਰੈਸ ਕਾਨਫਰਸ ਕੀਤੀ ਗਈ । ਚੰਨੀ ਨੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਦੇ ਵੱਖ ਵੱਖ ਮਹਿਕਮੇ ਦੇ ਕਾਬਜ਼ ਦਿੱਲੀ ਸਮੇਤ ਵੱਖ ਵੱਖ ਰਾਜਾਂ ਤੋਂ ਆਮ ਆਦਮੀ ਪਾਰਟੀ ਦੇ ਆਗੂਆਂ ਦੇ ਖੁਲਾਸੇ ਕੀਤੇ ਤੇ ਪੰਜਾਬ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਪੰਜਾਬ ਨੂੰ ਬਾਹਰੀ ਰਾਜਾਂ ਤੋਂ ਚਲਾਉਣ ਵਾਲੇ ਲੋਕਾਂ ਤੋਂ ਬਚਾਉਣ ਲਈ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣੀ ਜਰੂਰੀ ਹੈ ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ 2022 ਵਿਧਾਨ ਸਭਾ ਚੋਣਾਂ ਵਿੱਚ ਮੈਂ ਕਿਹਾ ਸੀ ਕਿ ਕਾਲੇ ਅੰਗਰੇਜ਼ ਪੰਜਾਬ ਨੂੰ ਲੁੱਟਣ ਆ ਰਹੇ ਹਨ, ਸਾਨੂੰ ਇਹਨਾਂ ਤੋਂ ਸੁਚੇਤ ਹੋਣ ਦੀ ਲੋੜ ਹੈ, ਪ੍ਰੰਤੂ ਸਾਡੇ ਪ੍ਰਵਾਸੀ ਭਾਈਚਾਰੇ ਦੇ ਲੋਕ ਇਸ ਨੂੰ ਆਪਣੇ ਲਈ ਸਮਝ ਕੇ ਕਾਂਗਰਸ ਨੂੰ ਵੋਟ ਪਾਉਣ ਦੀ ਬਜਾਏ ਆਮ ਆਦਮੀ ਪਾਰਟੀ ਨੂੰ ਵੋਟ ਪਾਈ । ਉਹਨਾਂ ਦੱਸਿਆ ਕਿ ਪੰਜਾਬ ਦੇ ਹਰ ਇੱਕ ਵਿਭਾਗ ਵਿੱਚ ਆਮ ਆਦਮੀ ਪਾਰਟੀ ਵੱਲੋਂ ਆਪਣੇ ਦਿੱਲੀ ਅਤੇ ਹੋਰਨਾਂ ਰਾਜਾਂ ਤੋਂ ਲੋਕਾਂ ਨੂੰ ਲਿਆ ਕੇ ਲੱਖਾਂ ਰੁਪਏ ਤਨਖਾਹ, ਸਰਕਾਰੀ ਕੋਠੀਆਂ ਤੇ ਸਹੂਲਤਾਂ ਦੇ ਕੇ ਤੈਨਾਤ ਕੀਤੇ ਗਏ ਹਨ । ਜਦਕਿ ਸਾਡੇ ਚੁਣੇ ਹੋਏ ਐਮ.ਐਲ.ਏ ,ਮੰਤਰੀ ਜਾਂ ਮੁੱਖ ਮੰਤਰੀ ਸਿਰਫ ਆਪਣੇ ਦਸਤਖਤ ਕਰਕੇ ਫਾਈਲਾਂ ਨੂੰ ਪ੍ਰਵਾਨਗੀ ਦੇਣ ਲਈ ਰੱਖੇ ਹੋਏ ਹਨ , ਜਿਹਨਾਂ ਸਬੰਧੀ ਤਸਵੀਰਾਂ ਸਮੇਤ ਪੱਤਰਕਾਰਾਂ ਨੂੰ ਜਾਣਕਾਰੀ ਦਿੱਤੀ । ਉਹਨਾਂ ਕਿਹਾ ਕਿ ਜੇਕਰ ਇਸੇ ਤਰ੍ਹਾਂ ਪੰਜਾਬੀਆਂ 'ਤੇ ਬਾਹਰੀ ਲੋਕ ਰਾਜ ਕਰਨਗੇ ਤਾਂ ਪੰਜਾਬ ਦਾ ਰੱਬ ਹੀ ਰਾਖਾ ਹੈ ॥ ਸਾਬਕਾ ਮੁੱਖ ਮੰਤਰੀ ਚੰਨੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਉਹ ਪੰਜਾਬ ਸਰਕਾਰ ਵਿਚ ਬਾਹਰੀ ਲੋਕਾਂ ਵੱਲੋਂ ਕੀਤੀ ਜਾ ਰਹੀ ਦਾ ਦਖਲ ਅੰਦਾਜੀ ਦਾ ਖੁਲਾਸਾ ਕਰਨਗੇ।

ਸ਼ਹੀਦ-ਏ-ਆਜਮ ਭਗਤ ਸਿੰਘ ਜੀ ਨੂੰ ਦਿੱਤੀ ਗਈ ਸ਼ਰਧਾਂਜਲੀ

ਸ਼ਸ਼ੀ ਪਾਲ ਜੈਨ

ਖਰੜ 28 ਸਤੰਬਰ-ਡਾ. ਬੰਗੜ ਹੈਲਥ ਐਂਡ ਫਿਟਨੈੱਸ ਕਲਾਸਾਂ ਵੱਲੋਂ ਅੱਜ ਸ਼ਹੀਦ-ਏ-ਆਜਮ ਭਗਤ ਸਿੰਘ ਜੀ ਦੇ ਜਨਮ ਦਿਵਸ ਮੌਕੇ ਖਰੜ ਦੇ ਖਾਲਸਾ ਸਕੂਲ ਵਿਖੇ ਉਨਾਂ ਨੂੰ

ਸ਼ਰਧਾ ਦੇ ਫੁੱਲ ਭੇਟ ਕਰਕੇ ਸਤਿਕਾਰ ਸਹਿਤ ਯਾਦ ਕੀਤਾ ਗਿਆ। ਡਾ ਰਘਬੀਰ ਸਿੰਘ ਬੰਗੜ ਨੇ ਕਿਹਾ ਸ਼ਹੀਦ ਭਗਤ ਸਿੰਘ ਜੀ ਦੀ ਕੁਰਬਾਨੀ ਅਤੇ ਦੇਸ਼ ਪ੍ਰਤੀ ਸਮਰਪਣ ਸਾਡੇ ਸਾਰਿਆਂ ਲਈ ਹਮੇਸ਼ਾ ਪ੍ਰੇਰਣਾ ਦਾ ਸਰੋਤ ਰਹੇਗਾ। ਇਸ ਮੌਕੇ ਰੌਸਨ ਦੱਤ ਪ੍ਰਦੀਪ ਸਿੰਘ, ਸਾਮੀਂ ਸ਼ਰਮਾ ਅਤੇ ਗੌਇਲ ਹਾਜ਼ਰ ਸਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ 'ਗੁਰਬਾਣੀ ਵਿੱਚ ਸਿੱਖ ਰਾਜ ਦੀ ਧਾਰਨਾ' ਵਿਸ਼ੇ 'ਤੇ ਵਿਸ਼ੇਸ਼ ਭਾਸ਼ਣ

ਫਤਹਿਗੜ੍ਹ ਸਾਹਿਬ, 28 ਸਤੰਬਰ (ਅਭਿਸ਼ੇਕ ਮਲਹੋਤਰਾ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਰਾਜਨੀਤੀ ਵਿਗਿਆਨ ਵਿਭਾਗ ਵੱਲੋਂ 'ਗੁਰਬਾਣੀ ਵਿੱਚ ਸਿੱਖ ਰਾਜ ਦੀ ਧਾਰਨਾ' ਵਿਸ਼ੇ 'ਤੇ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ। ਭਾਸ਼ਣ ਦਾ ਉਦੇਸ਼ ਵਿਦਿਆਰਥੀਆਂ ਨੂੰ ਰਾਜ ਦੀ ਧਾਰਨਾ, ਸ਼ਾਸਨ, ਨਿਆਂ ਅਤੇ ਲੋਕ-ਕਲਿਆਣ ਸਬੰਧੀ ਗੁਰਬਾਣੀ ਅਤੇ ਸਿੱਖ ਚਿੰਤਨ ਦੇ ਦ੍ਰਿਸ਼ਟੀਕੋਣ ਤੋਂ ਜਾਣੂ ਕਰਵਾਉਣਾ ਸੀ। ਇਸ ਮੌਕੇ ਡਾ. ਕੇਹਰ ਸਿੰਘ, ਸਾਬਕਾ ਪ੍ਰੋਫੈਸਰ, ਰਾਜਨੀਤੀ ਵਿਗਿਆਨ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਅਤੇ ਸਾਬਕਾ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ, ਮੋਹਾਲੀ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ। ਆਪਣੇ ਵਿਚਾਰ ਸਾਂਝੇ ਕਰਦਿਆਂ ਉਨ੍ਹਾਂ ਨੇ ਇੱਕ ਸੰਗਠਿਤ ਸਮਾਜ ਲਈ ਰਾਜ ਦੀ ਮਹੱਤਤਾ ਬਾਰੇ ਚਰਚਾ ਕੀਤੀ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਵਿਸ਼ੇਸ਼ ਲੈਕਚਰ ਦੇ ਸਫਲ ਆਯੋਜਨ ਲਈ ਵਿਭਾਗ ਨੂੰ ਵਧਾਈ ਦਿੱਤੀ ਇਸ ਮੌਕੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਡਾ. ਰਮਨਦੀਪ ਕੌਰ, ਮੁਖੀ, ਰਾਜਨੀਤੀ ਵਿਗਿਆਨ ਵਿਭਾਗ, ਨੇ ਆਏ ਮਹਿਮਾਨਾਂ ਅਤੇ ਸਮੂਹ ਭਾਗੀਦਾਰਾਂ ਦਾ ਸਵਾਗਤ ਕੀਤਾ ਅਤੇ ਅੰਤ ਵਿੱਚ ਧੰਨਵਾਦ ਕੀਤਾ। ਇਸ ਮੌਕੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦਾ ਜਨਮ ਦਿਹਾੜਾ ਮਨਾਇਆ

ਰਾਜਪੁਰਾ, 28 ਸਤੰਬਰ (ਗੁਰਪ੍ਰੀਤ ਬੱਲ): ਪੀ.ਐਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ ਏਟਕ ਦੀ ਡਵੀਜ਼ਨ ਇ

ਸੰਪਾਦਕੀ

ਅਸਥਿਰ ਮੌਸਮ ਦੀ ਚੁਣੌਤੀ

ਬੰਗਾਲ ਦੀ ਖਾੜੀ ਤੋਂ ਉੱਠੇ ਚੱਕਰਵਾਤ ਅਰਨਬ ਤੇ ਇਸ ਦੇ ਪ੍ਰਭਾਵ ਕਾਰਨ ਉੱਤਰ ਪ੍ਰਦੇਸ਼, ਬਿਹਾਰ, ਝਾਰਖੰਡ, ਉੱਤਰਾਖੰਡ, ਹਿਮਾਚਲ ਪ੍ਰਦੇਸ਼ ਸਮੇਤ ਦੇਸ਼ ਦੇ ਇਕ ਦਰਜਨ ਤੋਂ ਵੱਧ ਸੂਬਿਆਂ 'ਚ ਹੋਈ ਭਾਰੀ ਬਾਰਿਸ਼ ਨੇ ਆਮ ਲੋਕਾਂ ਲਈ ਤਾਂ ਸਮੱਸਿਆਵਾਂ ਪੈਦਾ ਕੀਤੀਆਂ ਹੀ, ਫ਼ਸਲਾਂ ਨੂੰ ਵੀ ਭਾਰੀ ਨੁਕਸਾਨ ਪਹੁੰਚਾਇਆ। ਕੁਝ ਸੂਬਿਆਂ 'ਚ ਲੋਕਾਂ ਦੀ ਜਾਨ ਵੀ ਗਈ। ਬੇਹੱਦ ਜ਼ਿਆਦਾ ਮੀਂਹ ਕਾਰਨ ਨਦੀਆਂ ਉਫ਼ਾਨ 'ਤੇ ਆ ਗਈਆਂ ਤੇ ਇਸ ਦੇ ਚਲਦਿਆਂ ਹੜ੍ਹਾਂ ਦਾ ਖ਼ਤਰਾ ਵੀ ਪੈਦਾ ਹੋ ਗਿਆ। ਮੌਸਮ 'ਚ ਅਚਾਨਕ ਇਹ ਅਣਕਿਆਸੀ ਤਬਦੀਲੀ ਇਸ ਲਈ ਵੀ ਆਈ, ਕਿਉਂਕਿ ਪੱਛਮੀ ਗੜਬੜੀ (ਵੈਸਟਰਨ ਡਿਸਟਰਬੈਂਸ) ਚੱਕਰਵਾਤੀ ਪ੍ਰਣਾਲੀ ਨਾਲ ਮਿਲ ਗਿਆ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਦੇਸ਼ ਦੇ ਕੁਝ ਹਿੱਸਿਆਂ 'ਚ ਥੋੜ੍ਹੇ ਸਮੇਂ ਦੌਰਾਨ ਬੇਹੱਦ ਜ਼ਿਆਦਾ ਮੀਂਹ ਪਿਆ ਹੋਵੇ ਤੇ ਇਸ ਕਾਰਨ ਜਨਜੀਵਨ ਪ੍ਰਭਾਵਿਤ ਹੋਇਆ ਹੋਵੇ। ਪਿਛਲੇ ਕੁਝ ਸਾਲਾਂ ਤੋਂ ਅਜਿਹਾ ਵਾਰ-ਵਾਰ ਹੋਣ ਲੱਗਾ ਹੈ। ਇਸ ਦਾ ਮੁੱਖ ਕਾਰਨ ਜਲਵਾਯੂ ਤਬਦੀਲੀ ਹੈ। ਭਾਵੇਂ ਜਲਵਾਯੂ ਤਬਦੀਲੀ ਤੇ ਇਸ ਦੇ ਮਾੜੇ ਪ੍ਰਭਾਵਾਂ ਨੂੰ ਲੈ ਕੇ ਲੰਮੇ ਸਮੇਂ ਤੋਂ ਚਿੰਤਾ ਜਤਾਈ ਜਾ ਰਹੀ ਹੈ ਪਰ ਸਮੱਸਿਆ ਇਹ ਹੈ ਕਿ ਵਿਸ਼ਵ ਭਾਈਚਾਰਾ ਇਸ ਚੁਣੌਤੀ ਦਾ ਸਾਹਮਣਾ ਕਰਨ ਲਈ ਲੋੜੀਂਦੀ ਇਕਜੁੱਟਤਾ ਦਿਖਾਉਣ ਲਈ ਤਿਆਰ ਨਹੀਂ। ਇਹ ਸਥਿਤੀ ਉਸ ਸਮੇਂ ਹੈ, ਜਦੋਂ ਇਹ ਮੰਨਿਆ ਜਾ ਰਿਹਾ ਹੈ ਕਿ ਵਾਤਾਵਰਨ ਦੇ ਵਧ ਰਹੇ ਤਾਪਮਾਨ ਨੂੰ ਰੋਕਣ ਦਾ ਟੀਚਾ ਲਗਾਤਾਰ ਪਿੱਛੇ ਛੁੱਟਦਾ ਜਾ ਰਿਹਾ ਹੈ। ਇਹ ਕਹਿਣਾ ਮੁਸ਼ਕਲ ਹੈ ਕਿ ਵਿਸ਼ਵ ਭਾਈਚਾਰਾ ਜਲਵਾਯੂ ਤਬਦੀਲੀ ਤੋਂ ਪੈਦਾ ਹੋ ਰਹੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਕਦੋਂ ਕਮਰ ਕੱਸੇਗਾ? ਜਦੋਂ ਤੱਕ ਅਜਿਹਾ ਨਹੀਂ ਹੁੰਦਾ, ਉਦੋਂ ਤੱਕ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਜਲਵਾਯੂ ਤਬਦੀਲੀ ਦੇ ਰੂਪ 'ਚ ਬੇਹੱਦ ਜ਼ਿਆਦਾ ਮੀਂਹ ਵਰਗੀਆਂ ਆਫ਼ਤਾਂ ਦਾ ਸਾਹਮਣਾ ਕਰਨ ਲਈ ਲੋੜੀਂਦੀ ਤਿਆਰੀ ਅਤੇ ਪ੍ਰਬੰਧ ਕਰਨੇ ਪੈਣਗੇ। ਖ਼ਾਸ ਤੌਰ 'ਤੇ ਸੂਬਾ ਸਰਕਾਰਾਂ ਨੂੰ, ਕਿਉਂਕਿ ਅਕਸਰ ਇਹ ਦੇਖਣ 'ਚ ਆਉਂਦਾ ਹੈ ਕਿ ਉਹ ਆਫ਼ਤਾਂ ਨਾਲ ਨਜਿੱਠਣ ਲਈ ਆਪਣੀ ਤਿਆਰੀ ਜਾਂ ਲੋੜੀਂਦੇ ਪ੍ਰਬੰਧ ਕਰਨ ਦੀ ਬਜਾਏ ਕੇਂਦਰ ਸਰਕਾਰ ਤੋਂ ਮਿਲਣ ਵਾਲੀ ਮਦਦ ਵੱਲ ਹੀ ਵਧੇਰੇ ਤੱਕਦੀਆਂ ਰਹਿੰਦੀਆਂ ਹਨ। ਇਹ ਵੀ ਦੇਖਣ ਵਿੱਚ ਆ ਰਿਹਾ ਹੈ ਕਿ ਬੇਹੱਦ ਜ਼ਿਆਦਾ ਮੀਂਹ ਤੇ ਇਸ ਕਾਰਨ ਆਉਣ ਵਾਲੇ ਹੜ੍ਹਾਂ ਨਾਲ ਜਾਨ-ਮਾਲ ਦਾ ਜੋ ਨੁਕਸਾਨ ਹੁੰਦਾ ਹੈ, ਉਹ ਕਈ ਵਾਰ ਬੁਨਿਆਦੀ ਢਾਂਚੇ ਦੀ ਕਮਜ਼ੋਰੀ ਕਾਰਨ ਵੀ ਹੁੰਦਾ ਹੈ। ਹੁਣ ਜਦੋਂ ਇਹ ਖ਼ਦਸ਼ਾ ਵਧਦਾ ਜਾ ਰਿਹਾ ਹੈ ਕਿ ਮੌਸਮ 'ਚ ਅਣਕਿਆਸੀਆਂ ਤਬਦੀਲੀਆਂ ਹੁੰਦੀਆਂ ਰਹਿਣਗੀਆਂ, ਤਾਂ ਬੇਹੱਦ ਜ਼ਿਆਦਾ ਮੀਂਹ ਨਾਲ ਨਜਿੱਠਣ ਲਈ ਠੋਸ ਉਪਾਅ ਕਰਨ ਤੋਂ ਇਲਾਵਾ ਹੋਰ ਕੋਈ ਚਾਰਾ ਨਹੀਂ। ਤੇਜ਼ ਵਰਖਾ ਦੇ ਨਾਲ-ਨਾਲ ਘੱਟ ਵਰਖਾ ਨਾਲ ਨਜਿੱਠਣ ਲਈ ਵੀ ਉਪਾਅ ਕਰਨੇ ਪੈਣਗੇ, ਕਿਉਂਕਿ ਇੱਕ ਪਾਸੇ ਜਿੱਥੇ ਦੇਸ਼ ਦੇ ਕਈ ਸੂਬਿਆਂ ਨੂੰ ਭਾਰੀ ਮੀਂਹ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉੱਥੇ ਹੀ ਦੇਸ਼ ਦੇ ਕੁਝ ਹਿੱਸਿਆਂ ਅਤੇ ਖ਼ਾਸ ਤੌਰ 'ਤੇ ਮਹਾਰਾਸ਼ਟਰ ਵਿੱਚ ਸੋਕੇ ਦਾ ਸੰਕਟ ਉੱਭਰ ਰਿਹਾ ਹੈ। ਦੂਜੇ ਪਾਸੇ ਇਹ ਧਿਆਨ 'ਚ ਰੱਖਣਾ ਚਾਹੀਦਾ ਹੈ ਕਿ ਚਾਹੇ ਤੇਜ਼ ਮੀਂਹ ਹੋਵੇ ਜਾਂ ਘੱਟ ਮੀਂਹ, ਦੋਵੇਂ ਹੀ ਖੁਰਾਕ ਸੁਰੱਖਿਆ ਨੂੰ ਸੰਕਟ 'ਚ ਪਾਉਣ ਦਾ ਕੰਮ ਕਰਦੀਆਂ ਹਨ ਅਤੇ ਖੁਰਾਕ ਸੁਰੱਖਿਆ ਸਾਹਮਣੇ ਸੰਕਟ ਪੈਦਾ ਹੋਣ ਨਾਲ ਅਰਥਵਿਵਸਥਾ ਦੀਆਂ ਚੁਣੌਤੀਆਂ ਵੀ ਵਧਦੀਆਂ ਹਨ।

ਇੱਕ ਨਜ਼ਰ...

ਰੁਪਿੰਦਰ ਕੌਰ ਗਿੱਲ ਦੀ ਅਗਵਾਈ 'ਚ ਕਈ ਪਰਿਵਾਰ 'ਆਪ' ਵਿੱਚ ਸ਼ਾਮਲ

ਮੌੜ ਮੰਡੀ, 28 ਸਤੰਬਰ (ਸੰਦੀਪ ਕੁਮਾਰ) : ਮੌੜ ਬਲਾਕ ਅਧੀਨ ਪੈਂਦੇ ਪਿੰਡ ਭੁੰਦੜ ਵਿੱਚ ਅਕਾਲੀ ਦਲ ਨਾਲ ਸਬੰਧਤ ਕਈ ਪਰਿਵਾਰ, ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਸੀਨੀਅਰ ਵਾਈਸ ਚੇਅਰਪਰਸਨ ਰੁਪਿੰਦਰ ਕੌਰ ਗਿੱਲ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਰੁਪਿੰਦਰ ਕੌਰ ਗਿੱਲ ਨੇ ਰਣਜੀਤ ਸਿੰਘ, ਭੋਲਾ ਸਿੰਘ, ਜਗਸੀਰ ਸਿੰਘ, ਤਰਲੋਚਨ ਸਿੰਘ, ਗੋਗੜ ਸਿੰਘ, ਲਖਬੀਰ ਸਿੰਘ, ਮੀਤ ਸਿੰਘ, ਗੁਰਪ੍ਰੀਤ ਸਿੰਘ, ਪੱਪਾ ਸਿੰਘ, ਬਬਲੀ ਸਿੰਘ, ਬਿੰਦਰ ਸਿੰਘ, ਸੁਰਜੀਤ ਸਿੰਘ, ਭਿੰਦਰ ਸਿੰਘ, ਕਾਕਾ ਸਿੰਘ, ਸੁਖਪਾਲ ਕੌਰ, ਚਰਨਜੀਤ ਕੌਰ, ਪਰਮਜੀਤ ਕੌਰ ਅਤੇ ਕਰਮਜੀਤ ਕੌਰ ਦਾ 'ਆਪ' ਪਰਿਵਾਰ ਵਿੱਚ ਸਵਾਗਤ ਕੀਤਾ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਸੰਗਠਨ ਇੰਚਾਰਜ ਰਣਜੀਤ ਸਿੰਘ ਮਠਾੜੂ, ਬਲਾਕ ਪ੍ਰਧਾਨ ਮਲਕੀਤ ਸਿੰਘ ਸਮੇਤ ਪਾਰਟੀ ਦੀ ਸਮੁੱਚੀ ਇਕਾਈ ਮੌਜੂਦ ਰਹੀ। ਰੁਪਿੰਦਰ ਕੌਰ ਗਿੱਲ ਨੇ ਕਿਹਾ ਕਿ ਪਿੰਡ ਦੇ ਜਿਹੜੇ ਕੰਮ ਪਿਛਲੀਆਂ ਸਰਕਾਰਾਂ ਨਹੀਂ ਕਰ ਸਕੀਆਂ, ਉਨ੍ਹਾਂ ਨੂੰ ਮਾਨ ਸਰਕਾਰ ਵੱਲੋਂ ਪਹਿਲ ਦੇ ਆਧਾਰ 'ਤੇ ਕਰਵਾਇਆ ਜਾਵੇਗਾ। ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਮੈਂਬਰਾਂ ਦਾ ਪਾਰਟੀ ਆਗੂਆਂ ਵੱਲੋਂ ਸਿਰੋਪਾ ਪਾ ਕੇ ਸਨਮਾਨ ਕੀਤਾ।

ਸਫਾਈ ਕਰਮਚਾਰੀ ਯੂਨੀਅਨ ਦੀ ਹੋਈ ਵਿਸ਼ੇਸ਼ ਮੀਟਿੰਗ

ਅਹਿਮਦਗੜ੍ਹ, 28 ਸਤੰਬਰ (ਕਮਲ ਅਰੋੜਾ) : ਨਗਰ ਕੌਂਸਲ ਦੀ ਸਫਾਈ ਕਰਮਚਾਰੀ ਯੂਨੀਅਨ ਦੀ 26 ਸਤੰਬਰ 2026 ਨੂੰ ਇੱਕ ਵਿਸ਼ੇਸ਼ ਮੀਟਿੰਗ ਹੋਈ ਜਿਸ ਵਿੱਚ ਗੌਤਮ ਪੁੱਤਰ ਸੋਮਨਾਥ ਨੂੰ ਸਫਾਈ ਮਜ਼ਦੂਰ ਯੂਨੀਅਨ ਦੇ ਪ੍ਰਧਾਨ, ਰੂਪ ਚੰਦ ਰੂਪੀ ਨੂੰ ਵਾਈਸ ਪ੍ਰਧਾਨ ਤੇ ਚਮਨ ਲਾਲ ਦੁੱਲਾ ਨੂੰ ਚੇਅਰਮੈਨ ਨਿਯੁਕਤ ਕੀਤਾ ਗਿਆ। ਯੂਨੀਅਨ ਦੇ ਨੁਮਾਇੰਦਿਆਂ ਤੇ ਸਮੂਹ ਵਰਕਰਾਂ ਵੱਲੋਂ ਅੱਜ ਸ਼ਹੀਦ ਭਗਤ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਯੂਨੀਅਨ ਦੀ ਚੋਣ ਅਤੇ ਆਪਣੀਆਂ ਮੰਗਾਂ ਸੰਬੰਧੀ ਇੱਕ ਮੰਗ ਪੱਤਰ ਨਗਰ ਕੌਂਸਲ ਦੇ ਪ੍ਰਧਾਨ ਕਮਲਜੀਤ ਉੱਭੀ ਤੇ ਕਾਰਜ ਸਾਧਕ ਅਫਸਰ ਅਸ਼ੀਸ਼ ਕੁਮਾਰ ਨੂੰ ਦਿੱਤਾ ਗਿਆ ਤੇ ਯੂਨੀਅਨ ਦੀਆਂ ਮੰਗਾਂ ਨੂੰ ਜਲਦੀ ਤੋਂ ਜਲਦੀ ਪੂਰਾ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਕਮਲਜੀਤ ਸਿੰਘ ਉੱਭੀ, ਕਾਰਜ ਸਾਧਕ ਅਫਸਰ ਅਸ਼ੀਸ਼ ਕੁਮਾਰ, ਸਾਬਕਾ ਪ੍ਰਧਾਨ ਜਤਿੰਦਰ ਭੋਲਾ ਸਫਾਈ ਯੂਨੀਅਨ ਦੇ ਸਲਾਹਕਾਰ ਆਸ਼ੂ ਬੱਗਨ, ਮਦਨ ਮੋਹਨ, ਗੌਤਮ ਡਿੱਕਾ, ਰੇਖਾ ਰਾਣੀ, ਕੁਨਾਲ, ਕ੍ਰਿਸ਼ਨਾ ਸਿੰਘ, ਰੂਪਚੰਦ, ਕਾਲਾ ਰਾਮ ਵੈਦ, ਕੁਲਦੀਪ ਕੁਲਦੀਪ ਕੁਮਾਰ ਬਡਾਲਾ, ਕਮਲਜੀਤ ਕੌਰ, ਰਮਨ, ਗੁਰਮੀਤ, ਕਰਮਚੰਦ, ਗੁਰਤੇਜ ਸਿੰਘ, ਹਲੀਮ ਮੁਹੰਮਦ, ਜੋਤੀ, ਵੀਨਾ, ਦੀਪਕ, ਦੀਪ ਕੁਮਾਰ, ਸੰਨੀ ਕੁਮਾਰ, ਸੰਨੀ ਕੁਮਾਰ, ਸੰਨੀ ਏ. ਸ਼ਕੁੰਤਲਾ ਦੇਵੀ, ਪ੍ਰੀਤੀ, ਗੋਪਾਲ ਹੰਸ, ਛਿੰਦਰ, ਅਮੀਨ, ਮੰਜੂ, ਅਸ਼ੋਕ ਕੁਮਾਰ, ਰਾਜ ਰਾਣੀ, ਰੇਨੂ, ਕੁਲਦੀਪ, ਮੰਗਤ ਰਾਮ, ਜਸਵਿੰਦਰ ਕੁਮਾਰ, ਕਾਲਾ ਰਾਮ, ਵਿਕਰਮ ਕੁਮਾਰ, ਸੋਨੀਆ, ਕੁਲਦੀਪ ਕੁਮਾਰ, ਪਰਦੀਪ, ਵਿਜੇ ਕੁਮਾਰ ਆਦਿ ਹਾਜਰ ਸਨ।

ਸ਼ਹੀਦੇ ਆਜਮ ਸ. ਭਗਤ ਸਿੰਘ ਦਾ 119ਵਾਂ ਜਨਮ ਦਿਹਾੜਾ ਮਨਾਇਆ



ਭਵਾਨੀਗੜ੍ਹ, 28 ਸਤੰਬਰ (ਹੈਪੀ ਸ਼ਰਮਾ) : ਅੱਜ ਪੈਪਸੀਕੋ ਵਰਕਰਜ ਯੂਨੀਅਨ (ਏਟਕ) ਚੰਨੋ ਵੱਲੋਂ ਸ਼ਹੀਦੇ ਆਜਮ ਸਰਦਾਰ ਭਗਤ ਸਿੰਘ ਦਾ 119ਵਾਂ ਜਨਮ ਦਿਹਾੜਾ ਫੈਕਟਰੀ ਵਿੱਚ ਕੰਮ ਕਰਦੇ ਤਿੰਨੋਂ ਸ਼ਿਫਟਾਂ ਵਿੱਚ ਕੰਮ ਕਰਦੇ ਕਾਮਿਆਂ ਵੱਲੋਂ ਕੰਪਨੀ ਦੇ ਗੇਟ ਤੇ ਲੱਗੇ ਸ਼ਹੀਦਾਂ ਦੇ ਫੋਟੋਆਂ ਵਾਲੇ ਬੋਰਡ ਤੇ ਫੁੱਲਾਂ ਦੇ ਹਾਰ ਪਾ ਕੇ ਮਨਾਇਆ ਗਿਆ। ਯੂਨੀਅਨ ਦੇ ਮੀਤ ਪ੍ਰਧਾਨ ਕ੍ਰਿਸ਼ਨ ਸਿੰਘ ਭਡ਼ੋ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਗਤ ਸਿੰਘ ਨੌਜਵਾਨਾਂ ਲਈ ਸੋਚ ਸਮਝ ਤੇ ਵਿਚਾਰਧਾਰਾ ਦਾ ਸਿਰਮੌਰ ਨਾਮ ਹੈ। ਉਹਨਾਂ ਦੇ ਜਨਮ ਦਿਨ ਤੇ ਕਾਮਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਭਗਤ ਸਿੰਘ ਤੇ ਉਹਨਾਂ ਦੇ ਸਾਥੀਆਂ ਵੱਲੋਂ ਅੰਸੈਬਲੀ ਵਿੱਚ ਬੰਬ ਸੁੱਟਦਿਆਂ ਉਹਨਾਂ ਨੇ ਕਿਹਾ ਸੀ ਕਿ ਅੰਗਰੇਜ਼ ਹਕੂਮਤ ਗੂੰਗੇ ਬੋਲੇ ਹਾਕਮਾ ਦੀ ਸਰਕਾਰ ਹੈ ਉਹ ਪਬਲਿਕ ਸੇਫਟੀ ਬਿੱਲ ਅਤੇ ਟਰੇਡ ਡਿਸਪਿਊਟ ਐਕਟ ਬਿਲ ਪਾਸ ਕਰਨਾ ਚਾਹੁੰਦੇ ਸੀ, ਜੋ ਸਾਡੇ ਫੈਕਟਰੀ ਕਾਮਿਆਂ ਦੀਆਂ ਜਿੰਦਗੀਆਂ ਨਾਲ ਜੁੜਿਆ ਹੋਇਆ ਸੀ ਅੱਜ ਦੇ ਐਨ ਐਸ ਏ ਵਰਗਾ ਸੀ ਉਸ ਦੇ ਵਿਰੋਧ ਵਿੱਚ ਬੰਬ ਸੁੱਟਿਆ ਸੀ। ਅੱਜ ਪੋਸਟਲ ਤੇ ਅੰਗਰੇਜ ਖੰਗੇ ਸੀ ਤਾਹੀਓਂ ਟੰਗੇ ਸੀ ਦੇ ਸਟਿੱਕਰ ਵਗੈਰਾ ਲਗਾ ਕੇ ਉਹਨਾਂ ਦੇ ਅਕਸ ਨੂੰ ਖਰਾਬ ਕੀਤਾ ਜਾ ਰਿਹਾ ਹੈ ਸਾਨੂੰ ਵੱਧ ਤੋਂ ਵੱਧ ਇਤਹਾਸਿਕ ਲਿਟਰਰੇਚਰ ਪੜ੍ਹਨਾ ਚਾਹੀਦਾ ਹੈ। ਇਸ ਮੌਕੇ ਤਰਕਸ਼ੀਲ ਸੁਸਾਇਟੀ ਵੱਲੋਂ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਜਾਰੀ ਹੋਇਆ ਹੱਥ ਪਰਚਾ ਵੀ ਵੰਡਿਆ ਗਿਆ। ਇਸ ਮੌਕੇ ਹਰੀ ਸਿੰਘ, ਜਗਪਾਲ ਸਿੰਘ ਕਾਲਾਝਾੜ, ਬਲਪ੍ਰੀਤ ਸਿੰਘ ਚੰਨੋਂ, ਪਰਮਜੀਤ ਸਿੰਘ ਮਾਝੀ, ਮੇਜਰ ਸਿੰਘ ਰੱਖੜਾ, ਸੁਪਿੰਦਰ ਸਿੰਘ ਕਲਬੁਰਛਾ ਨੇ ਇਨਕਲਾਬ ਜਿੰਦਾਬਾਦ ਭਗਤ ਸਿੰਘ ਦੀ ਸੋਚ ਨੂੰ ਸਲਾਮ ਦੇ ਨਾਅਰੇ ਲਗਾਏ।

ਸੂਬੇ ਦੇ ਲੋਕਾਂ ਨੂੰ 10 ਲੱਖ ਤੱਕ ਮੁਫ਼ਤ ਇਲਾਜ ਦੀ ਸਹੂਲਤ ਦੇਣਾ ਸਰਕਾਰ ਦਾ ਵੱਡਾ ਉਪਰਾਲਾ : ਵਿੱਕੀ, ਨਾਹਰ, ਠਾਕੁਰ

ਘੱਗਾ, 28 ਸਤੰਬਰ (ਪ੍ਰਿੰਸ ਕੁਮਾਰ) : ਹਲਕਾ ਸੁਤਰਾਣਾ ਦੇ ਪਿੰਡ ਉਗੋਕੇ ਵਿਖੇ ਪੰਜਾਬ ਸਰਾਕਰ ਵੱਲੋਂ ਸੂਬੇ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ 10 ਲੱਖ ਰੁਪਏ ਵਾਲੇ ਬਣਾਏ ਸਿਹਤ ਬੀਮਾ ਕਾਰਡ ਵੰਡਣ ਮੌਕੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਸਪੁੱਤਰ ਗੁਰਮੀਤ ਸਿੰਘ ਵਿੱਕੀ , ਸਰਪੰਚ ਨਾਹਰ ਸਿੰਘ ਬਲਾਕ ਪ੍ਰਧਾਨ ਅਤੇ ਬਲਾਕ ਸੰਮਤੀ ਮੈਂਬਰ ਕੁਲਦੀਪ ਠਾਕੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸੂਬੇ ਦੇ ਲੋਕਾਂ ਦੀ ਭਲਾਈ ਵਾਸਤੇ ਅਨੇਕਾਂ ਸਕੀਮਾਂ ਚਲਾਈਆਂ ਹਨ ਤਾਂ ਕਿ ਪਿੰਡਾਂ ਅਤੇ ਸ਼ਹਿਰਾਂ ਵਿੱਚ ਲੋਕਾਂ ਨੂੰ ਮਿਆਰੀ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ । ਇਸ ਮੌਕੇ ਸੈਕੜੇ ਪਰਿਵਾਰਾਂ ਨੂੰ 10 ਲੱਖ ਤੱਕ ਮੁਫ਼ਤ ਇਲਾਜ ਵਾਲੇ ਕਾਰਡ ਵੰਡੇ ਗਏ। ਇਸ ਮੌਕੇ ਸਰਪੰਚ ਨਾਹਰ ਸਿੰਘ ਬਲਾਕ ਪ੍ਰਧਾਨ ਨੇ ਦੱਸਿਆ ਕਿ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਅਗਵਾਈ ਹੇਠ ਉਹਨਾਂ ਦੇ ਪਿੰਡ ਉਗੋਕੇ ਵਿਖੇ ਲੋੜਵੰਦ ਪਰਿਵਾਰਾਂ ਦੀ ਭਲਾਈ ਵਾਸਤੇ ਲੋਕਾਂ ਨੂੰ ਸਿਹਤ ਸਹੂਲਤਾਂ ਦਾ ਲਾਭ ਪਹੁੰਚਾਉਣ ਦੇ ਉਦੇਸ਼ ਨਾਲ 10 ਲੱਖ ਰੁਪਏ ਤੱਕ ਦੇ ਸਿਹਤ ਬੀਮਾ ਕਾਰਡ ਬਣਾਏ ਗਏ ਅਤੇ ਲਾਭਪਾਤਰੀਆਂ ਨੂੰ ਵੰਡੇ ਗਏ ਇਸ ਮੌਕੇ ਲੋਕਾਂ ਨੂੰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਅਤੇ ਬੀਮਾ ਯੋਜਨਾ ਸਬੰਧੀ ਜਾਣਕਾਰੀ ਵੀ ਦਿੱਤੀ ਗਈ।

ਨਿੱਜੀ ਯੂਨੀਵਰਸਿਟੀਆਂ ਨੂੰ ਸਿਰਫ਼ ਆਮਦਨ ਨਹੀਂ, ਅਕਾਦਮਿਕ ਜ਼ਵਾਬਦੇਹੀ ਦੀ ਵੀ ਲੋੜ ਹੈ

ਉੱਚ ਸਿੱਖਿਆ ਹੁਣ ਸਿਰਫ਼ ਸਰਕਾਰੀ ਸੰਸਥਾਵਾਂ ਤੱਕ ਸੀਮਿਤ ਨਹੀਂ ਰਹੀ। ਪੂਰੇ ਭਾਰਤ ਵਿੱਚ ਨਿੱਜੀ ਯੂਨੀਵਰਸਿਟੀਆਂ ਦਾ ਤੇਜ਼ੀ ਨਾਲ ਵਿਸਥਾਰ ਹੋਇਆ ਹੈ। ਇੰਜੀਨੀਅਰਿਗ, ਮੈਡੀਸਨ, ਮੈਨੇਜਮੈਂਟ, ਕਾਨੂੰਨ, ਖੇਤੀਬਾੜੀ, ਵਿਗਿਆਨ, ਮਨੁੱਖੀ ਵਿਸ਼ਿਆਂ, ਤਕਨਾਲੋਜੀ ਅਤੇ ਕਈ ਨਵੇਂ ਖੇਤਰਾਂ ਵਿੱਚ ਨਵੇਂ ਕੋਰਸ ਸ਼ੁਰੂ ਹੋਏ ਹਨ। ਇਨ੍ਹਾਂ ਸੰਸਥਾਵਾਂ ਨੇ ਵਾਧੂ ਸੀਟਾਂ ਪੈਦਾ ਕੀਤੀਆਂ, ਬੁਨਿਆਦੀ ਢਾਂਚੇ ਵਿੱਚ ਨਿਵੇਸ਼ ਕੀਤਾ ਅਤੇ ਉੱਚ ਸਿੱਖਿਆ ਤੱਕ ਪਹੁੰਚ ਨੂੰ ਵਧਾਉਣ ਵਿੱਚ ਯੋਗਦਾਨ ਪਾਇਆ ਹੈ।

ਪਰ ਨਿੱਜੀ ਉੱਚ ਸਿੱਖਿਆ ਦੇ ਇਸ ਵਿਸਥਾਰ ਨਾਲ ਇੱਕ ਮਹੱਤਵਪੂਰਨ ਸਵਾਲ ਵੀ ਉੱਠਦਾ ਹੈ—ਯੂਨੀਵਰਸਿਟੀ ਦਾ ਮੁੱਖ ਉਦੇਸ਼ ਕੀ ਹੋਣਾ ਚਾਹੀਦਾ ਹੈ?

ਯੂਨੀਵਰਸਿਟੀ ਸਿਰਫ਼ ਇੱਕ ਕੈਂਪਸ, ਇਮਾਰਤਾਂ ਦਾ ਸਮੂਹ, ਇੱਕ ਬ੍ਰਾਂਡ ਜਾਂ ਆਮਦਨ ਪੈਦਾ ਕਰਨ ਵਾਲੀ ਸੰਸਥਾ ਨਹੀਂ ਹੁੰਦੀ। ਇਹ ਗਿਆਨ ਦੇ ਵਿਕਾਸ, ਜ਼ਿੰਮੇਵਾਰ ਨਾਗਰਿਕਾਂ ਦੀ ਤਿਆਰੀ, ਖੋਜ ਦੇ ਉਤਸ਼ਾਹ ਅਤੇ ਸਮਾਜ ਦੀ ਸੇਵਾ ਲਈ ਜ਼ਿੰਮੇਵਾਰ ਅਕਾਦਮਿਕ ਸੰਸਥਾ ਹੁੰਦੀ ਹੈ। ਵਿੱਤੀ ਸਥਿਰਤਾ ਜ਼ਰੂਰੀ ਹੈ, ਪਰ ਆਮਦਨ ਨੂੰ ਅਕਾਦਮਿਕ ਸਫਲਤਾ ਦਾ ਮੁੱਖ ਮਾਪਦੰਡ ਨਹੀਂ ਬਣਾਇਆ ਜਾ ਸਕਦਾ।

ਯੂਨੀਵਰਸਿਟੀ ਦੀ ਅਸਲ ਤਾਕਤ ਉਸ ਦੀ ਪੜ੍ਹਾਈ, ਖੋਜ, ਵਿਦਿਆਰਥੀਆਂ, ਅਧਿਆਪਕਾਂ, ਅਕਾਦਮਿਕ ਮਾਹੌਲ ਅਤੇ ਸਮਾਜ ਪ੍ਰਤੀ ਯੋਗਦਾਨ ਦੀ ਗੁਣਵੱਤਾ ਵਿੱਚ ਦਿਖਾਈ ਦੇਣੀ ਚਾਹੀਦੀ ਹੈ।

ਸਿੱਖਿਆ ਆਮ ਕਾਰੋਬਾਰ ਤੋਂ ਵੱਖਰੀ ਹੈ

ਇੱਕ ਨਿੱਜੀ ਯੂਨੀਵਰਸਿਟੀ ਨੂੰ ਚਲਾਉਣ ਲਈ ਪੈਸੇ ਦੀ ਲੋੜ ਹੁੰਦੀ ਹੈ। ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਤਨਖਾਹ ਦੇਣੀ ਹੁੰਦੀ ਹੈ, ਲੈਬੋਰੇਟਰੀਆਂ ਅਤੇ ਲਾਇਬ੍ਰੇਰੀਆਂ ਦੀ ਸੰਭਾਲ ਕਰਨੀ ਹੁੰਦੀ ਹੈ, ਤਕਨਾਲੋਜੀ ਉਪਲਬਧ ਕਰਵਾਉਣੀ ਹੁੰਦੀ ਹੈ, ਬੁਨਿਆਦੀ ਢਾਂਚਾ ਤਿਆਰ ਕਰਨਾ ਹੁੰਦਾ ਹੈ ਅਤੇ ਖੋਜ ਨੂੰ ਸਹਿਯੋਗ ਦੇਣਾ ਹੁੰਦਾ ਹੈ। ਵਿੱਤੀ ਯੋਜਨਾਬੰਦੀ ਜਾਂ ਜਾਇਜ਼ ਆਮਦਨ ਪੈਦਾ ਕਰਨ ਵਿੱਚ ਆਪਣੇ ਆਪ ਵਿੱਚ ਕੋਈ ਗਲਤ ਗੱਲ ਨਹੀਂ।

ਚਿੰਤਾ ਉਸ ਵੇਲੇ ਪੈਦਾ ਹੁੰਦ

ਹਲਕਾ ਇੰਚਾਰਜ ਹਨੀ ਟੌਂਸਾ ਦੀ ਮਿਹਨਤ ਲਿਆਈ ਰੰਗ ਬਲਾਚੌਰ ਦੇ ਕਈ ਪ੍ਰਮੁੱਖ ਆਗੂਆਂ ਨੇ ਫੜਿਆ ਅਕਾਲੀ ਦਲ ਦਾ ਪੱਲਾ

ਬਲਾਚੌਰ 28 ਸਤੰਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਹਲਕਾ ਬਲਾਚੌਰ ਵਿੱਚ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਲਈ ਵਿੱਢੀ ਗਈ ਮੁਹਿੰਮ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ, ਜਦੋਂ ਵਾਰਡ ਨੰਬਰ 8 ਦੇ ਵੱਖ-ਵੱਖ ਸਿਆਸੀ ਧਿਰਾਂ ਨਾਲ ਸਬੰਧਤ ਕਈ ਪ੍ਰਮੁੱਖ ਆਗੂਆਂ ਅਤੇ ਵਰਕਰਾਂ ਨੇ ਪਾਰਟੀ ਦੀਆਂ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟਾਉਂਦਿਆਂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ। ਇਹ ਸ਼ਮੂਲੀਅਤ ਹਲਕਾ ਇੰਚਾਰਜ ਹਨੀ ਟੌਂਸਾ ਦੀ ਯੋਗ ਅਤੇ ਪ੍ਰਭਾਵਸ਼ਾਲੀ ਅਗਵਾਈ ਹੇਠ ਕਰਵਾਈ ਗਈ।ਜ਼ਿਕਰਯੋਗ ਹੈ ਕਿ ਜਦੋਂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਜੀ ਬਾਦਲ ਵੱਲੋਂ ਹਨੀ ਟੌਂਸਾ ਨੂੰ ਹਲਕਾ ਬਲਾਚੌਰ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਅਤੇ ਉਨ੍ਹਾਂ ਦੀ ਪੂਰੀ ਟੀਮ ਦਿਨ-ਰਾਤ ਹਲਕੇ ਦੇ ਘਰ-ਘਰ ਤੱਕ ਪਹੁੰਚ ਕਰਕੇ ਲੋਕਾਂ ਨੂੰ ਪਾਰਟੀ ਨਾਲ ਜੋੜਨ ਵਿੱਚ ਜੁਟੇ ਹੋਏ ਹਨ। ਉਨ੍ਹਾਂ ਦੀ ਇਸ ਅਣਥੱਕ ਮਿਹਨਤ, ਨਿਰੰਤਰ ਜਨ-ਸੰਪਰਕ ਅਤੇ ਲੋਕ-ਪੱਖੀ ਸੋਚ ਸਦਕਾ ਹਰ ਰੋਜ਼ ਵੱਖ-ਵੱਖ ਪਾਰਟੀਆਂ ਦੇ ਆਗੂ ਤੇ ਆਮ ਲੋਕ ਅਕਾਲੀ ਦਲ ਵਿੱਚ ਸ਼ਾਮਲ ਹੋ ਰਹੇ ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਵਾਲੇ ਪ੍ਰਮੁੱਖ ਆਗੂਆਂ ਵਿੱਚ:ਪਰਵਿੰਦਰ ਸਿੰਘ ਲਾਲੀ,ਰਮੇਸ਼ ਲਾਲ ਜਸਵੀਰ ਸਿੰਘ,ਪਰਮਜੀਤ ਸਿੰਘ,ਮਨਿੰਦਰ ਕੁਮਾਰ,ਸੋਨੂੰ ਅਤੇ ਉਨ੍ਹਾਂ ਦੇ ਹੋਰ ਅਨੇਕਾਂ ਸਮਰਥਕ ਸ਼ਾਮਲ ਹਨ। ਹਲਕਾ ਇੰਚਾਰਜ ਹਨੀ ਟੌਂਸਾ ਦੀ ਲੀਡਰਸ਼ਿਪ ਵਿੱਚ ਪੂਰਨ ਭਰੋਸਾ ਜਤਾਉਂਦਿਆਂ ਇਹਨਾਂ ਸਾਰੇ ਆਗੂਆਂ ਨੇ ਪਾਰਟੀ ਦਾ ਪੱਲਾ ਫੜਿਆ।ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਏ ਆਗੂਆਂ ਨੇ ਸਾਂਝੇ ਤੌਰ ਤੇ ਆਖਿਆ ਕਿ ਉਹ ਹਲਕਾ ਇੰਚਾਰਜ ਹਨੀ ਟੌਂਸਾ ਦੀ ਮਿਹਨਤੀ ਲੀਡਰਸ਼ਿਪ ਅਤੇ ਪਾਰਟੀ ਦੀਆਂ ਨੀਤੀਆਂ ਤੋਂ ਬਹੁਤ ਪ੍ਰਭਾਵਿਤ ਹਨ। ਉਨ੍ਹਾਂ ਨੇ ਪ੍ਰਣ ਕੀਤਾ ਕਿ ਉਹ ਬਲਾਚੌਰ ਹਲਕੇ ਦੇ ਵਾਰਡ-ਵਾਰਡ ਅਤੇ ਪਿੰਡ-ਪਿੰਡ ਵਿੱਚ ਦਿਨ-ਰਾਤ ਮਿਹਨਤ ਕਰਨਗੇ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਹਨੀ ਟੌਂਸਾ ਦੀ ਵੱਡੀ ਜਿੱਤ ਯਕੀਨੀ ਬਣਾਉਣ ਲਈ ਕੋਈ ਕਸਰ ਨਹੀਂ ਛੱਡਣਗੇ।ਦੂਜੇ ਪਾਸੇ, ਹਲਕਾ ਇੰਚਾਰਜ ਹਨੀ ਟੌਂਸਾ ਨੇ ਪਾਰਟੀ ਵਿੱਚ ਆਏ ਸਾਰੇ ਨਵੇਂ ਸਾਥੀਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵਿੱਚ ਹਰ ਇੱਕ ਵਰਕਰ ਅਤੇ ਆਗੂ ਦਾ ਪੂਰਾ ਮਾਣ-ਸਨਮਾਨ ਅਤੇ ਸਤਿਕਾਰ ਕੀਤਾ ਜਾਵੇਗਾ। ਉਨ੍ਹਾਂ ਆਖਿਆ ਕਿ ਸਾਰਿਆਂ ਦੇ ਸਹਿਯੋਗ ਨਾਲ ਬਲਾਚੌਰ ਹਲਕੇ ਨੂੰ ਵਿਕਾਸ ਦੀਆਂ ਬੁਲੰਦੀਆਂ ਤੇ ਲੈ ਕੇ ਜਾਵਾਂਗੇ।ਇਸ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਹਲਕਾ ਇੰਚਾਰਜ ਹਨੀ ਟੌਂਸਾ ਤੋਂ ਇਲਾਵਾ ਤਰਲੋਚਨ ਸਿੰਘ, ਬਿਮਲ ਕੁਮਾਰ ਸਿਆਣਾ ਸਾਬਕਾ ਚੇਅਰਮੈਨ, ਸਤਨਾਮ ਸਿੰਘ ਸਹੂੰਗੜਾ, ਅਜਮੇਰ ਸਿੰਘ ਭਾਗਪੁਰ, ਗੁਰਦੀਪ ਬਕਾਪੁਰ, ਰਾਣਾ ਰਣਦੀਪ ਕੌਂਸ਼ਲ ਸਾਬਕਾ ਪ੍ਰਧਾਨ, ਯੂਥ ਆਗੂ ਬਿੱਟੂ ਹੱਕਲਾ ਨਰਿੰਦਰ ਚੇਚੀ ਜ਼ਿਲ੍ਹਾ ਪ੍ਰਧਾਨ ਬੀ.ਸੀ. ਵਿੰਗ), ਬਿੱਟੂ ਆਦੇਆਣਾ, ਸਰਬਜੀਤ ਕੋਹਲੀ ਗੌਰਵ ਚੌਹਾਨ, ਅਵਤਾਰ ਸਿੰਘ, ਓਂਕਾਰ ਭੁੰਬਲਾ, ਸੰਮੀ ਸਰਪੰਚ ਉਧਨੋਵਾਲ, ਦਿਲਾਵਰ ਦਿੱਲੀ ਅਤੇ ਸੋਹਣ ਸਿੰਘ ਟੱਪਰੀਆਂ ਸਮੇਤ ਸਮੂਹ ਅਕਾਲੀ ਟੀਮ ਦੇ ਅਹੁਦੇਦਾਰ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਬਲਾਚੌਰ ਦੇ ਕੰਗਣਾ ਪੁਲ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ 'ਤੇ ਲਗਾਇਆ ਦੁੱਧ ਦਾ ਵਿਸ਼ਾਲ ਲੰਗਰ

ਬਲਾਚੌਰ 28 ਸਤੰਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ, ਡਾਕਟਰ ਧਾਮੀ ਪਹਿਲਵਾਨ ਗਰੁੱਪ ਅਤੇ ਪਿੰਡ ਖੋਜਾ ਦੀ ਨੌਜਵਾਨ ਸਭਾ ਵੱਲੋਂ ਸਾਂਝੇ ਤੌਰ 'ਤੇ ਕੰਗਣਾ ਪੁਲ, ਬਲਾਚੌਰ ਵਿਖੇ ਸ਼ਰਧਾ ਅਤੇ ਉਤਸ਼ਾਹ ਨਾਲ ਦੁੱਧ ਦਾ ਵਿਸ਼ਾਲ ਲੰਗਰ ਲਗਾਇਆ ਗਿਆ। ਇਸ ਮੌਕੇ ਇਲਾਕੇ ਦੇ ਲੋਕਾਂ ਅਤੇ ਰਾਹਗੀਰਾਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਸੇਵਾ ਦਾ ਲਾਭ ਉਠਾਇਆ। ਸਮਾਗਮ ਦੌਰਾਨ ਡਾਕਟਰ ਇੰਦਰਜੀਤ ਸਿੰਘ ਧਾਮੀ ਪਹਿਲਵਾਨ, ਭੁਪਿੰਦਰ ਸਿੰਘ ਅਤੇ ਸਮੂਹ ਪਿੰਡ ਵਾਸੀਆਂ ਵੱਲੋਂ ਲੰਗਰ ਦੀ ਸੇਵਾ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ ਗਿਆ। ਇਸ ਮੌਕੇ ਹਾਜ਼ਰ ਬੁਲਾਰਿਆਂ ਨੇ ਸ਼ਹੀਦ ਭਗਤ ਸਿੰਘ ਦੇ ਜੀਵਨ, ਉਨ੍ਹਾਂ ਦੇ ਕ੍ਰਾਂਤੀਕਾਰੀ ਵਿਚਾਰਾਂ ਅਤੇ ਦੇਸ਼ ਦੀ ਆਜ਼ਾਦੀ ਲਈ ਦਿੱਤੀ ਗਈ ਅਜ਼ੀਮ ਕੁਰਬਾਨੀ ਨੂੰ ਯਾਦ ਕੀਤਾ। ਬੁਲਾਰਿਆਂ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਦੇਸ਼ ਪ੍ਰਤੀ ਨਿਸ਼ਕਾਮ ਭਾਵਨਾ ਅਤੇ ਦੇਸ਼ ਭਗਤੀ ਦਾ ਜਜ਼ਬਾ ਅੱਜ ਦੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਸ਼ਹੀਦੀ ਅਤੇ ਜਨਮ ਦਿਹਾੜੇ ਮਨਾਉਣ ਦਾ ਮੁੱਖ ਮਕਸਦ ਸਾਡੀ ਨਵੀਂ ਪੀੜ੍ਹੀ ਨੂੰ ਸ਼ਹੀਦਾਂ ਦੀ ਮਹਾਨ ਵਿਚਾਰਧਾਰਾ ਨਾਲ ਜੋੜਨਾ ਅਤੇ ਉਨ੍ਹਾਂ ਵਿੱਚ ਦੇਸ਼ ਸੇਵਾ ਦਾ ਜਜ਼ਬਾ ਪੈਦਾ ਕਰਨਾ ਹੈ। ਇਸ ਆਯੋਜਨ ਨੂੰ ਸਫਲ ਬਣਾਉਣ ਵਿੱਚ ਮੁਖਤਿਆਰ ਸਿੰਘ ਧਾਮੀ, ਹਰਜਿੰਦਰ ਸਿੰਘ ਚਾਹਲ, ਸਰਬਜੀਤ ਸਾਬੀ, ਸਰਪੰਚ ਸੰਤੋਖ ਸਿੰਘ ਸੈਣੀ, ਰਣਜੀਤ ਸਿੰਘ ਸੈਣੀ, ਹਰਵਿੰਦਰ ਸਿੰਘ ਸੈਣੀ, ਗੁਰਮੁਖ ਸਿੰਘ ਸੈਣੀ, ਗਿਆਨ ਸਿੰਘ ਸੈਣੀ, ਯੁਵਰਾਜ ਬੰਗਾ, ਬੈਟ ਰਾਏ ਸਾਹਿਬ ਅਤੇ ਸ਼ਿਵ ਘੁੰਮਣ ਸਮੇਤ ਹੋਰਨਾਂ ਇਲਾਕਾ ਨਿਵਾਸੀਆਂ ਅਤੇ ਪਤਵੰਤਿਆਂ ਨੇ ਵਿਸ਼ੇਸ਼ ਸਮਾਗਮ ਦੇ ਅੰਤ ਵਿੱਚ ਸਮੂਹ ਪ੍ਰਬੰਧਕਾਂ ਵੱਲੋਂ ਸਮਾਜ ਵਿੱਚ ਆਪਸੀ ਭਾਈਚਾਰਕ ਸਾਂਝ, ਏਕਤਾ ਅਤੇ ਨਿਸ਼ਕਾਮ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਦਾ ਸੱਦਾ ਦਿੱਤਾ ਗਿਆ। ਉਨ੍ਹਾਂ ਸਾਰਿਆਂ ਨੂੰ ਸ਼ਹੀਦ ਭਗਤ ਸਿੰਘ ਦੁਆਰਾ ਦਰਸਾਏ ਮਾਰਗ 'ਤੇ ਚੱਲ ਕੇ ਸਮਾਜ ਸੁਧਾਰ ਦੇ ਕਾਰਜਾਂ ਵਿੱਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਪ੍ਰਾਚੀਨ ਸ਼ਿਵ ਮੰਦਿਰ ਵਿਖੇ 51ਵਾਂ ਮਾਸਿਕ ਸੰਕੀਰਤਨ ਸ਼ਰਧਾ ਨਾਲ ਮਨਾਇਆ ਗਿਆ

ਕਰਤਾਰਪੁਰ 28 ਸਤੰਬਰ (ਦਿਨੇਸ਼ ਕੁਮਾਰ) ਮੁਹੱਲਾ ਸੇਖੜੀਆਂ ਸਥਿਤ ਪ੍ਰਾਚੀਨ ਸ਼ਿਵ ਮੰਦਿਰ ਵਿਖੇ ਮੰਦਿਰ ਕਮੇਟੀ ਦੇ ਪ੍ਰਧਾਨ ਦੀਪਕ ਕੁਮਾਰ ਵਰਮਾ ਦੀ ਦੇਖ-ਰੇਖ ਹੇਠ 51ਵਾਂ ਮਾਸਿਕ ਸੰਕੀਰਤਨ ਸ਼ਰਧਾ ਅਤੇ ਭਗਤੀਭਾਵ ਨਾਲ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾ ਸ਼ਰਧਾਲੂਆਂ ਨੇ ਭਾਗ ਲੈਂਦਿਆਂ ਭਜਨ-ਕੀਰਤਨ ਰਾਹੀਂ ਭਗਵਾਨ ਦਾ ਗੁਣਗਾਨ ਕੀਤਾ, ਜਿਸ ਨਾਲ ਪੂਰਾ ਮੰਦਿਰ ਪਰਿਸਰ ਭਗਤੀਮਈ ਮਾਹੌਲ ਨਾਲ ਗੂੰਜ ਉੱਠਿਆ। ਸੰਕੀਰਤਨ ਦੀ ਸ਼ੁਰੂਆਤ ਸਰਿਤਾ ਵਰਮਾ, ਬੀਨਾ ਰਾਣੀ, ਖੁਸ਼ਵਿੰਦਰ ਬਬਲੀ, ਨਿਰਮਲਾ ਰਾਣੀ, ਬਿੰਦਰ, ਜੋਤੀ ਜਗਪਾਲ ਅਤੇ ਨੀਰੂ ਸਮੇਤ ਹੋਰ ਮਹਿਲਾ ਸ਼ਰਧਾਲੂਆਂ ਵੱਲੋਂ ਜੋਤ ਜਗਾ ਕੇ ਕੀਤੀ ਗਈ। ਇਸ ਉਪਰੰਤ ਗਣੇਸ਼ ਵੰਦਨਾ ਕੀਤੀ ਗਈ। ਮਹਿਲਾ ਸ਼ਰਧਾਲੂਆਂ ਨੇ ਭਗਵਾਨ ਸ਼ਿਵ, ਮਾਤਾ ਰਾਣੀ ਅਤੇ ਰਾਧਾ-ਕ੍ਰਿਸ਼ਨ ਜੀ ਨੂੰ ਸਮਰਪਿਤ ਭਜਨਾਂ ਦਾ ਗਾਇਨ ਕਰਕੇ ਸੰਗਤ ਨੂੰ ਭਗਤੀ ਰਸ ਵਿੱਚ ਰੰਗ ਦਿੱਤਾ। ਇਸ ਦੌਰਾਨ ਹਨੂਮਾਨ ਚਾਲੀਸਾ ਦਾ ਪਾਠ ਵੀ ਕੀਤਾ ਗਿਆ।ਸਮਾਗਮ ਦੇ ਅੰਤ ਵਿੱਚ ਪੰਡਿਤ ਉਮਾਸ਼ੰਕਰ ਵੱਲੋਂ ਵਿਧੀਵਤ ਪੂਜਾ-ਅਰਚਨਾ ਉਪਰੰਤ ਆਰਤੀ ਕੀਤੀ ਗਈ ਅਤੇ ਸੰਗਤ ਵਿੱਚ ਪ੍ਰਸ਼ਾਦ ਵੰਡਿਆ ਗਿਆ। ਮੰਦਿਰ ਦੇ ਪ੍ਰਧਾਨ ਦੀਪਕ ਕੁਮਾਰ ਵਰਮਾ ਨੇ ਸਮਾਗਮ ਵਿੱਚ ਪਹੁੰਚੇ ਸਾਰੇ ਸ਼ਰਧਾਲੂਆਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਮਾਜ ਵਿੱਚ ਭਗਤੀ, ਸਦਭਾਵਨਾ ਅਤੇ ਆਪਸੀ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।ਇਸ ਮੌਕੇ ਪੂਜਾ ਸ਼ਾਰਦਾ, ਮੀਨਾ ਸੇਖੜੀ, ਨਿਰਮਲਾ ਰਾਣੀ, ਮੰਜੂ, ਨੀਰੂ, ਗੀਤਾ ਗੁਪਤਾ, ਰੇਖਾ ਰਾਣੀ, ਜੋਤੀ, ਮੰਜੂ ਗੁਪਤਾ, ਰੀਟਾ ਵਰਮਾ, ਰੁਚੀ, ਲਕਸ਼ਮੀ, ਕਾਲੂ ਵਰਮਾ, ਬਿੰਨੀ ਸਮੇਤ ਵੱਡੀ ਗਿਣਤੀ ਵਿੱਚ ਮਹਿਲਾ ਸ਼ਰਧਾਲੂ ਹਾਜ਼ਰ ਸਨ।

ਮਿਲਾਵਟਖੋਰੀ ਵਿਰੁੱਧ ਸਿਹਤ ਵਿਭਾਗ ਦੀ ਸਖ਼ਤ ਕਾਰਵਾਈ, ਅਪ੍ਰੈਲ ਤੋਂ ਲਏ ਗਏ 312 ਸੈਂਪਲ

ਅੰਮ੍ਰਿਤਸਰ, 28 ਸਤੰਬਰ (ਰਾਜੇਸ਼ ਡੈਨੀ) ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸੀਐਫਡੀਏ ਮੈਡਮ ਕਮਲਪ੍ਰੀਤ ਕੌਰ ਬਰਾੜ, ਡਿਪਟੀ ਕਮਿਸ਼ਨਰ ਅਤੇ ਸਿਵਲ ਸਰਜਨ ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਖਾਣ-ਪੀਣ ਦੀਆਂ ਵਸਤੂਆਂ ਦੀ ਗੁਣਵੱਤਾ ਯਕੀਨੀ ਬਣਾਉਣ ਅਤੇ ਮਿਲਾਵਟਖੋਰੀ 'ਤੇ ਰੋਕ ਲਗਾਉਣ ਲਈ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਲਗਾਤਾਰ ਇਨਫੋਰਸਮੈਂਟ ਮੁਹਿੰਮ ਚਲਾਈ ਜਾ ਰਹੀ ਹੈ। 28 ਸਤੰਬਰ 2026 ਤੱਕ ਦੀ ਪ੍ਰਗਤੀ ਰਿਪੋਰਟ ਅਨੁਸਾਰ, ਸਿਹਤ ਵਿਭਾਗ ਵੱਲੋਂ 312 ਦੁੱਧ ਦੇ ਸੈਂਪਲ, 291 ਦੁੱਧ ਦੀਆਂ ਇੰਸਪੈਕਸ਼ਨਾਂ ਅਤੇ 52 ਦਹੀਂ ਦੇ ਸੈਂਪਲ ਲਏ ਗਏ ਹਨ। ਇਸ ਤੋਂ ਇਲਾਵਾ ਮਿਲਾਵਟਖੋਰੀ ਅਤੇ ਫੂਡ ਸੇਫਟੀ ਨਿਯਮਾਂ ਦੀ ਉਲੰਘਣਾ ਨਾਲ ਸਬੰਧਤ ਮਾਮਲਿਆਂ ਵਿੱਚ ਕਾਨੂੰਨੀ ਕਾਰਵਾਈ ਵੀ ਕੀਤੀ ਗਈ ਹੈ। ਰਿਪੋਰਟ ਅਨੁਸਾਰ ਸੀ.ਜੇ.ਐਮ. ਕੋਰਟ ਵੱਲੋਂ 4 ਮਾਮਲਿਆਂ ਵਿੱਚ 40,000 ਅਤੇ ਏ.ਡੀ.ਸੀ. ਕੋਰਟ ਵੱਲੋਂ 36 ਮਾਮਲਿਆਂ ਵਿੱਚ 1,79,500 ਦੇ ਜੁਰਮਾਨੇ ਲਗਾਏ ਗਏ ਹਨ। ਇਸ ਦੇ ਨਾਲ ਹੀ ਸੀ.ਜੇ.ਐਮ ਕੋਰਟ ਵਿੱਚ 1 ਅਤੇ ਏ.ਡੀ.ਸੀ. ਕੋਰਟ ਵਿੱਚ 47 ਮਾਮਲੇ ਦਾਇਰ ਕੀਤੇ ਗਏ ਹਨ। ਵੱਖ-ਵੱਖ ਮਾਮਲਿਆਂ ਵਿੱਚ ਹੋਰ ਕਾਨੂੰਨੀ ਕਾਰਵਾਈ ਵੀ ਪ੍ਰਕਿਰਿਆ ਅਧੀਨ ਹੈ। ਸਿਹਤ ਵਿਭਾਗ ਵੱਲੋਂ 720 ਕਿਲੋ ਗੁੰਮ੍ਹੇ ਦੀ ਪਿੰਨੀ ਅਤੇ 70 ਕਿਲੋ ਗੁੰਮ੍ਹੇ ਦਾ ਪਨੀਰ ਸਮੇਤ ਹੋਰ ਖਾਣ-ਪੀਣ ਦੀਆਂ ਵਸਤੂਆਂ ਸਬੰਧੀ ਵੀ ਕਾਰਵਾਈ ਕੀਤੀ ਗਈ ਹੈ। ਇਸ ਤੋਂ ਇਲਾਵਾ 6 ਸੀਜ਼ ਕੀਤੀਆਂ ਵਸਤੂਆਂ ਅਤੇ 40 ਲੈਬ ਰਿਪੋਰਟਾਂ ਦਰਜ ਕੀਤੀਆਂ ਗਈਆਂ ਹਨ। ਡਿਜ਼ਾਇਨੇਟਿਡ ਅਫ਼ਸਰ-ਕਮ-ਜ਼ਿਲ੍ਹਾ ਸਿਹਤ ਅਫ਼ਸਰ ਡਾ. ਮਨਜੀਤ ਸਿੰਘ ਰਟੌਲ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਫੂਡ ਸੇਫਟੀ ਮਾਪਦੰਡਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਦੁੱਧ ਅਤੇ ਦੁੱਧ ਤੋਂ ਬਣੇ ਉਤਪਾਦਾਂ ਸਮੇਤ ਵੱਖ-ਵੱਖ ਖਾਣ-ਪੀਣ ਦੀਆਂ ਵਸਤੂਆਂ ਦੀ ਜਾਂਚ ਅੱਗੇ ਵੀ ਜਾਰੀ ਰਹੇਗੀ ਅਤੇ ਨਿਯਮਾਂ ਦੀ ਉਲੰਘਣਾ ਪਾਏ ਜਾਣ 'ਤੇ ਫੂਡ ਸੇਫਟੀ ਤੇ ਸਟੈਂਡਰਡ ਐਕਟ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਉਹ ਸਿਰਫ਼ ਮਿਆਰੀ ਅਤੇ ਭਰੋਸੇਯੋਗ ਸਰੋਤਾਂ ਤੋਂ ਹੀ ਖਾਣ-ਪੀਣ ਦੀਆਂ ਵਸਤੂਆਂ ਖਰੀਦਣ ਅਤੇ ਮਿਲਾਵਟਖੋਰੀ ਜਾਂ ਘਟੀਆ ਗੁਣਵੱਤਾ ਸਬੰਧੀ ਕਿਸੇ ਵੀ ਸ਼ੱਕ ਦੀ ਸੂਰਤ ਵਿੱਚ ਸਿਹਤ ਵਿਭਾਗ ਨੂੰ ਸੂਚਿਤ ਕਰਨ।

ਜਸ਼ਨ-ਏ-ਇਨਕਲਾਬ ਵਿੱਚ ਸ਼ਾਮਲ ਹੋਣ ਲਈ ਸਾਬਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ ਨੇ ਬੱਸਾਂ ਨੂੰ ਕੀਤਾ ਰਵਾਨਾ

ਸ੍ਰੀ ਹਰਗੋਬਿੰਦਪੁਰ ਸਾਹਿਬ, 28 ਸਤੰਬਰ (ਪ੍ਰਦੀਪ ਸਿੰਘ ਬੇਦੀ) ਆਮ ਆਦਮੀ ਪਾਰਟੀ ਵੱਲੋਂ ਕਰਵਾਏ ਜਾ ਰਹੇ 'ਜਸ਼ਨ-ਏ-ਇਨਕਲਾਬ' ਸਮਾਗਮ ਵਿੱਚ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਵੱਡੀ ਗਿਣਤੀ ਵਿੱਚ ਵਰਕਰਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਸਾਬਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ ਵੱਲੋਂ ਬੱਸਾਂ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਬਲਵਿੰਦਰ ਸਿੰਘ ਲਾਡੀ ਨੇ ਕਿਹਾ ਕਿ ਹਲਕੇ ਤੋਂ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਸਮਰਥਕ ਜਸ਼ਨ-ਏ-ਇਨਕਲਾਬ ਸਮਾਗਮ ਵਿੱਚ ਸ਼ਾਮਲ ਹੋਣ ਲਈ ਰਵਾਨਾ ਹੋਏ ਹਨ। ਉਨ੍ਹਾਂ ਵਰਕਰਾਂ ਨੂੰ ਸਮਾਗਮ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਨਿਸ਼ਾਨ ਸਿੰਘ, ਟਰੇਡ ਕਮਿਸ਼ਨ ਦੇ ਚੇਅਰਮੈਨ ਰੁਪਿੰਦਰ ਸਿੰਘ ਰੋਮੀ, ਯੂਥ ਪ੍ਰਧਾਨ ਤੇਜਵੰਤ ਸਿੰਘ, 'ਆਪ' ਆਗੂ ਦਿਲਬਾਗ ਸਿੰਘ ਨੰਗਲ ਝੌਰ ਸਮੇਤ ਪਾਰਟੀ ਦੇ ਹੋਰ ਅਹੁਦੇਦਾਰ ਅਤੇ ਵਰਕਰ ਮੌਜੂਦ ਰਹੇ। ਇਸ ਦੌਰਾਨ ਵਰਕਰਾਂ ਵਿੱਚ ਸਮਾਗਮ ਨੂੰ ਲੈ ਕੇ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਬੱਸਾਂ ਰਵਾਨਾ ਹੋਣ ਸਮੇਂ ਪਾਰਟੀ ਵਰਕਰਾਂ ਵੱਲੋਂ ਪੂਰੇ ਜੋਸ਼ ਨਾਲ ਸ਼ਮੂਲੀਅਤ ਕੀਤੀ ਗਈ।

ਚਾਵਲਾ ਬਲਾਤਕਾਰ ਮਾਮਲੇ 'ਚ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਸਖ਼ਤ ਰੁਖ਼, ਐਸ.ਜੀ.ਪੀ.ਸੀ. ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇਵੇ ਅਸਤੀਫ਼ਾ: ਬਾਪੂ ਤਰਸੇਮ ਸਿੰਘ

ਅੰਮ੍ਰਿਤਸਰ 28 ਸਤੰਬਰ: ਚਾਵਲਾ ਬਲਾਤਕਾਰ ਮਾਮਲੇ ਨੂੰ ਲੈ ਕੇ ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਦੀ ਅਗਵਾ

ਮੋਹਿੰਦਰ ਭਗਤ ਨੇ ਜਲੰਧਰ ਵਿਖੇ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-4 ਤਹਿਤ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦਾ ਉਦਘਾਟਨ ਕੀਤਾ

ਜਲੰਧਰ, 28 ਸਤੰਬਰ (ਪਰਮਜੀਤ ਸਿੰਘ) ਪੰਜਾਬ ਦੇ ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਸਰਕਾਰੀ ਆਰਟਸ ਅਤੇ ਸਪੋਰਟਸ ਕਾਲਜ, ਜਲੰਧਰ ਵਿਖੇ ਖੇਡਾਂ ਵਤਨ ਪੰਜਾਬ ਦੀਆਂ ਦੇ ਸੀਜ਼ਨ-4 ਤਹਿਤ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦਾ ਉਦਘਾਟਨ ਕੀਤਾ। ਇਸ ਮੌਕੇ ਹਾਜ਼ਰ ਖੇਡ ਪ੍ਰੇਮੀਆਂ, ਅਧਿਕਾਰੀਆਂ ਅਤੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਮੰਤਰੀ ਨੇ ਭਾਗ ਲੈਣ ਵਾਲਿਆਂ ਦਾ ਨਿੱਘਾ ਸਵਾਗਤ ਕੀਤਾ ਅਤੇ ਪੰਜਾਬ ਭਰ ਵਿੱਚ ਖੇਡ ਢਾਂਚੇ ਨੂੰ ਹੁਲਾਰਾ ਦੇਣ ਲਈ ਸੂਬਾ ਸਰਕਾਰ ਦੇ ਲਗਾਤਾਰ ਕੀਤੇ ਜਾ ਰਹੇ ਉਪਰਾਲਿਆਂ ਤੇ ਜ਼ੋਰ ਦਿੱਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਦਾ ਜ਼ਿਕਰ ਕਰਦਿਆਂ ਸ੍ਰੀ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਖੁਦ ਖੇਡਾਂ ਦੇ ਬਹੁਤ ਸ਼ੌਕੀਨ ਹਨ ਅਤੇ ਉਨ੍ਹਾਂ ਨੇ ਸੂਬੇ ਵਿੱਚ ਖੇਡਾਂ ਦੇ ਵਿਕਾਸ ਨੂੰ ਹਮੇਸ਼ਾ ਪਹਿਲ ਦਿੱਤੀ ਹੈ। ਉਨ੍ਹਾਂ ਕਿਹਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਰ ਪੱਧਰ ਤੇ ਖੇਡਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਭਾਵੇਂ ਉਹ ਫੁੱਟਬਾਲ ਹੋਵੇ, ਵਾਲੀਬਾਲ ਹੋਵੇ ਜਾਂ ਹਾਕੀ।' ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਖੇਡਾਂ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਸ੍ਰੀ ਭਗਤ ਨੇ ਅੱਗੇ ਕਿਹਾ, ਇੱਕ ਖਿਡਾਰੀ ਕਦੇ ਵੀ ਨਸ਼ਿਆਂ ਦੀ ਵਰਤੋਂ ਨਹੀਂ ਕਰਦਾ। ਖੇਡਾਂ ਨੂੰ ਉਤਸ਼ਾਹਿਤ ਕਰਨਾ ਨਸ਼ਿਆਂ ਦੀ ਸਮੱਸਿਆ ਨੂੰ ਖਤਮ ਕਰਨ ਅਤੇ ਸਾਡੇ ਨੌਜਵਾਨਾਂ ਦੀ ਊਰਜਾ ਨੂੰ ਉਸਾਰੂ ਤਰੱਕੀ ਵੱਲ ਲਿਜਾਣ ਲਈ ਸਾਡਾ ਸਭ ਤੋਂ ਅਹਿਮ ਹਥਿਆਰ ਹੈ। ਮੰਤਰੀ ਨੇ ਐਲਾਨ ਕੀਤਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸੂਬਾ ਸਰਕਾਰ ਵੱਲੋਂ 1800 ਕਰੋੜ ਰੁਪਏ ਦਾ ਬੇਮਿਸਾਲ ਖੇਡ ਬਜਟ ਰੱਖਿਆ ਗਿਆ ਹੈ। ਉਨ੍ਹਾਂ ਦੱਸਿਆ, ਇਸ ਇਤਿਹਾਸਕ ਫੰਡ ਦੀ ਵਰਤੋਂ ਪੰਜਾਬ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਆਧੁਨਿਕ (ਮਾਡਲ) ਖੇਡ ਮੈਦਾਨ ਬਣਾਉਣ ਲਈ ਕੀਤੀ ਜਾਵੇਗੀ ਤਾਂ ਜੋ ਪਿੰਡਾਂ ਦੇ ਨੌਜਵਾਨ ਖਿਡਾਰੀਆਂ ਨੂੰ ਉੱਚ ਪੱਧਰੀ ਸਹੂਲਤਾਂ ਮਿਲ ਸਕਣ।' ਉਨ੍ਹਾਂ ਸਰਕਾਰ ਦੇ ਉਨ੍ਹਾਂ ਉਪਰਾਲਿਆਂ ਦਾ ਵੀ ਜ਼ਿਕਰ ਕੀਤਾ ਜਿਨ੍ਹਾਂ ਤਹਿਤ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੁਕਾਬਲਿਆਂ ਦੀ ਤਿਆਰੀ ਕਰ ਰਹੇ ਖਿਡਾਰੀਆਂ ਨੂੰ ਖੁਰਾਕ ਅਤੇ ਸਿਖਲਾਈ ਲਈ ਪਹਿਲਾਂ ਤੋਂ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ, ਤਾਂ ਜੋ ਕੋਈ ਵੀ ਖਿਡਾਰੀ ਵਿੱਤੀ ਤੰਗੀ ਕਾਰਨ ਮੌਕੇ ਤੋਂ ਵਾਂਝਾ ਨਾ ਰਹਿ ਜਾਵੇ। ਸਮਾਗਮ ਦੇ ਆਯੋਜਨ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ ਦੀ ਸ਼ਲਾਘਾ ਕਰਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਨੌਜਵਾਨ ਭਾਗੀਦਾਰਾਂ ਨੂੰ ਲਗਨ, ਅਨੁਸ਼ਾਸ ਇਸ ਮੌਕੇ ਹਾਜ਼ਰ ਪ੍ਰਮੁੱਖ ਸ਼ਖਸੀਅਤਾਂ ਵਿੱਚ ਨਗਰ ਨਿਗਮ ਦੀ ਸੰਯੁਕਤ ਕਮਿਸ਼ਨਰ ਸੁਮਨਦੀਪ ਕੌਰ, ਜ਼ਿਲ੍ਹਾ ਖੇਡ ਅਧਿਕਾਰੀ ਗੁਰਪ੍ਰੀਤ ਸਿੰਘ ਬਾਜਵਾ, ਸਹਾਇਕ ਡਾਇਰੈਕਟਰ (ਯੁਵਕ ਸੇਵਾਵਾਂ) ਰਵੀ ਦਾਰਾ, ਪ੍ਰਿੰਸੀਪਲ ਡਾ. ਰਣਦੀਪ ਸਿੰਘ, ਖੇਡ ਭਲਾਈ ਬੋਰਡ ਦੇ ਉਪ ਚੇਅਰਮੈਨ ਇੰਦਰਪ੍ਰੀਤ ਸਿੰਘ, ਧਿਆਨ ਚੰਦ ਐਵਾਰਡੀ ਸੁਸ਼ੀਲ ਕੋਹਲੀ, ਸੇਵਾਮੁਕਤ ਜ਼ਿਲ੍ਹਾ ਖੇਡ ਅਧਿਕਾਰੀ ਗੁਰਭਗਤ ਸਿੰਘ ਸੰਧੂ, ਤੈਰਾਕੀ ਕੋਚ ਉਮੇਸ਼ ਸ਼ਰਮਾ, ਐਥਲੈਟਿਕ ਕੋਚ ਵਿਕਰਮਜੀਤ ਸਿੰਘ, ਤੈਰਾਕੀ ਕੋਚ ਮੰਗਤ ਸਿੰਘ ਅਤੇ ਕੁਸ਼ਤੀ ਕੋਚ ਰਣਜੀਤ ਸਿੰਘ ਸ਼ਾਮਲ ਸਨ।

ਪੰਜਾਬ ਦੇ ਪਾਣੀਆਂ 'ਤੇ ਫਿਰ ਡਾਕੇ ਦਾ ਦੋਸ਼, ਕਿਸ਼ਾਊ ਪ੍ਰੋਜੈਕਟ 'ਚ ਪੰਜਾਬ ਨੂੰ ਅਣਗੌਲਿਆ ਕਰਨ 'ਤੇ ਦਕੋਹਾ ਨੇ ਚੁੱਕੇ ਸਵਾਲ

ਸ੍ਰੀ ਹਰਗੋਬਿੰਦਪੁਰ ਸਾਹਿਬ, 28 ਸਤੰਬਰ (ਪ੍ਰਦੀਪ ਸਿੰਘ ਬੇਦੀ) ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਮਨਵਿੰਦਰ ਸਿੰਘ ਦਕੋਹਾ ਨੇ ਪੰਜਾਬ ਦੇ ਪਾਣੀਆਂ ਦੇ ਮੁੱਦੇ ਨੂੰ ਲੈ ਕੇ ਕੇਂਦਰ ਸਰਕਾਰ ਅਤੇ ਹਰਿਆਣਾ ਸਰਕਾਰ 'ਤੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਯਮੁਨਾ ਦੇ ਪਾਣੀ ਨਾਲ ਸਬੰਧਤ ਕਿਸ਼ਾਊ ਬਹੁ-ਮੰਤਵੀ ਪ੍ਰੋਜੈਕਟ ਸਬੰਧੀ ਛੇ ਸੂਬਿਆਂ ਵਿਚਕਾਰ ਹੋਏ ਸਮਝੌਤੇ ਵਿੱਚ ਪੰਜਾਬ ਦਾ ਜ਼ਿਕਰ ਨਾ ਹੋਣਾ ਪੰਜਾਬ ਦੇ ਹਿੱਤਾਂ ਦੀ ਅਣਦੇਖੀ ਹੈ। ਮਨਵਿੰਦਰ ਸਿੰਘ ਦਕੋਹਾ ਨੇ ਕਿਹਾ ਕਿ ਪੰਜਾਬ ਦੇ ਪਾਣੀਆਂ ਨਾਲ ਸਬੰਧਤ ਮਾਮਲੇ ਨੂੰ ਸਿਰਫ਼ ਪ੍ਰਸ਼ਾਸਨਿਕ ਜਾਂ ਤਕਨੀਕੀ ਮਸਲਾ ਨਹੀਂ ਸਮਝਿਆ ਜਾਣਾ ਚਾਹੀਦਾ, ਸਗੋਂ ਇਹ ਪੰਜਾਬ ਦੇ ਹੱਕਾਂ ਨਾਲ ਜੁੜਿਆ ਗੰਭੀਰ ਮੁੱਦਾ ਹੈ। ਉਨ੍ਹਾਂ ਦੱਸਿਆ ਕਿ ਸਾਬਕਾ ਅਧਿਕਾਰੀ ਕੇ.ਬੀ.ਐੱਸ. ਸਿੱਧੂ ਵੱਲੋਂ ਵੀ ਕੇਂਦਰੀ ਜਲ ਸ਼ਕਤੀ ਮੰਤਰੀ ਨੂੰ ਪੱਤਰ ਲਿਖ ਕੇ ਕਿਸ਼ਾਊ ਪ੍ਰੋਜੈਕਟ ਸਬੰਧੀ ਪੰਜਾਬ ਦੇ ਹਿੱਤਾਂ ਦਾ ਮੁੱਦਾ ਉਠਾਇਆ ਗਿਆ ਹੈ। ਐੱਸ. ਵਾਈ.ਐੱਲ. ਦੇ ਮੁੱਦੇ ਕਾਰਨ ਪੰਜਾਬ ਪਹਿਲਾਂ ਹੀ ਆਪਣੇ ਦਰਿਆਈ ਪਾਣੀਆਂ ਦੇ ਮਾਮਲੇ ਵਿੱਚ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਤਿੰਨ ਦਰਿਆਵਾਂ ਦੇ ਕੁੱਲ 34.34 ਐੱਮ.ਏ.ਐੱਫ. ਪਾਣੀ ਵਿੱਚੋਂ ਪੰਜਾਬ ਕੋਲ ਲਗਭਗ 14.22 ਐੱਮ.ਏ.ਐੱਫ. ਪਾਣੀ ਹੀ ਰਹਿ ਗਿਆ ਹੈ, ਜਦਕਿ ਬਾਕੀ ਪਾਣੀ ਹਰਿਆਣਾ, ਦਿੱਲੀ ਅਤੇ ਰਾਜਸਥਾਨ ਨੂੰ ਦਿੱਤੇ ਜਾਣ ਦੀ ਗੱਲ ਕਹੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦੀ ਸਥਿਤੀ ਵੀ ਚਿੰਤਾਜਨਕ ਬਣੀ ਹੋਈ ਹੈ। ਦਕੋਹਾ ਅਨੁਸਾਰ ਪੰਜਾਬ ਦੇ 153 ਬਲਾਕਾਂ ਵਿੱਚੋਂ 115 ਬਲਾਕਾਂ ਦਾ ਧਰਤੀ ਹੇਠਲਾ ਪਾਣੀ ਖ਼ਤਰੇ ਦੇ ਪੱਧਰ 'ਤੇ ਪਹੁੰਚ ਚੁੱਕਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਹਾਲਾਤ ਵਿੱਚ ਪੰਜਾਬ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ। ਮਨਵਿੰਦਰ ਸਿੰਘ ਦਕੋਹਾ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੀ ਮੰਗ ਹੈ ਕਿ ਪੰਜਾਬ ਦੇ ਪਾਣੀਆਂ 'ਤੇ ਪੰਜਾਬ ਦੇ ਹੱਕ ਨੂੰ ਪਹਿਲ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਐੱਸ.ਵਾਈ.ਐੱਲ. ਨਹਿਰ ਕਿਸੇ ਵੀ ਕੀਮਤ 'ਤੇ ਨਹੀਂ ਬਣਨ ਦਿੱਤੀ ਜਾਵੇਗੀ ਅਤੇ ਯਮੁਨਾ ਬੇਸਿਨ ਨਾਲ ਸਬੰਧਤ ਪਾਣੀਆਂ ਦੇ ਮਾਮਲੇ ਵਿੱਚ ਪੰਜਾਬ ਦੇ ਹੱਕਾਂ ਨੂੰ ਬਹਾਲ ਕੀਤਾ ਜਾਵੇ। ਇਸ ਮੌਕੇ ਹਰਪਾਲ ਸਿੰਘ ਖਜ਼ਾਲਾ, ਪ੍ਰਗਟ ਸਿੰਘ ਹਰਚੋਵਾਲ ਸਮੇਤ ਕਰਨਵੀਰ ਸਿੰਘ, ਜਸਬੀਰ ਸਿੰਘ, ਕਸ਼ਮੀਰ ਸਿੰਘ, ਜਗਦੀਪ ਸਿੰਘ, ਗੁਰਦਿੱਤ ਸਿੰਘ, ਅਮਨਦੀਪ ਸਿੰਘ ਖਜ਼ਾਲਾ ਅਤੇ ਇਲਾਕੇ ਦੇ ਹੋਰ ਵਰਕਰ ਹਾਜ਼ਰ ਸਨ।

ਪਿੰਡ ਚੱਕੜ ਵਿਖੇ 9ਵਾਂ ਮੁਫ਼ਤ ਆਯੁਸ਼ ਮੈਡੀਕਲ ਕੈਂਪ ਸਫਲਤਾਪੂਰਵਕ ਆਯੋਜਿਤ

ਪਠਾਨਕੋਟ 28, ਸਤੰਬਰ (ਤਰੁਣ ਸਣਹੋਤਰਾ) ਡਾਇਰੈਕਟਰ ਆਯੁਰਵੈਦਾ ਡਾ. ਰਮਨ ਖੰਨਾ ਅਤੇ ਜ਼ਿਲ੍ਹਾ ਆਯੁਰਵੈਦਾ ਤੇ ਯੂਨਾਨੀ ਅਫ਼ਸਰ ਪਠਾਨਕੋਟ ਡਾ. ਹਰਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪਿੰਡ ਚੱਕੜ ਵਿਖੇ 9ਵਾਂ ਮੁਫ਼ਤ ਆਯੁਸ਼ ਮੈਡੀਕਲ ਕੈਂਪ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਕੈਂਪ ਦਾ ਆਯੋਜਨ ਡਾ. ਮੰਜੂ ਯਾਦਵ ਵੱਲੋਂ ਕੀਤਾ ਗਿਆ। ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਸਿਹਤ ਸੇਵਾਵਾਂ ਦਾ ਲਾਭ ਲਿਆ। ਆਯੁਰਵੈਦਿਕ ਓਪੀਡੀ ਵਿੱਚ 573 ਮਰੀਜ਼ਾਂ ਅਤੇ ਹੋਮਿਓਪੈਥਿਕ ਓਪੀਡੀ ਵਿੱਚ 372 ਮਰੀਜ਼ਾਂ ਦੀ ਜਾਂਚ ਕੀਤੀ ਗਈ। ਮਰੀਜ਼ਾਂ ਨੂੰ ਉਨ੍ਹਾਂ ਦੀ ਸਿਹਤ ਸਮੱਸਿਆ ਅਨੁਸਾਰ ਡਾਕਟਰੀ ਸਲਾਹ ਅਤੇ ਲੋੜੀਂਦੀ ਇਲਾਜ ਸਬੰਧੀ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ। ਕੈਂਪ ਵਿੱਚ ਆਯੁਰਵੈਦਿਕ ਡਾਕਟਰਾਂ ਵਜੋਂ ਡਾ. ਰਿਤਿਕਾ ਅਤੇ ਡਾ. ਸੋਨਮ ਨੇ ਆਪਣੀਆਂ ਸੇਵਾਵਾਂ ਨਿਭਾਈਆਂ। ਇਸ ਤੋਂ ਇਲਾਵਾ ਆਯੁਰਵੈਦਿਕ ਉਪਵੈਦਾਂ ਵਿੱਚ ਸ਼੍ਰੀ ਅਭਿਸ਼ੇਕ ਸ਼ਰਮਾ ਅਤੇ ਸ਼੍ਰੀ ਸੰਦੀਪ ਹਾਜ਼ਰ ਰਹੇ ਅਤੇ ਕੈਂਪ ਦੀਆਂ ਸੇਵਾਵਾਂ ਵਿੱਚ ਆਪਣਾ ਯੋਗਦਾਨ ਪਾਇਆ। ਹੋਮਿਓਪੈਥੀ ਵਿਭਾਗ ਵੱਲੋਂ ਡਾ. ਓ. ਪੀ. ਵਿਗ ਨੇ ਵੀ ਕੈਂਪ ਵਿੱਚ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ। ਇਸ ਮੌਕੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਆਯੁਸ਼ ਵਿਭਾਗ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਨੇੜਲੇ ਖੇਤਰਾਂ ਵਿੱਚ ਮਿਆਰੀ ਅਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਅਜਿਹੇ ਮੈਡੀਕਲ ਕੈਂਪ ਲਗਾਤਾਰ ਆਯੋਜਿਤ ਕੀਤੇ ਜਾ ਰਹੇ ਹਨ। ਇਨ੍ਹਾਂ ਕੈਂਪਾਂ ਰਾਹੀਂ ਲੋਕਾਂ ਨੂੰ ਆਯੁਰਵੈਦ ਅਤੇ ਹੋਮਿਓਪੈਥੀ ਇਲਾਜ ਪ੍ਰਣਾਲੀਆਂ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਸਿਹਤ ਪ੍ਰਤੀ ਜਾਗਰੂਕ ਵੀ ਕੀਤਾ ਜਾਂਦਾ ਹੈ।

ਰਮਨ ਬਹਿਲ ਨੇ ਪਿੰਡ ਜਾਫਰਪੁਰ ਵਿਖੇ 18 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖ ਕੇ ਕੰਮ ਸ਼ੁਰੂ ਕਰਵਾਇਆ

ਗੁਰਦਾਸਪੁਰ, 28 ਸਤੰਬਰ (ਗੁਲਸ਼ਨ ਰਣੀਆ) ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਨੇ ਪਿੰਡ ਜਾਫਰਪੁਰ ਵਿਖੇ 18 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖ ਕੇ ਕੰਮ ਸ਼ੁਰੂ ਕਰਵਾਇਆ ਅਤੇ ਕਿਹਾ ਕਿ ਸਾਡਾ ਮੁੱਖ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਤੋਂ ਦੂਰ ਰੱਖ ਕੇ ਖੇਡਾਂ ਨਾਲ ਜੋੜਨਾ ਹੈ। ਇਸੇ ਸੋਚ ਤਹਿਤ ਪਿੰਡ ਦੇ ਨੌਜਵਾਨਾਂ ਲਈ ਇਸ ਅਧੁਨਿਕ ਸਟੇਡੀਅਮ ਦੀ ਸ਼ੁਰੂਆਤ ਕੀਤੀ ਗਈ ਹੈ ਤਾਂ ਜੋ ਉਹ ਆਪਣੀ ਖੇਡ ਪ੍ਰਤਿਭਾ ਨੂੰ ਨਿਖਾਰ ਸਕਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਰੰਗਲੇ ਪੰਜਾਬ ਦੇ ਉਦੇਸ਼ ਦੀ ਪੂਰਤੀ ਸਦਕਾ ਸੂਬੇ ਦੀ ਨੌਜਵਾਨੀ ਨੂੰ ਚੰਗੇ ਰਾਹੇ ਪਾਉਣ ਲਈ ਪੁਰਜ਼ੋਰ ਉਪਰਾਲੇ ਕਰ ਰਹੀ ਹੈ। ਨੌਜਵਾਨ ਵਰਗ ਨਸ਼ਿਆਂ ਤੋਂ ਦੂਰ ਰਹੇ, ਇਸ ਲਈ ਵੱਧ ਤੋ ਵੱਧ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ ਤਾਂ ਜੋ ਨੌਜਵਾਨ ਖੇਡਾਂ ਨਾਲ ਜੁੜਿਆ ਰਹੇ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੌਜਵਾਨ ਵਰਗ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ। ਨੌਜਵਾਨ ਵਰਗ ਨੂੰ ਮਾੜੀ ਕੁਰੀਤੀਆਂ ਤੋਂ ਬਚਾਉਣ ਲਈ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ, ਜਿਥੇ ਲਗਾਤਾਰ ਮਿਹਨਤ ਕਰਕੇ ਜਿਥੇ ਇਕ-ਇਕ ਨੌਜਵਾਨ ਸਿਹਤਮੰਦ ਰਹੇਗਾ ਤੇ ਖੇਡਾਂ ਖੇਡ ਕੇ ਆਪਣੀ ਐਨਰਜੀ ਨੂੰ ਸਕਰਾਤਮਕ ਗਤੀਵਿਧੀਆਂ ਵੱਲ ਲਗਾਏਗਾ। ਸੰਗਠਨ ਇੰਚਾਰਜ ਭਾਰਤ ਭੂਸ਼ਣ ਸ਼ਰਮਾ, ਟਰੱਸਟੀ ਜਗਜੀਤ ਸਿੰਘ ਪਿੰਟਾ ਜ਼ਿਲ੍ਹਾ ਸਕੱਤਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰਣਜੀਤ ਸਿੰਘ ਹੇਮਰਾਜਪੁਰ, ਬਲਾਕ ਪ੍ਰਧਾਨ ਅਤੇ ਇੰਪਰੂਵਮੈਂਟ ਟਰੱਸਟ ਦੇ ਟਰੱਸਟੀ ਹਿਤੇਸ਼ ਮਹਾਜਨ, ਜ਼ਿਲ੍ਹਾ ਸਕੱਤਰ ਨਸ਼ਾ ਮੁਕਤੀ ਮੋਰਚਾ ਗੁਰਦਾਸਪੁਰ, ਪਵਨ ਕੁਮਾਰ, ਯੂਥ ਪ੍ਰਧਾਨ ਸੰਦੀਪ ਸ਼ੇਰਾ, ਯੂਥ ਆਗੂ ਰਣਜੋਧ ਸਿੰਘ ਹਰਦੋਬਥਵਾਲਾ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

ਸ਼ਹੀਦ ਮੱਖਣ ਸਿੰਘ ਦੀ ਵਿਦਿਆਰਥਣ ਨੇ ਕੀਤਾ ਕਮਾਲ, ਰਾਜ ਪੱਧਰੀ ਕਰਾਟੇ ਮੁਕਾਬਲੇ ਵਿੱਚ ਜਿੱਤਿਆ ਸੋਨ ਤਮਗਾ

ਪਠਾਨਕੋਟ 28, ਸਤੰਬਰ (ਤਰੁਣ ਸਣਹੋਤਰਾ) ਸ਼ਹੀਦ ਮੱਖਣ ਸਿੰਘ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਪਠਾਨਕੋਟ ਦੀ 11ਵੀਂ ਜਮਾਤ ਦੀ ਵਿਦਿਆਰਥਣ ਪੂਰਨਿਮਾ ਨੇ ਰਾਜ ਪੱਧਰੀ ਕਰਾਟੇ ਮੁਕਾਬਲੇ ਵਿੱਚ ਸੋਨ ਤਮਗਾ ਹਾਸਲ ਕਰਕੇ ਜ਼ਿਲ੍ਹੇ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਪੂਰਨਿਮਾ ਨੇ ਆਪਣੀ ਸ਼ਾਨਦਾਰ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਇਹ ਕਾਮਯਾਬੀ ਹਾਸਲ ਕੀਤੀ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮੀਨਮ ਸ਼ਿਖਾ ਦੀ ਦੇਖ-ਰੇਖ ਹੇਠ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਦੌਰਾਨ ਪੂਰਨਿਮਾ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਪੂਰਨਿਮਾ ਦੀ ਇਸ ਉਪਲਬਧੀ ਨਾਲ ਸਕੂਲ ਵਿੱਚ ਖੁਸ਼ੀ ਦੀ ਲਹਿਰ ਹੈ। ਸਕੂਲ ਪ੍ਰਬੰਧਨ ਵੱਲੋਂ ਪੂਰਨਿਮਾ ਨੂੰ ਇਸ ਸ਼ਾਨਦਾਰ ਜਿੱਤ ਲਈ ਵਧਾਈ ਦਿੱਤੀ ਗਈ। ਪ੍ਰਿੰਸੀਪਲ ਮੀਨਮ ਸ਼ਿਖਾ ਨੇ ਕਿਹਾ ਕਿ ਪੂਰਨਿਮਾ ਸ਼ੁਰੂ ਤੋਂ ਹੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਰਹੀ ਹੈ। ਉਸ ਦੀ ਮਿਹਨਤ, ਅਨੁਸ਼ਾਸਨ ਅਤੇ ਲਗਨ ਨੇ ਉਸ ਨੂੰ ਅੱਜ ਇਸ ਮੁਕਾਮ ਤੱਕ ਪਹੁੰਚਾਇਆ ਹੈ। ਪੂਰਨਿਮਾ ਦੀ ਇਸ ਸਫਲਤਾ ਪਿੱਛੇ ਉਸ ਦੀ ਮਾਤਾ ਮੀਨਾਕਸ਼ੀ, ਪਿਤਾ ਰੋਸ਼ਨ ਲਾਲ, ਸਰੀਰਕ ਸਿੱਖਿਆ ਅਧਿਆਪਕ ਗੁਰਤੇਜ ਸਿੰਘ ਪਟਿਆਲ ਅਤੇ ਸਰੀਰਕ ਸਿੱਖਿਆ ਅਧਿਆਪਿਕਾ ਨਰੇਸ਼ ਕੁਮਾਰੀ ਦਾ ਵੀ ਬਹੁਤ ਵੱਡਾ ਯੋਗਦਾਨ ਹੈ। ਪੂਰਨਿਮਾ ਦੀ ਇਸ ਸਫਲਤਾ ਨਾਲ ਸਕੂਲ ਦੀਆਂ ਹੋਰ ਵਿਦਿਆਰਥਣਾਂ ਨੂੰ ਵੀ ਪ੍ਰੇਰਣਾ ਮਿਲੇਗੀ। ਸਕੂਲ ਸਟਾਫ ਅਤੇ ਸਮੂਹ ਵਿਦਿਆਰਥਣਾਂ ਨੇ ਪੂਰਨਿਮਾ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਨੀਰਜ, ਰਾਜੀਵ, ਨਿਤਿਨ, ਰੁਪਿੰਦਰ ਕੌਰ, ਸੁਨੀਤਾ, ਸੁਮਨ ਬਾਲਾ, ਰੇਖਾ ਦ

ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਭਾਰਤੀ ਲੋਕਤੰਤਰ ਦਾ ਹਤਿਆਰਾ : ਵਿਧਾਇਕ ਕਾਲਾ ਢਿੱਲੋਂ

ਬਰਨਾਲਾ, 28 ਸਤੰਬਰ (ਅਵਤਾਰ ਸਿੰਘ ਫਰਵਾਹੀ) : ਭਾਰਤ ਦੇ ਮੁੱਖ ਚੋਣ ਕਮਿਸ਼ਨ ਦੀ ਕੁਰਸੀ 'ਤੇ ਬੈਠਾ ਗਿਆਨੇਸ਼ ਕੁਮਾਰ ਲੋਕਤੰਤਰ ਦਾ ਸਭ ਤੋਂ ਵੱਡਾ ਹਤਿਆਰਾ ਹੈ ਜਿਸ ਨੇ ਭਾਜਪਾ ਦੇ ਇਸ਼ਾਰੇ 'ਤੇ ਵੋਟ ਚੋਰੀ ਦਾ ਕਾਂਡ ਕਰਕੇ ਅਤੇ ਭਾਰਤੀ ਚੋਣ ਕਮਿਸ਼ਨ ਦੇ ਨਿਯਮਾਂ ਦੀਆਂ ਧੱਜੀਆਂ ਉਡਾ ਕੇ ਲੋਕਤੰਤਰ ਦੀ ਹੱਤਿਆ ਕੀਤੀ ਹੈ। ਦੇਸ਼ ਦੀ ਸਰਬ ਉੱਚ ਅਦਾਲਤ ਸੁਪਰੀਮ ਕੋਰਟ ਨੂੰ ਚਾਹੀਦਾ ਹੈ ਕਿ ਉਹ ਮੌਜੂਦਾ ਦੌਰ 'ਚ ਭਾਰਤੀ ਚੋਣ ਕਮਿਸ਼ਨ 'ਚ ਹੋਈਆਂ ਧਾਂਦਲੀਆਂ ਦਾ ਨੋਟਿਸ ਲਵੇ ਅਤੇ ਤੁਰੰਤ ਆਪਣੇ ਅਧਿਕਾਰਾਂ ਦੀ ਵਰਤੋਂ ਕਰਕੇ ਭਾਰਤੀ ਚੋਣ ਕਮਿਸ਼ਨ ਨੂੰ ਅਹੁਦੇ ਤੋਂ ਹਟਾਵੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਦੇ ਦਫਤਰ ਸਾਹਮਣੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਭਾਰਤੀ ਚੋਣ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਣ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਵਿਧਾਇਕ ਢਿੱਲੋਂ ਨੇ ਕਿਹਾ ਕਿ ਐਸਆਈਆਰ ਦੇ ਨਾਮ ਹੇਠ ਭਾਰਤ ਵਿੱਚ ਵੋਟ ਚੋਰੀ ਦੀ ਸਾਜਿਸ਼ ਭਾਜਪਾ ਤੇ ਗਿਆਨੇਸ਼ ਕੁਮਾਰ ਦੀ ਸਾਂਝੀ ਸਾਜ਼ਿਸ਼ ਹੈ ਜਿਸ ਤਹਿਤ ਲੱਖਾਂ ਕਰੋੜਾਂ ਵੋਟਾਂ ਦੀ ਕਟਿੰਗ ਕਰਕੇ ਅਤੇ ਇਧਰੋਂ ਉਧਰੋਂ ਵੋਟਾਂ ਦੀ ਤਬਦੀਲੀ ਕਰਕੇ ਭਾਜਪਾ ਨੂੰ ਸਿਆਸੀ ਲਾਭ ਪਹੁੰਚਾਇਆ ਗਿਆ ਹੈ। ਵਿਧਾਇਕ ਢਿੱਲੋਂ ਨੇ ਕਿਹਾ ਕਿ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲ ਕੁਮਾਰ ਨੇ ਵੋਟ ਚੋਰੀ ਦੇ ਕਾਂਡ ਦਾ ਖੁਲਾਸਾ ਕਰਕੇ ਭਾਜਪਾ ਦੀਆਂ ਜੜ੍ਹਾਂ 'ਚ ਤੇਲ ਦੇ ਦਿੱਤਾ ਹੈ ਅਤੇ ਹੁਣ ਭਾਜਪਾ ਨੂੰ ਆਪਣੀ ਵੋਟ ਚੋਰੀ ਦੀ ਸਾਜਿਸ਼ ਦਾ ਖਮਿਆਜ਼ਾ ਭੁਗਤਣਾ ਪਵੇਗਾ। ਉਹਨਾਂ ਕਿਹਾ ਕਿ ਭਾਰਤ ਦਾ ਚੋਣ ਕਮਿਸ਼ਨਰ ਭਾਵੇਂ ਕਿ ਨਿਰਪੱਖ ਸੰਵਿਧਾਨਕ ਸੰਸਥਾ ਹੈ ਜੋ ਅਤੀਤ ਵਿੱਚ ਨਿਯਮਾਂ ਦੇ ਅਨੁਸਾਰ ਸੰਵਿਧਾਨ ਦੀ ਰੱਖਿਆ ਕਰਦਾ ਆਇਆ ਹੈ ਪਰੰਤੂ ਮੌਜੂਦਾ ਮੁੱਖ ਚੋਣ ਕਮਿਸ਼ਨਰ ਨੇ ਕੇਂਦਰੀ ਸੱਤਾਧਾਰੀ ਪਾਰਟੀ ਭਾਜਪਾ ਦਾ ਹੱਥ ਠੋਕਾ ਬਣ ਕੇ ਭਾਰਤੀ ਚੋਣ ਕਮਿਸ਼ਨ ਦੇ ਇਤਿਹਾਸ 'ਤੇ ਇੱਕ ਕਲੰਕ ਲਗਾ ਦਿੱਤਾ ਹੈ। ਵਿਧਾਇਕ ਢਿੱਲੋਂ ਨੇ ਭਾਰਤ ਦੇ ਰਾਸ਼ਟਰਪਤੀ ਨੂੰ ਵੀ ਅਪੀਲ ਕੀਤੀ ਕਿ ਉਹ ਦੇਸ਼ ਦੀਆਂ ਸਾਰੀਆਂ ਵਿਰੋਧੀ ਪਾਰਟੀਆਂ ਦੀ ਅਪੀਲ ਦੇ ਮੱਦੇਨਜ਼ਰ ਭਾਰਤੀ ਮੁੱਖ ਚੋਣ ਕਮਿਸ਼ਨਰ ਦੇ ਖ਼ ?ਲਾਫ਼ ਤੁਰੰਤ ਕਾਰਵਾਈ ਕਰਕੇ ਲੋਕਤੰਤਰ ਦੀ ਰੱਖਿਆ ਕਰਨ ਲਈ ਮਿਸਾਲੀ ਕਦਮ ਚੁੱਕਣ ਕਿਉਂਕਿ ਮੁੱਖ ਚੋਣ ਕਮਿਸ਼ਨਰ ਵੱਲੋਂ ਵੋਟ ਚੋਰੀ ਦੀ ਰਚੀ ਗਈ ਸਾਜਿਸ਼ ਬਚੇ ਖੁਚੇ ਲੋਕਤੰਤਰ ਲਈ ਬਹੁਤ ਵੱਡਾ ਖਤਰਾ ਹੈ। ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਭਾਰਤੀ ਮੁੱਖ ਚੋਣ ਕਮਿਸ਼ਨਰ ਗਿਆਨੇਸ ਕੁਮਾਰ ਦਾ ਪੁਤਲਾ ਵੀ ਫੂਕਿਆ ਗਿਆ ਅਤੇ ਕੇਂਦਰ ਸਰਕਾਰ ਤੇ ਮੁੱਖ ਚੋਣ ਕਮਿਸ਼ਨਰ ਦੇ ਖਿਲਾਫ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ ਗਈ। ? ਇਸ ਮੌਕੇ ਕਾਂਗਰਸ ਪਾਰਟੀ ਦੇ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਮਨਵਿੰਦਰ ਕੌਰ ਪੱਖੋ, ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਚੇਅਰਮੈਨ ਮੱਖਣ ਕੁਮਾਰ ਸ਼ਰਮਾ, ਸੀਨੀਅਰ ਕਾਂਗਰਸੀ ਆਗੂ ਮਹੇਸ਼ ਕੁਮਾਰ ਲੋਟਾ, ਕੁਲਵਿੰਦਰ ਸਿੰਘ ਧੌਲਾ, ਗੁਰਤੇਜ ਸਿੰਘ ਨੈਣੇਵਾਲ, ਜਸਮੇਲ ਸਿੰਘ ਬੜੀ, ਸੁਰਿੰਦਰਪਾਲ ਬਾਲਾ, ਸਤਨਾਮ ਸਿੰਘ ਪੱਤੀ, ਬਿੱਟੂ ਸ਼ਰਮਾ ਪੀਏ, ਸਰਬਜੀਤ ਕੌਰ ਸਾਬਕਾ ਚੇਅਰਮੈਨ ਜ਼ਿਲ੍ਹਾ ਪਰਿਸ਼ਦ ਬਰਨਾਲਾ, ਸਰਬਜੀਤ ਸਿੰਘ ਸਰਬੀ ਪ੍ਰਧਾਨ ਜ਼ਿਲ੍ਹਾ ਕਿਸਾਨ ਵਿੰਗ, ਅਮਰਜੀਤ ਸਿੰਘ ਮਹਿਲਕਲਾਂ, ਉਜਾਗਰ ਸਿੰਘ ਛਾਪਾ, ਬਲਵੰਤ ਰਾਏ ਹਮੀਦੀ, ਐਡਵੋਕੇਟ ਜਸਬੀਰ ਸਿੰਘ ਖੇੜੀ, ਸੂਰਤ ਸਿੰਘ ਬਾਜਵਾ, ਗਿਰਧਰ ਮਿੱਤਲ, ਸਮੇਤ ਭਰਵੀਂ ਗਿਣਤੀ ਵਿੱਚ ਕਾਂਗਰਸ ਦੇ ਜ਼ਿਲ੍ਹਾ ਬਲਾਕ ਪੱਧਰੀ ਆਗੂ ਅਤੇ ਵਰਕਰ ਹਾਜ਼ਰ ਸਨ।

ਸਫ਼ਾ ਇੱਕ ਦੀਆਂ ਬਾਕੀ...

ਉੱਜੈਨ ਵਿੱਚ ਸ਼ਾਹੀ ਮਸਜਿਦ.....

ਵੱਲੋਂ ਇਸ ਦਾ ਵਿਰੋਧ ਕੀਤਾ ਗਿਆ ਅਤੇ ਮਾਹੌਲ ਤਣਾਅਪੂਰਨ ਹੋ ਗਿਆ। ਮਾਮਲਾ ਅਦਾਲਤ ਤੱਕ ਵੀ ਪਹੁੰਚਿਆ ਸੀ। ਮੱਧ ਪ੍ਰਦੇਸ਼ ਹਾਈ ਕੋਰਟ ਨੇ ਇਸ ਮਹੀਨੇ ਮਸਜਿਦ ਦੇ ਪ੍ਰਭਾਵਿਤ ਹਿੱਸੇ ਨੂੰ ਹਟਾਉਣ ਦੀ ਕਾਰਵਾਈ 'ਤੇ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ ਸੀ। ਅਦਾਲਤੀ ਕਾਰਵਾਈ ਦਾ ਸਬੰਧ ਸੜਕ ਚੌੜੀ ਕਰਨ ਲਈ ਨਗਰ ਨਿਗਮ ਵੱਲੋਂ ਕੀਤੀ ਜਾ ਰਹੀ ਕਾਰਵਾਈ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਨਾਲ ਸੀ। ਪ੍ਰਸ਼ਾਸਨ ਨੇ ਲੋਕਾਂ ਨੂੰ ਅਫਵਾਹਾਂ ਤੋਂ ਬਚਣ ਅਤੇ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ ਹੈ। ਅਧਿਕਾਰੀਆਂ ਮੁਤਾਬਕ ਕਾਰਵਾਈ ਦਾ ਮੁੱਖ ਉਦੇਸ਼ ਸੜਕ ਚੌੜੀ ਕਰਨ ਨਾਲ ਜੁੜਿਆ ਹੈ ਅਤੇ ਪੂਰੀ ਮਸਜਿਦ ਨੂੰ ਢਾਹੁਣ ਦੀ ਕਾਰਵਾਈ ਨਹੀਂ ਕੀਤੀ ਜਾ ਰਹੀ। ਇਸ ਦੌਰਾਨ ਪੁਲਿਸ ਵੱਲੋਂ ਇਲਾਕੇ ਵਿੱਚ ਸੁਰੱਖਿਆ ਪ੍ਰਬੰਧ ਹੋਰ ਸਖ਼ਤ ਕਰ ਦਿੱਤੇ ਗਏ ਹਨ ਤਾਂ ਜੋ ਸਥਿਤੀ ਨੂੰ ਕਾਬੂ ਵਿੱਚ ਰੱਖਿਆ ਜਾ ਸਕੇ। ਉੱਜੈਨ ਵਿੱਚ ਹੋਈ ਇਸ ਘਟਨਾ ਨੇ ਸੜਕ ਵਿਕਾਸ, ਧਾਰਮਿਕ ਢਾਂਚਿਆਂ ਦੀ ਸੁਰੱਖਿਆ, ਇਤਿਹਾਸਕ ਵਿਰਾਸਤ ਅਤੇ ਕਾਨੂੰਨੀ ਪ੍ਰਕਿਰਿਆ ਨਾਲ ਜੁੜੇ ਕਈ ਸਵਾਲਾਂ ਨੂੰ ਇੱਕ ਵਾਰ ਫਿਰ ਚਰਚਾ ਦੇ ਕੇਂਦਰ ਵਿੱਚ ਲਿਆ ਦਿੱਤਾ ਹੈ। ਫਿਲਹਾਲ ਪ੍ਰਸ਼ਾਸਨ ਦੀ ਨਜ਼ਰ ਇਲਾਕੇ ਵਿੱਚ ਅਮਨ-ਕਾਨੂੰਨ ਕਾਇਮ ਰੱਖਣ ਅਤੇ ਸੜਕ ਚੌੜੀ ਕਰਨ ਨਾਲ ਸਬੰਧਤ ਕਾਰਵਾਈ ਨੂੰ ਅਦਾਲਤੀ ਹੁਕਮਾਂ ਅਨੁਸਾਰ ਅੱਗੇ ਵਧਾਉਣ 'ਤੇ ਹੈ।

ਅਮਰੀਕੀ ਸਫ਼ੀਰ ਵਫ਼ਦ ਸਮੇਤ.....

ਵੱਲੋਂ ਮੇਲ ਰਾਹੀਂ ਕੀਤੇ ਇਤਰਾਜ ਮਗਰੋਂ ਇਸ ਪੋਸਟ ਹਟਾ ਦਿੱਤਾ ਗਿਆ ਸੀ ਪਰ ਅਗੋਂ ਅਜਿਹਾ ਨਾ ਹੋਵੇ ਇਸ ਲਈ ਜ਼ਰੂਰੀ ਕਦਮ ਚੁੱਕਣ ਲਈ ਆਖਿਆ ਗਿਆ। ਉਨ੍ਹਾਂ ਕਿਹਾ ਕਿ ਅਮਰੀਕਾ ਦੇ ਵਿਕਾਸ ਵਿੱਚ ਪੰਜਾਬੀਆਂ ਅਤੇ ਖਾਸਕਰ ਸਿੱਖਾਂ ਦਾ ਵੱਡਾ ਯੋਗਦਾਨ ਹੈ ਅਤੇ ਸਰਕਾਰ ਨੂੰ ਇਥੇ ਵੱਸਦੇ ਹਰ ਭਾਈਚਾਰੇ ਦੀ ਸੁਰੱਖਿਆ ਲਈ ਢੁਕਵੇਂ ਕਦਮ ਚੁੱਕਣੇ ਚਾਹੀਦੇ ਹਨ। ਇਸੇ ਦੌਰਾਨ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੁਨੀਆ ਭਰ ਤੋਂ ਵੱਖ-ਵੱਖ ਦੇਸ਼ਾਂ ਅਤੇ ਧਰਮਾਂ ਨਾਲ ਸਬੰਧਤ ਸ਼ਰਧਾਲੂ ਪਹੁੰਚਦੇ ਹਨ। ਉਨ੍ਹਾਂ ਕਿਹਾ ਕਿ ਗੁਰੂ ਘਰ ਦੀ ਪਰੰਪਰਾ ਅਨੁਸਾਰ ਹਰ ਆਉਣ ਵਾਲੇ ਦਾ ਸਤਿਕਾਰ ਕੀਤਾ ਜਾਂਦਾ ਹੈ ਅਤੇ ਗੁਰੂ ਸਾਹਿਬ ਦੀ ਪਾਵਨ ਹਜ਼ੂਰੀ ਵਿੱਚ ਮਨੁੱਖਤਾ ਦੀ ਭਲਾਈ ਅਤੇ ਆਪਸੀ ਸਦਭਾਵਨਾ ਦੀ ਕਾਮਨਾ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਨਾਲ ਸਿੱਖ ਕੌਮ ਦਾ ਪੁਰਾਣਾ ਨਾਤਾ ਹੈ ਮਹਾਰਾਜਾ ਰਣਜੀਤ ਸਿੰਘ ਦੀ ਫੌਜ ਵਿਚ ਕਈ ਅਧਿਕਾਰੀ ਸਨ, ਸੋ ਅਮਰੀਕਾ ਨਾਲ ਸਬੰਧਤ ਸਨ। ਉਨ੍ਹਾਂ ਦੱਸਿਆ ਕਿ ਅਮਰੀਕੀ ਵਫ਼ਦ ਨਾਲ ਉਥੇ ਵਸਦੇ ਸਿੱਖਾਂ ਦੇ ਮਾਮਲਿਆਂ ਨੂੰ ਵੀ ਵਿਚਾਰਿਆ ਗਿਆ ਹੈ। ਇਸ ਦੌਰਾਨ ਅਮਰੀਕੀ ਸਫ਼ੀਰ ਸਰਜੀਓ ਗੋਰ ਨੇ ਸ੍ਰੀ ਹਰਿਮੰਦਰ ਸਾਹਿਬ ਦੀ ਪਾਵਨ ਮਰਯਾਦਾ, ਗੁਰਬਾਣੀ ਕੀਰਤਨ ਅਤੇ ਗੁਰੂ ਘਰ ਦੀ ਸੇਵਾ-ਪਰੰਪਰਾ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਵਿਜ਼ਟਰ ਬੁੱਕ ਵਿੱਚ ਆਪਣੀਆਂ ਭਾਵਨਾਵਾਂ ਪ੍ਰਗਟ ਕਰਦਿਆਂ ਉਨ੍ਹਾਂ ਲਿਖਿਆ ਇਕ ਖਾਸ ਜਗ੍ਹਾ ਤੇ ਵਾਪਸ ਆਉਣ ਮਾਣ ਮਹਿਸੂਸ ਹੋ ਰਿਹਾ ਹੈ। ਉਹ 15 ਸਾਲ ਪਹਿਲਾਂ ਵੀ ਇਥੇ ਨਤਮਸਤਕ ਹੋਣ ਆਏ ਸਨ। ਇਸ ਮੌਕੇ ਓਐਸਡੀ ਸ. ਸਤਬੀਰ ਸਿੰਘ ਧਾਮੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਜਸਵਿੰਦਰ ਸਿੰਘ ਜੱਸੀ, ਮੀਤ ਸਕੱਤਰ ਹਰਭਜਨ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਜਰਨਲ ਮੈਨੇਜਰ ਮੇਜਰ ਸਿੰਘ, ਸੂਚਨਾ ਅਧਿਕਾਰੀ ਅੰਮ੍ਰਿਤਪਾਲ ਸਿੰਘ, ਰਣਧੀਰ ਸਿੰਘ, ਜਤਿੰਦਰਪਾਲ ਸਿੰਘ, ਅਮਰੀਕਾ ਦੇ ਵਫ਼ਦ ਮੈਂਬਰ ਰਾਜਦੂਤ ਸਰਜੀਓ ਗੋਰ ਤੋਂ ਇਲਾਵਾ, ਬ੍ਰਾਇਨ ਮਾਸਟ, ਚੇਅਰਮੈਨ ਬ੍ਰਾਇਨ ਮਾਸਟ ਦੀ ਪਤਨੀ, ਗੈਲਾਘਰ, ਜੰਨਾ ਗੈਲਾਘਰ, ਪ੍ਰਤੀਨਿਧੀ ਥਾਨੇਦਾਰ, ਸ਼ਸ਼ੀ ਥਾਨੇਦਾਰ, ਪ੍ਰਤੀਨਿਧੀ ਪੈਟ ਨਰਿੰਸ, ਸਟੀਵਨਸ ਆਦਿ ਮੌਜੂਦ ਸਨ।

ਸੁਪਰੀਮ ਕੋਰਟ ਨੇ 6ਵੀਂ.....

ਅਦਾਲਤ ਨੇ ਸੁਝਾਅ ਦਿੱਤਾ ਕਿ ਕੇਂਦਰ ਸਰਕਾਰ ਅਗਲੇ ਸਾਲ ਤੋਂ ਇਸ ਪ੍ਰਣਾਲੀ ਨੂੰ ਲਾਗੂ ਕਰਨ 'ਤੇ ਵਿਚਾਰ ਕਰੇ। ਸੋਮਵਾਰ, 28 ਸਤੰਬਰ ਨੂੰ ਹੋਈ ਸੁਣਵਾਈ ਦੌਰਾਨ, ਕੇਂਦਰ ਸਰਕਾਰ ਦੀ ਨੁਮਾਇੰਦਗੀ ਕਰਦੇ ਹੋਏ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ ਕਿ ਲਗਭਗ 99 ਪ੍ਰਤੀਸ਼ਤ ਸਕੂਲਾਂ ਨੇ ਤੀਜੀ ਭਾਸ਼ਾ ਦੀ ਸਿੱਖਿਆ ਸਥਾਪਤ ਕੀਤੀ ਹੈ। ਅਦਾਲਤ ਨੇ ਨੋਟ ਕੀਤਾ ਕਿ ਸੀਬੀਐਸਈ ਸਕੂਲਾਂ ਦੀ ਗਿਣਤੀ ਨੂੰ ਦੇਖਦੇ ਹੋਏ, 1 ਪ੍ਰਤੀਸ਼ਤ ਵੀ ਇੱਕ ਮਹੱਤਵਪੂਰਨ ਸੰਖਿਆ ਹੈ। ਬਾਅਦ ਵਿੱਚ ਅਦਾਲਤ ਨੇ ਹੁਕਮ ਦਿੱਤਾ ਕਿ ਸੀਬੀਐਸਈ ਦੀ ਤਿੰਨ-ਭਾਸ਼ਾ ਨੀਤੀ 1 ਅਪ੍ਰੈਲ, 2027 ਤੋਂ ਲਾਗੂ ਕੀਤੀ ਜਾਵੇ। ਇਸਦਾ ਮਤਲਬ ਹੈ ਕਿ ਅਗਲੇ ਸਾਲ 6ਵੀਂ ਜਮਾਤ ਵਿੱਚ ਦਾਖਲ ਹੋਣ ਵਾਲੇ ਬੱਚਿਆਂ ਨੂੰ ਦੋ ਭਾਰਤੀ ਭਾਸ਼ਾਵਾਂ ਅਤੇ ਇੱਕ ਵਿਦੇਸ਼ੀ ਭਾਸ਼ਾ ਪੜ੍ਹਨੀ ਪਵੇਗੀ। ਅੰਗਰੇਜ਼ੀ ਨੂੰ ਇੱਕ ਵਿਦੇਸ਼ੀ ਭਾਸ਼ਾ ਵਜੋਂ ਸ਼੍ਰੇਣੀਬੱਧ ਕੀਤਾ ਗਿਆ ਹੈ। ਇਸ ਲਈ, ਜ਼ਿਆਦਾਤਰ ਮਾਮਲਿਆਂ ਵਿੱਚ, ਵਿਹਾਰਕ ਨਤੀਜਾ ਇਹ ਹੋਵੇਗਾ ਕਿ ਬੱਚੇ ਅੰਗਰੇਜ਼ੀ ਤੋਂ ਇਲਾਵਾ ਦੋ ਭਾਰਤੀ ਭਾਸ਼ਾਵਾਂ ਦਾ ਅਧਿਐਨ ਕਰਨਗੇ। ਇਸ ਵੇਲੇ 7ਵੀਂ ਅਤੇ 8ਵੀਂ ਕਲਾਸ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਦਿੱਤੀ ਗਈ ਛੋਟ ਬਾਰੇ ਜਾਣਕਾਰੀ ਦਿੰਦੇ ਹੋਏ, ਸੀਬੀਐਸਈ ਨੇ ਕਿਹਾ ਕਿ ਜੇਕਰ ਇਹ ਵਿਦਿਆਰਥੀ ਪਹਿਲਾਂ ਹੀ ਦੋ ਗੈਰ-ਭਾਰਤੀ ਭਾਸ਼ਾਵਾਂ, ਜਿਵੇਂ ਕਿ ਅੰਗਰੇਜ਼ੀ ਅਤੇ ਫ੍ਰੈਂਚ, ਪੜ੍ਹ ਰਹੇ ਹਨ, ਤਾਂ ਉਹ ਆਪਣੀ ਤੀਜੀ ਭਾਸ਼ਾ, ਜਾਂ ਆਰ3 ਵਜੋਂ ਇੱਕ ਭਾਰਤੀ ਭਾਸ਼ਾ ਦਾ ਅਧਿਐਨ ਕਰਨਾ ਜਾਰੀ ਰੱਖ ਸਕਦੇ ਹਨ। ਮੌਜੂਦਾ ਗ੍ਰੇਡ 7 ਤੋਂ 10 ਲਈ ਆਰ3 ਲਈ ਕੋਈ ਸੀਬੀਐਸਈ ਬੋਰਡ ਪ੍ਰੀਖਿਆ ਨਹੀਂ ਹੋਵੇਗੀ, ਅਤੇ ਮੁਲਾਂਕਣ ਸਕੂਲ ਪੱਧਰ 'ਤੇ ਕਰਵਾਇਆ ਜਾਵੇਗਾ। ਅਦਾਲਤ ਦੇ ਹੁਕਮ ਤੋਂ ਬਾਅਦ, ਇਹ ਪ੍ਰਬੰਧ ਹੁਣ ਗ੍ਰੇਡ 6 ਦੇ ਵਿਦਿਆਰਥੀਆਂ ਲਈ ਵੀ ਲਾਗੂ ਕਰ ਦਿੱਤਾ ਗਿਆ ਹੈ। ਆਪਣੇ ਹਲਫ਼ਨਾਮੇ ਵਿੱਚ, ਸੀਬੀਐਸਈ ਨੇ ਇਹ ਵੀ ਕਿਹਾ ਕਿ ਗ੍ਰੇਡ 9 ਵਿੱਚ ਆਰ3 ਅੰਦਰੂਨੀ ਮੁਲਾਂਕਣ ਵਿੱਚ ਅਸਫਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਗ੍ਰੇਡ 10 ਵਿੱਚ ਤਰੱਕੀ ਦਿੱਤੀ ਜਾਵੇਗੀ। ਇਨ੍ਹਾਂ ਵਿਦਿਆਰਥੀਆਂ ਨੂੰ ਅੰਦਰੂਨੀ ਮੁਲਾਂਕਣ ਰਾਹੀਂ ਆਰ3 ਪਾਸ ਕਰਨ ਦਾ ਦੂਜਾ ਮੌਕਾ ਦਿੱਤਾ ਜਾਵੇਗਾ। ਕਲਾਸ 10 ਬੋਰਡ ਪ੍ਰੀਖਿਆ ਪਾਸ ਕਰਨ ਲਈ ਸਕੂਲ ਤੋਂ ਆਰ3 ਪਾਸ ਸਰਟੀਫਿਕੇਟ ਦੀ ਲੋੜ ਹੋਵੇਗੀ।

ਪੁਲਿਸ ਅਧਿਕਾਰੀਆਂ ਖ਼ਿਲਾਫ਼ ਵਿਜੀਲੈਂਸ.....

ਵਿਜੀਲੈਂਸ ਵੱਲੋਂ ਰਿਸ਼ਵਤ ਦੇ ਮਾਮਲੇ ਵਿੱਚ ਕਾਰਵਾਈ ਕੀਤੀ ਗਈ ਸੀ। ਇਸ ਤੋਂ ਬਾਅਦ ਸਾਲ 2024 ਵਿੱਚ ਥਾਣਾ ਕੋਟ ਈਸੇ ਖਾਂ ਦੀ ਤਤਕਾਲੀ ਐਸ.ਐਚ.ਓ. ਇੰਸਪੈਕਟਰ ਅਰਸ਼ਪ੍ਰੀਤ ਕੌਰ ਗਰੇਵਾਲ ਖ਼ਿਲਾਫ਼ ਨਸ਼ਿਆਂ ਨਾਲ ਸਬੰਧਤ ਕੇਸ ਵਿੱਚ ਕਥਿਤ ਤੌਰ 'ਤੇ ਰਿਸ਼ਵਤ ਲੈਣ ਦੇ ਦੋਸ਼ਾਂ ਤਹਿਤ ਮਾਮਲਾ ਦਰਜ ਹੋਇਆ ਸੀ। ਮੀਡੀਆ ਰਿਪੋਰਟਾਂ ਅਨੁਸਾਰ ਉਸ ਮਾਮਲੇ ਵਿੱਚ 5 ਲੱਖ ਦੀ ਰਿਸ਼ਵਤ ਦੇ ਦੋਸ਼ ਸਾਹਮਣੇ ਆਏ ਸਨ। ਮੱਖਣ ਬਰਾੜ ਨੇ ਕਿਹਾ ਕਿ ਹੁਣ ਪਿਛਲੇ ਦਿਨੀਂ ਕੋਟ ਈਸੇ ਖਾਂ ਦੀ ਐਸ.ਐਚ.ਓ. ਇੰਸਪੈਕਟਰ ਸੁਨੀਤਾ ਰਾਣੀ/ਬਾਵਾ ਖ਼ਿਲਾਫ਼ ਵੀ ਵਿਜੀਲੈਂਸ ਬਿਊਰੋ ਵੱਲੋਂ 50 ਹਜ਼ਾਰ ਰੁਪਏ ਦੀ ਰਿਸ਼ਵਤ ਦੇ ਮਾਮਲੇ ਵਿੱਚ ਕਾਰਵਾਈ ਕੀਤੀ ਗਈ ਹੈ। ਵਿਜੀਲੈਂਸ ਦੇ ਅਨੁਸਾਰ ਐਸ.ਐਚ.ਓ. ਅਤੇ ਇੱਕ ਪੰਜਾਬ ਹੋਮਗਾਰਡ ਮੁਲਾਜ਼ਮ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ। ਮੱਖਣ ਬਰਾੜ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਹਲਕਾ ਧਰਮਕੋਟ ਦੇ ਵਿਧਾਇਕ ਵੱਲੋਂ ਆਪਣੇ ਕਰੀਬੀ ਵਿਅਕਤੀ ਨੂੰ ਡੀਐਸਪੀ ਧਰਮਕੋਟ ਦੇ ਮੁੱਖ ਗੰਡਰ ਦੇ ਅਹੁਦੇ 'ਤੇ ਤਾਇਨਾਤ ਰੱਖਣ ਲਈ ਕਥਿਤ ਤੌਰ 'ਤੇ ਪ੍ਰਭਾਵ ਵਰਤਿਆ ਗਿਆ। ਉਨ੍ਹਾਂ ਕਿਹਾ ਕਿ ਉਕਤ ਅਧਿਕਾਰੀ ਖ਼ਿਲਾਫ਼ ਗੰਭੀਰ ਦੋਸ਼ ਸਾਹਮਣੇ ਆਉਣ ਤੋਂ ਬਾਅਦ ਉਸ 'ਤੇ ਮੌਜੂਦਾ ਡੀ.ਐਸ.ਪੀ ਦੀ ਸ਼ਿਕਾਇਤ ਤੇ ਐਸ.ਐਸ.ਪੀ. ਵੱਲੋਂ ਕੀਤੀ ਗਈ ਸਸਪੈਂਡ ਕਰਨ ਦੀ ਕਾਰਵਾਈ ਵੀ ਚਰਚਾ ਦਾ ਵਿਸ਼ਾ ਬਣੀ ਹੈ। ਹਲਕੇ ਵਿੱਚ ਨਸ਼ਿਆਂ ਦੇ ਮੁੱਦੇ 'ਤੇ ਬੋਲਦਿਆਂ ਮੱਖਣ ਬਰਾੜ ਨੇ ਕਿਹਾ ਕਿ ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਹਲਕਾ ਧਰਮਕੋਟ ਵਿੱਚ ਨਸ਼ਾ ਨਾ ਵਿਕ੍ਹਣ ਦੇਣ ਦੀ ਸਹੁੰ ਖਾਣ ਵਾਲੇ ਦਾਅਵੇ ਕਿੱਥੇ ਗਏ। ਉਨ੍ਹਾਂ ਕਿਹਾ ਕਿ ਅੱਜ ਹਲਕੇ ਦੇ ਵੱਖ-ਵ

ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ: ਹਰਜੋਤ ਸਿੰਘ ਬੈਂਸ

ਕੀਰਤਪੁਰ ਸਾਹਿਬ 28 ਸਤੰਬਰ (ਦਮਨ ਅਰੋੜਾ): ਬੀਤੇ ਕੱਲ੍ਹ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਪਿੰਡ ਲੋਅਰ ਦਬੁੜ ਵਿਖੇ ਕਰਵਾਏ ਗਏ ਕ੍ਰਿਕਟ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਇਸ ਮੌਕੇ ਉਨ੍ਹਾਂ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਮਹੱਤਵਪੂਰਨ ਹਨ ਅਤੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੋੜਨ ਲਈ ਹਰ ਸੰਭਵ ਉਪਰਾਲਾ ਕੀਤਾ ਜਾਣਾ ਚਾਹੀਦਾ ਹੈ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਵਿੱਚ ਖੇਡ ਪ੍ਰਤਿਭਾ ਦੀ ਕੋਈ ਕਮੀ ਨਹੀਂ ਹੈ, ਲੋੜ ਸਿਰਫ਼ ਉਨ੍ਹਾਂ ਨੂੰ ਵਧੀਆ ਖੇਡ ਮੈਦਾਨ, ਬੁਨਿਆਦੀ ਸਹੂਲਤਾਂ ਅਤੇ ਢੁਕਵਾਂ ਮੌਕਾ ਦੇਣ ਦੀ ਹੈ। ਇਸ ਮੌਕੇ ਕੈਬਨਿਟ ਮੰਤਰੀ ਨੇ ਪਿੰਡ ਦਬੁੜ ਦੇ ਨੌਜਵਾਨਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਲਈ ਖੇਡ ਗਰਾਊਂਡ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਖੇਡ ਸਹੂਲਤਾਂ ਦਾ ਵਿਕਾਸ ਕਰਨਾ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਿਲ ਹੈ ਅਤੇ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਯੋਗ ਮਾਹੌਲ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਟੂਰਨਾਮੈਂਟ ਦੇ ਪ੍ਰਬੰਧਕਾਂ ਅਤੇ ਪਿੰਡ ਵਾਸੀਆਂ ਨੂੰ ਅਜਿਹੇ ਖੇਡ ਸਮਾਗਮ ਕਰਵਾਉਣ ਲਈ ਵਧਾਈ ਦਿੱਤੀ। ਟੂਰਨਾਮੈਂਟ ਦੌਰਾਨ ਪਿੰਡ ਦੇ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਪਿੰਡ ਵਾਸੀਆਂ ਵੱਲੋਂ ਕੈਬਨਿਟ ਮੰਤਰੀ ਦਾ ਸਵਾਗਤ ਕੀਤਾ ਗਿਆ ਇਸ ਮੌਕੇ ਆਮ ਆਦਮੀ ਪਾਰਟੀ ਚੰਗਰ ਜ਼ੋਨ ਦੀ ਸਮੁੱਚੀ ਟੀਮ ਤੋਂ ਇਲਾਵਾ ਬਲਾਕ ਪ੍ਰਧਾਨ ਅਤੇ ਟਰੱਕ ਯੂਨੀਅਨ ਪ੍ਰਧਾਨ ਤਰਲੋਚਨ ਸਿੰਘ ਲੋਚੀ, ਡਾਕਟਰ ਜਰਨੈਲ ਸਿੰਘ ਸਰਪੰਚ, ਦਰਸ਼ਨ ਸਿੰਘ, ਜੁਝਾਰ ਸਿੰਘ, ਇਸਰਾਜ ਸਰਪੰਚ, ਸੁੱਚਾ ਸਿੰਘ, ਸਰਪੰਚ ਗੋਪਾਲ ਸਿੰਘ, ਗੁਰਦਿਆਲ ਸਿੰਘ, ਵਰਿੰਦਰ ਸਿੰਘ ਯੂਥ ਆਗੂ, ਬਿੰਦੂ ਯੂਥ ਆਗੂ, ਜੋਤ ਯੂਥ ਆਗੂ ਅਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਹਾਜ਼ਰ ਸੀ।

ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨਾ 'ਆਪ' ਸਰਕਾਰ ਦੀ ਮੁੱਢਲੀ ਪਹਿਲ: ਰਣਜੋਧ ਸਿੰਘ ਹਡਾਣਾ

ਦੇਵੀਗੜ੍ਹ /ਸਨੌਰ, 28 ਸਤੰਬਰ (ਰਾਜਿੰਦਰ ਸਿੰਘ ਥਿੰਦ): ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਦੇ ਕੋਹੜ ਤੋਂ ਦੂਰ ਰੱਖ ਕੇ ਸਿਹਤਮੰਦ ਪੰਜਾਬ ਦੀ ਸਿਰਜਣਾ ਕਰਨ ਦੇ ਮਕਸਦ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿੰਡਾਂ ਅੰਦਰ ਖੇਡ ਬੁਨਿਆਦੀ ਢਾਂਚਾ ਮਜ਼ਬੂਤ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਰਣਜੋਧ ਸਿੰਘ ਹਡਾਣਾ ਵਲੋਂ ਹਲਕਾ ਸਨੌਰ ਦੇ ਪਿੰਡ ਮਸੀਂਗਣ ਵਿਖੇ ਨਵੇਂ ਤਿਆਰ ਕੀਤੇ ਗਏ ਆਧੁਨਿਕ ਖੇਡ ਗਰਾਊਂਡ ਦਾ ਰਸਮੀ ਉਦਘਾਟਨ ਅਤੇ ਵਿਸ਼ਾਲ ਕਬੱਡੀ ਕੱਪ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਕਬੱਡੀ ਖਿਡਾਰੀਆਂ ਦੀ ਹੌਸਲਾ ਅਫਜਾਈ ਕਰਨ ਮਗਰੋਂ ਟੂਰਨਾਮੈਂਟ ਦੀ ਸ਼ੁਰੂਆਤ ਕਰਵਾਉਂਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਹਰ ਸੰਭਵ ਸਹੂਲਤ ਮੁਹੱਈਆ ਕਰਵਾਉਣਾ ਆਮ ਆਦਮੀ ਪਾਰਟੀ ਦੀ ਮੁੱਢਲੀ ਪਹਿਲ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡ ਪੱਧਰ 'ਤੇ ਖੇਡ ਮੈਦਾਨ, ਜਿੰਮ ਅਤੇ ਸਟੇਡੀਅਮ ਸਥਾਪਿਤ ਕਰ ਰਹੀ ਹੈ ਹਡਾਣਾ ਨੇ ਸ਼ਾਨਦਾਰ ਕਬੱਡੀ ਕੱਪ ਕਰਵਾਉਣ ਲਈ ਸਮੂਹ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੀ ਸ਼ਲਾਘਾ ਕੀਤੀ ਅਤੇ ਜੇਤੂ ਟੀਮਾਂ ਲਈ ਇਨਾਮਾਂ ਦਾ ਐਲਾਨ ਕਰਦਿਆਂ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਦਾ ਸੱਦਾ ਦਿੱਤਾ। ਇਸ ਮੌਕੇ ਪਿੰਡ ਵਾਸੀਆਂ ਦੀ ਸ਼ਲਾਘਾ ਕੀਤੀ ਅਤੇ ਜੇਤੂ ਟੀਮਾਂ ਲਈ ਇਨਾਮਾਂ ਦਾ ਐਲਾਨ ਕਰਦਿਆਂ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਦਾ ਸੱਦਾ ਦਿੱਤਾ। ਇਸ ਮੌਕੇ ਪਿੰਡ ਵਾਸੀਆਂ ਅਤੇ ਖੇਡ ਪ੍ਰੇਮੀਆਂ ਨੇ ਪਰਿਵਾਰ ਲਈ ਬੇਹੱਦ ਮਾਣ ਵਾਲਾ ਪਲ ਹੈ। ਤਿੰਨਾਂ ਮੁਕਾਬਲਿਆਂ ਵਿੱਚ ਸੋਨੇ ਦੇ ਤਮਗੇ ਜਿੱਤਣਾ ਅਤੇ ਤਿੰਨ ਨਵੇਂ ਕਾਮਨਵੈਲਥ ਰਿਕਾਰਡ ਬਣਾਉਣਾ ਸੱਚਮੁੱਚ ਸ਼ਾਨਦਾਰ ਹੈ। ਉਸਦੀ ਸਫਲਤਾ ਦ੍ਰਿੜ੍ਹ ਇਰਾਦੇ, ਅਨੁਸ਼ਾਸਨ ਅਤੇ ਲਗਾਤਾਰ ਮਿਹਨਤ ਦਾ ਪ੍ਰਤੀਕ ਹੈ। ਵਿਨੀਪੈਗ ਵਿੱਚ ਸਨੇਹਾ ਦੀ ਇਹ ਜਿੱਤ ਸਿਰਫ਼ ਤਿੰਨ ਸੋਨੇ ਦੇ ਤਮਗਿਆਂ ਅਤੇ ਤਿੰਨ ਨਵੇਂ ਰਿਕਾਰਡਾਂ ਦੀ ਕਹਾਣੀ ਨਹੀਂ ਹੈ। ਇਹ ਹਰ ਇੱਕ ਭਾਰ ਦੇ ਪਿੱਛੇ ਛੁਪੀ ਮਿਹਨਤ, ਸੰਘਰਸ਼, ਅਨੁਸ਼ਾਸਨ ਅਤੇ ਸੁਪਨਿਆਂ ਦੀ ਕਹਾਣੀ ਹੈ, ਜਿਸ ਨੇ ਇੱਕ ਨੌਜਵਾਨ ਖਿਡਾਰਨ ਨੂੰ ਅਭਿਆਸ ਦੇ ਮੈਦਾਨ ਤੋਂ ਕਾਮਨਵੈਲਥ ਦੇ ਮਾਣਮੱਤੇ ਮੰਚ ਤੱਕ ਪਹੁੰਚਾਇਆ।

ਸੀਟੀ ਯੂਨੀਵਰਸਿਟੀ ਦੀ ਪਾਵਰਲਿਫਟਰ ਸਨੇਹਾ ਘਰਾਮੀ ਨੇ ਵਿਨੀਪੈਗ 'ਚ ਰਚਿਆ ਕਾਮਨਵੈਲਥ ਇਤਿਹਾਸ

ਜਗਰਾਉਂ, 28 ਸਤੰਬਰ (ਜਗਦੀਪ ਸਿੰਘ): ਸੀਟੀ ਯੂਨੀਵਰਸਿਟੀ ਨੇ ਆਪਣੀ ਖੇਡ ਵਿਰਾਸਤ ਵਿੱਚ ਇੱਕ ਹੋਰ ਸੁਨਹਿਰਾ ਅਧਿਆਇ ਜੋੜਦਿਆਂ ਇਤਿਹਾਸ ਰਚ ਦਿੱਤਾ ਹੈ। ਸੀਟੀ ਯੂਨੀਵਰਸਿਟੀ ਦੀ ਪਾਵਰਲਿਫਟਰ ਸਨੇਹਾ ਘਰਾਮੀ ਨੇ ਕੈਨੇਡਾ ਦੇ ਵਿਨੀਪੈਗ ਵਿੱਚ ਹੋਈ ਕਾਮਨਵੈਲਥ ਪਾਵਰਲਿਫਟਿੰਗ ਚੈਂਪੀਅਨਸ਼ਿਪ 2026 ਵਿੱਚ ਜੂਨੀਅਰ 76 ਕਿਲੋਗ੍ਰਾਮ ਭਾਰ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਸਨੇਹਾ ਨੇ ਸਕੁਐਟ, ਬੈਂਚ ਪ੍ਰੈਸ ਅਤੇ ਡੈੱਡਲਿਫਟ — ਤਿੰਨਾਂ ਮੁਕਾਬਲਿਆਂ ਵਿੱਚ ਸੋਨੇ ਦੇ ਤਮਗੇ ਜਿੱਤੇ। ਇਸ ਦੇ ਨਾਲ ਹੀ 500 ਕਿਲੋਗ੍ਰਾਮ ਦੇ ਕੁੱਲ ਭਾਰ ਨਾਲ ਓਵਰਆਲ ਸੋਨੇ ਦਾ ਤਮਗਾ ਵੀ ਆਪਣੇ ਨਾਮ ਕੀਤਾ। ਸਨੇਹਾ ਨੇ ਸਕੁਐਟ ਵਿੱਚ 190 ਕਿਲੋਗ੍ਰਾਮ, ਬੈਂਚ ਪ੍ਰੈਸ ਵਿੱਚ 120 ਕਿਲੋਗ੍ਰਾਮ ਅਤੇ ਡੈੱਡਲਿਫਟ ਵਿੱਚ 190 ਕਿਲੋਗ੍ਰਾਮ ਭਾਰ ਚੁੱਕਦਿਆਂ ਤਿੰਨਾਂ ਮੁਕਾਬਲਿਆਂ ਵਿੱਚ ਨਵੇਂ ਕਾਮਨਵੈਲਥ ਰਿਕਾਰਡ ਕਾਇਮ ਕੀਤੇ। ਇਸ ਇਤਿਹਾਸਕ ਉਪਲਬਧੀ 'ਤੇ ਵਧਾਈ ਦਿੰਦਿਆਂ ਸੀਟੀ ਯੂਨੀਵਰਸਿਟੀ ਦੇ ਚਾਂਸਲਰ ਸਰਦਾਰ ਚਰਨਜੀਤ ਸਿੰਘ ਚੰਨੀ ਨੇ ਕਿਹਾ, "ਸਨੇਹਾ ਦੀ ਉਪਲਬਧੀ ਪੂਰੇ ਸੀਟੀ ਯੂਨੀਵਰਸਿਟੀ ਪਰਿਵਾਰ ਲਈ ਬੇਹੱਦ ਮਾਣ ਵਾਲਾ ਪਲ ਹੈ। ਤਿੰਨਾਂ ਮੁਕਾਬਲਿਆਂ ਵਿੱਚ ਸੋਨੇ ਦੇ ਤਮਗੇ ਜਿੱਤਣਾ ਅਤੇ ਤਿੰਨ ਨਵੇਂ ਕਾਮਨਵੈਲਥ ਰਿਕਾਰਡ ਬਣਾਉਣਾ ਸੱਚਮੁੱਚ ਸ਼ਾਨਦਾਰ ਹੈ। ਉਸਦੀ ਸਫਲਤਾ ਦ੍ਰਿੜ੍ਹ ਇਰਾਦੇ, ਅਨੁਸ਼ਾਸਨ ਅਤੇ ਲਗਾਤਾਰ ਮਿਹਨਤ ਦਾ ਪ੍ਰਤੀਕ ਹੈ। ਵਿਨੀਪੈਗ ਵਿੱਚ ਸਨੇਹਾ ਦੀ ਇਹ ਜਿੱਤ ਸਿਰਫ਼ ਤਿੰਨ ਸੋਨੇ ਦੇ ਤਮਗਿਆਂ ਅਤੇ ਤਿੰਨ ਨਵੇਂ ਰਿਕਾਰਡਾਂ ਦੀ ਕਹਾਣੀ ਨਹੀਂ ਹੈ। ਇਹ ਹਰ ਇੱਕ ਭਾਰ ਦੇ ਪਿੱਛੇ ਛੁਪੀ ਮਿਹਨਤ, ਸੰਘਰਸ਼, ਅਨੁਸ਼ਾਸਨ ਅਤੇ ਸੁਪਨਿਆਂ ਦੀ ਕਹਾਣੀ ਹੈ, ਜਿਸ ਨੇ ਇੱਕ ਨੌਜਵਾਨ ਖਿਡਾਰਨ ਨੂੰ ਅਭਿਆਸ ਦੇ ਮੈਦਾਨ ਤੋਂ ਕਾਮਨਵੈਲਥ ਦੇ ਮਾਣਮੱਤੇ ਮੰਚ ਤੱਕ ਪਹੁੰਚਾਇਆ।

ਡਰੀਮ ਸਿਟੀ ਐਨ.ਐਕਸ.ਟੀ. ਵਿਖੇ ਵਾਲੀਬਾਲ ਮੈਚ ਦਾ ਮੁਕਾਬਲਾ ਕਰਵਾਇਆ ਗਿਆ

ਅੰਮ੍ਰਿਤਸਰ, 28 ਸਤੰਬਰ (ਰਾਜੇਸ਼ ਡੈਨੀ): ਡਰੀਮ ਸਿਟੀ ਐਨ.ਐਕਸ.ਟੀ ਵਿਖੇ ਕਰਵਾਇਆ ਗਿਆ ਵਾਲੀਬਾਲ ਮੈਚ ਉਤਸ਼ਾਹ, ਆਪਸੀ ਮਿਲਵਰਤਣ ਅਤੇ ਖੇਡ-ਭਾਵਨਾ ਨਾਲ ਭਰਪੂਰ ਰਿਹਾ। ਵੱਡੀ ਗਿਣਤੀ ਵਿੱਚ ਨਿਵਾਸੀਆਂ ਨੇ ਆਪਣੇ ਰੁਝੇਵੇਂ ਭਰੇ ਸਮੇਂ ਵਿੱਚੋਂ ਸਮਾਂ ਕੱਢ ਕੇ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ ਅਤੇ ਖਿਡਾਰੀਆਂ ਦਾ ਹੌਸਲਾ ਵਧਾਇਆ। ਡਰੀਮ ਸਿਟੀ NXT RWA ਟੀਮ ਨੇ ਸਮਾਗਮ ਨੂੰ ਸਫਲ ਬਣਾਉਣ ਲਈ ਸਾਰੇ ਨਿਵਾਸੀਆਂ ਦਾ ਧੰਨਵਾਦ ਕੀਤਾ। RWA ਨੇ ਕਿਹਾ ਕਿ ਨਿਵਾਸੀਆਂ ਦੀ ਸਰਗਰਮ ਸ਼ਮੂਲੀਅਤ ਅਤੇ ਖਿਡਾਰੀਆਂ ਲਈ ਉਨ੍ਹਾਂ ਦੇ ਉਤਸ਼ਾਹ ਨੇ ਪੂਰੇ ਸਮਾਗਮ ਦੌਰਾਨ ਇੱਕ ਸਕਾਰਾਤਮਕ, ਸ਼ਾਂਤਮਈ ਅਤੇ ਜੋਸ਼ੀਲਾ ਮਾਹੌਲ ਸਿਰਜਿਆ। ਜੇਤੂ ਟੀਮ ਨੂੰ ਦਿਲੋਂ ਵਧਾਈਆਂ RWA ਟੀਮ ਨੇ ਜੇਤੂ ਟੀਮ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਨੇ ਭਾਗ ਲੈਣ ਵਾਲੇ ਸਾਰੇ ਖਿਡਾਰੀਆਂ ਦੀ ਟੀਮ-ਭਾਵਨਾ, ਅਨੁਸ਼ਾਸਨ, ਸ਼ਾਨਦਾਰ ਖੇਡ-ਭਾਵਨਾ ਅਤੇ ਉਤਸ਼ਾਹ ਦੀ ਵੀ ਸ਼ਲਾਘਾ ਕੀਤੀ। RWA ਨੇ ਉਨ੍ਹਾਂ ਸਾਰੇ ਨਿਵਾਸੀਆਂ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ ਜਿਨ੍ਹਾਂ ਨੇ ਸਮਾਗਮ ਨੂੰ ਸਫਲ ਬਣਾਉਣ ਲਈ ਵੱਖ-ਵੱਖ ਤਰੀਕਿਆਂ ਨਾਲ ਯੋਗਦਾਨ ਪਾਇਆ। ਟੀਮ ਨੇ ਕਿਹਾ ਕਿ ਅਜਿਹੀਆਂ ਖੇਡ ਗਤੀਵਿਧੀਆਂ ਕਲੋਨੀ ਦੇ ਅੰਦਰ ਸਮਾਜਿਕ ਮੇਲ-ਜੋਲ, ਦੋਸਤੀ ਅਤੇ ਏਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।

ਖੇਡਾਂ ਵਤਨ ਪੰਜਾਬ ਦੀਆਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਦਾ ਸਫਲ ਮਾਧਿਅਮ ਬਣੀਆਂ : ਰਾਏ

ਫਤਹਿਗੜ੍ਹ ਸਾਹਿਬ, 28 ਸਤੰਬਰ (ਅਭਿਸ਼ੇਕ ਮਲਹੋਤਰਾ): ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀਆਂ 'ਖੇਡਾਂ ਵਤਨ ਪੰਜਾਬ ਦੀਆਂ' ਇੱਕ ਸਫਲ ਲੋਕ ਲਹਿਰ ਵਜੋਂ ਉਭਰ ਕੇ ਸਾਹਮਣੇ ਆਈਆਂ ਹਨ। ਇਹ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸ਼ਿੰਘ ਰਾਏ ਨੇ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿਗ ਕਾਲਜ ਫਤਹਿਗੜ੍ਹ ਸਾਹਿਬ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ-4' ਤਹਿਤ ਕਰਵਾਈਆਂ ਜਾ ਰਹੀਆਂ ਜ਼ਿਲ੍ਹਾ ਪੱਧਰੀ ਖੇਡਾਂ ਦੀ ਰਸਮੀ ਸ਼ੁਰੂਆਤ ਕਰਵਾਉਣ ਮੌਕੇ ਕੀਤਾ। ਵਿਧਾਇਕ ਰਾਏ ਨੇ ਕਿਹਾ ਕਿ 06 ਅਕਤੂਬਰ 2026 ਤੱਕ ਕਰਵਾਏ ਜਾ ਰਹੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦੌਰਾਨ ਕੁੱਲ 29 ਖੇਡਾਂ ਵਿੱਚ 14 ਸਾਲ ਤੋਂ 70 ਸਾਲ ਤੋਂ ਵੱਧ ਦੀ ਉਮਰ ਦੇ ਵੱਡੀ ਗਿਣਤੀ ਖਿਡਾਰੀਆਂ ਵੱਲੋਂ ਪੂਰੇ ਉਤਸ਼ਾਹ ਤੇ ਜੋਸ਼ ਨਾਲ ਹਿੱਸਾ ਲਿਆ ਜਾ ਰਿਹਾ ਹੈ। ਜ਼ਿਲ੍ਹਾ ਖੇਡ ਅਫਸਰ ਸ੍ਰੀ ਹਰਪਿੰਦਰ ਸਿੰਘ ਨੇ ਦੱਸਿਆ ਕਿ ਬਾਬਾ ਬੰਦਾ ਸਿੰਘ ਬਹਾਦਰ ਇੰਜੀ. ਕਾਲਜ ਫਤਹਿਗੜ੍ਹ ਸਾਹਿਬ ਵਿਖੇ ਐਥਲੈਟਿਕਸ, ਬੈਡਮਿੰਟਨ ਅਤੇ ਕਿੱਕ ਬਾਕਸਿੰਗ, ਓਮ ਪ੍ਰਕਾਸ਼ ਬਾਂਸਲ ਸਕੂਲ, ਮੰਡੀ ਗੋਬਿੰਦਗੜ੍ਹ ਵਿਖੇ ਸ਼ੂਟਿੰਗ, ਤੈਰਾਕੀ ਅਤੇ ਰੋਲਰ ਸਕੇਟਿੰਗ ਦੇ ਮੁਕਾਬਲੇ ਸੈਫਰਨ ਸਿਟੀ ਸਕੂਲ ਫਤਹਿਗੜ੍ਹ ਸਾਹਿਬ ਵਿਖੇ ਕਰਵਾਏ ਗਏ। ਇਸ ਮੌਕੇ ਸ. ਪਰਨਮ ਸਿੰਘ ਬਰਾੜ ਡਾਇਰੈਕਟਰ ਸਪੋਰਟਸ ਰਿਮਟ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ, ਸ. ਵਿਨੈ ਪਨਵਾਰ,ਪ੍ਰਿੰਸੀਪਲ ਜਸਪ੍ਰੀਤ ਸਿੰਘ ਕਾਹਲੋਂ, ਜਸਵੀਰ ਸਿੰਘ, ਡੀ.ਐਮ. ਸਿੱਖਿਆ ਵਿਭਾਗ, ਰਾਹੁਲਦੀਪ ਸਿੰਘ, ਸ਼ਲਖਵੀਰ ਸਿੰਘ,ਮਨੀਸ਼ ਕੁਮਾਰ, ਮਨੋਜ ਕੁਮਾਰ, ਮਨਜੀਤ ਸਿੰਘ, ਸ਼ ਯਾਦਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਖੇਡ ਪ੍ਰੇਮੀ ਹਾਜਰ ਸਨ।

ਦਸਮੇਸ਼ ਸਕੂਲ ਦੇ ਸਾਹਿਬਾਜ਼ ਸੰਧੂ ਦੀ ਸ਼ਾਨਦਾਰ ਖੇਡ ਸਦਕਾ ਮਾਨਸਾ ਬਣਿਆ ਸਟੇਟ ਚੈਂਪੀਅਨ

ਸਰਦੂਲਗੜ੍ਹ, 28 ਸਤੰਬਰ (ਧਰਮ ਚੰਦ ਸਿੰਗਲਾ): ਦਸਮੇਸ਼ ਇੰਟਰਨੈਸ਼ਨਲ ਸਕੂਲ ਸਰਦੂਲਗੜ੍ਹ ਦੇ ਅੱਠਵੀਂ ਜਮਾਤ ਦੇ ਹੋਣਹਾਰ ਖਿਡਾਰੀ ਸਾਹਿਬਾਜ਼ ਸਿੰਘ ਸੰਧੂ ਨੇ ਬਾਸਕਟਬਾਲ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮਾਨਸਾ ਜ਼ਿਲ੍ਹੇ ਦੀ ਟੀਮ ਨੂੰ ਸਟੇਟ ਚੈਂਪੀਅਨ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ। ਮਾਨਸਾ ਜ਼ਿਲ੍ਹੇ ਦੀ ਟੀਮ ਨੇ ਪੰਜਾਬ ਸਕੂਲ ਸਟੇਟ ਅੰਡਰ-14 ਬਾਸਕਟਬਾਲ ਮੁਕਾਬਲਿਆਂ ਵਿੱਚ ਸੋਨ ਤਗਮਾ ਜਿੱਤਿਆ ਹੁਸ਼ਿਆਰਪੁਰ ਵਿਖੇ ਹੋਏ ਮੁਕਾਬਲਿਆਂ ਵਿੱਚ ਸਾਹਿਬਾਜ਼ ਸੰਧੂ ਨੇ ਆਪਣੀ ਸ਼ਾਨਦਾਰ ਖੇਡ ਨਾਲ ਟੀਮ ਦੀ ਜਿੱਤ ਵਿੱਚ ਅਹਿਮ ਭੂਮਿਕਾ ਨਿਭਾਈ। ਪਲੇਇੰਗ ਸੈੱਟ ਵਿੱਚ ਉਸ ਨੇ ਫ਼ਰੀਦਕੋਟ ਵਿਰੁੱਧ 3, ਫ਼ਾਜ਼ਿਲਕਾ ਵਿਰੁੱਧ 8, ਪਟਿਆਲਾ ਵਿਰੁੱਧ 11 ਅੰਕ ਹਾਸਲ ਕੀਤੇ। ਸੈਮੀਫਾਈਨਲ ਵਿੱਚ ਲੁਧਿਆਣਾ ਵਿਰੁੱਧ 4 ਅਤੇ ਫਾਈਨਲ ਮੁਕਾਬਲੇ ਵਿੱਚ ਮੁਹਾਲੀ ਵਿਰੁੱਧ ਵੀ 4 ਅੰਕ ਬਣਾਏ।ਸਕੂਲ ਪਹੁੰਚਣ 'ਤੇ ਸਾਹਿਬਾਜ਼ ਸੰਧੂ ਦਾ ਸਕੂਲ ਸਟਾਫ਼ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਗੁਰਪ੍ਰੀਤ ਸਿੰਘ ਸੰਧੂ ਅਤੇ ਨਿਰਮਲ ਸਿੰਘ ਨੰਬਰਦਾਰ ਵੀ ਮੌਜੂਦ ਸਨ। ਪ੍ਰਿੰਸੀਪਲ ਭੁਪਿੰਦਰ ਸਿੰਘ ਸੰਧੂ ਅਤੇ ਦਿਲਮੋਹਿਤ ਸਿੰਘ ਸੰਧੂ ਨੇ ਸਾਹਿਬਾਜ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਸ ਦੀ ਇਸ ਪ੍ਰਾਪਤੀ ਨੂੰ ਸਕੂਲ ਸਮਾਗਮ ਦੌਰਾਨ ਸਨਮਾਨਿਤ ਕੀਤਾ ਜਾਵੇਗਾ।

ਘਮਰੌਦਾ ਤੇ ਮੰਡੌਰ 'ਚ ਗੰਦੇ ਪਾਣੀ ਦੀ ਸਮੱਸਿਆ ਦਾ ਹੋਵੇਗਾ ਹੱਲ: ਡਾ. ਬਲਬੀਰ ਸਿੰਘ

ਪਟਿਆਲਾ, 28 ਸਤੰਬਰ (ਰਾਜਿੰਦਰ ਸਿੰਘ ਥਿੰਦ): ਪ

ਸੈਂਟਰ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਸੰਪੰਨ, ਜੇਤੂ ਖਿਡਾਰੀ ਬਲਾਕ ਪੱਧਰ 'ਤੇ ਕਰਨਗੇ ਸੈਂਟਰ ਦੀ ਨੁਮਾਇੰਦਗੀ

ਜਲੰਧਰ, 25 ਸਤੰਬਰ (ਜੇ.ਐੱਸ. ਸੰਧੂ ਤੇ ਕੰਵਲਜੀਤ ਸਿੰਘ ਮੱਕੜ): ਸਿੱਖਿਆ ਵਿਭਾਗ ਪੰਜਾਬ ਵੱਲੋਂ ਕਰਵਾਈਆਂ ਜਾ ਰਹੀਆਂ ਪ੍ਰਾਇਮਰੀ ਸਕੂਲ ਖੇਡਾਂ ਤਹਿਤ ਸੈਂਟਰ ਕੰਗ ਖੁਰਦ ਅਤੇ ਸੈਂਟਰ ਕਾਕੜ ਕਲਾਂ ਵਿਖੇ ਸੈਂਟਰ ਪੱਧਰੀ ਖੇਡ ਮੁਕਾਬਲੇ ਕਰਵਾਏ ਗਏ। ਇਹ ਮੁਕਾਬਲੇ ਮਾਣਯੋਗ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿੱ./ਐਲੀ. ਸਿੱ.) ਜਲੰਧਰ ਡਾ. ਗੁਰਿੰਦਰਜੀਤ ਕੌਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ. ਸਿੱ.) ਜਲੰਧਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ, ਬੀ.ਪੀ.ਈ.ਓ. ਲੋਹੀਆਂ ਖ਼ਾਸ ਰਮੇਸ਼ਵਰ ਚੰਦਰ ਅਤੇ ਸੈਂਟਰ ਹੈੱਡ ਟੀਚਰ ਜਸਵੀਰ ਸਿੰਘ ਚੌਹਾਨ ਦੀ ਅਗਵਾਈ ਹੇਠ ਕਰਵਾਏ ਗਏ। ਖੇਡ ਮੁਕਾਬਲਿਆਂ ਦੌਰਾਨ ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਨੇ ਕਬੱਡੀ, ਖੋ-ਖੋ, ਜਿਮਨਾਸਟਿਕ, ਰੱਸਾਕਸ਼ੀ, ਚੈੱਸ, ਅਥਲੈਟਿਕਸ, ਵੱਖ-ਵੱਖ ਦੌੜਾਂ, ਕਰਾਟੇ ਆਦਿ ਖੇਡਾਂ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲਿਆ। ਬੱਚਿਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਮੁਕਾਬਲਿਆਂ ਵਿੱਚ ਆਪਣੀ ਕਾਬਲੀਅਤ ਸਾਬਤ ਕੀਤੀ। ਮੁਕਾਬਲਿਆਂ ਦੇ ਜੇਤੂ ਖਿਡਾਰੀਆਂ ਨੂੰ ਬੀਬੀ ਰਣਜੀਤ ਕੌਰ ਕਾਕੜ ਕਲਾਂ, ਡਾਇਰੈਕਟਰ ਇਨਫੋਟੈਕ ਪੰਜਾਬ ਅਤੇ ਵਾਈਸ ਪ੍ਰੈਜ਼ੀਡੈਂਟ ਮਹਿਲਾ ਵਿੰਗ ਪੰਜਾਬ ਵੱਲੋਂ ਇਨਾਮ ਤਕਸੀਮ ਕੀਤੇ ਗਏ। ਬੱਚਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਮੋਬਾਈਲ ਫੋਨਾਂ ਦੀ ਵਧੇਰੇ ਵਰਤੋਂ ਅਤੇ ਨਸ਼ਿਆਂ ਤੋਂ ਦੂਰ ਰਹਿ ਕੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ ਤੋਂ ਵੱਧ ਸਮਾਂ ਬਿਤਾਉਣਾ ਚਾਹੀਦਾ ਹੈ। ਖੇਡਾਂ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਨ੍ਹਾਂ ਸੈਂਟਰ ਪੱਧਰੀ ਮੁਕਾਬਲਿਆਂ ਵਿੱਚੋਂ ਜੇਤੂ ਖਿਡਾਰੀਆਂ ਦੀਆਂ ਟੀਮਾਂ ਦੀ ਚੋਣ ਕੀਤੀ ਗਈ, ਜੋ ਹੁਣ ਅਗਲੇ ਪੜਾਅ ਵਿੱਚ ਹੋਣ ਵਾਲੀਆਂ ਬਲਾਕ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਵਿੱਚ ਭਾਗ ਲੈ ਕੇ ਆਪਣੇ-ਆਪਣੇ ਸੈਂਟਰ ਦੀ ਨੁਮਾਇੰਦਗੀ ਕਰਨਗੀਆਂ। ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਰਮੇਸ਼ਵਰ ਚੰਦਰ ਵੱਲੋਂ ਸੈਂਟਰ ਹੈੱਡ ਟੀਚਰ ਜਸਵੀਰ ਸਿੰਘ ਚੌਹਾਨ ਵੱਲੋਂ ਕੀਤੇ ਗਏ ਸੁਚੱਜੇ ਪ੍ਰਬੰਧਾਂ ਦੀ ਪ੍ਰਸ਼ੰਸਾ ਕੀਤੀ ਗਈ। ਖੇਡ ਮੁਕਾਬਲਿਆਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਮੂਹ ਅਧਿਆਪਕਾਂ ਅਤੇ ਸਟਾਫ਼ ਵੱਲੋਂ ਕੀਤੀ ਮਿਹਨਤ ਸ਼ਲਾਘਾਯੋਗ ਹੈ। ਖੇਡਾਂ ਨੂੰ ਸਫਲਤਾਪੂਰਵਕ ਸੰਪੰਨ ਕਰਵਾਉਣ ਵਿੱਚ ਬਲਵਿੰਦਰ ਕੁਮਾਰ ਹੈੱਡ ਟੀਚਰ, ਰੋਹਿਤ ਕੰਬੋਜ਼, ਭਾਨੀ ਰਾਮ, ਸੁਰਿੰਦਰ ਸਿੰਘ, ਪ੍ਰਿੰਸ ਕੁਮਾਰ, ਗੁਰਵਿੰਦਰ ਕੌਰ, ਅਮਨਦੀਪ ਕੌਰ, ਗਗਨਦੀਪ, ਪਰਮਜੀਤ ਕੌਰ, ਹਰਜੀਤ ਕੌਰ ਮੋਹਰੀਵਾਲ, ਮੁਸਕਾਨ ਰਾਣੀ, ਭੁਪਿੰਦਰ ਕੌਰ, ਹਰਜੀਤ ਕੌਰ ਕਾਕੜ ਕਲਾਂ, ਅਮਨਪ੍ਰੀਤ ਕੌਰ ਲੋਹੀਆਂ, ਅਮਨਦੀਪ ਕੌਰ ਫਾਜ਼ਿਲਕਾ, ਮੈਡਮ ਰਿਆ, ਸ਼ਿਲਪਾ ਰਾਣੀ, ਵੀਰਪਾਲ ਕੌਰ, ਜਿਤੇਂਦਰ, ਮਨੀਸ਼ ਚੰਦਰ, ਛਮਿੰਦਰ ਕੁਮਾਰ, ਖੁਸ਼ਹਾਲ ਚੰਦ, ਰਮਨਦੀਪ ਕੌਰ, ਪ੍ਰਭਜੋਤ ਕੌਰ, ਸ਼ੇਲਿਕਾ, ਰਮਨਦੀਪ ਕੌਰ ਕੰਗ ਖੁਰਦ, ਜਸਵਿੰਦਰ ਕੌਰ, ਬੇਅੰਤ ਕੌਰ ਅਤੇ ਸੁਰਿੰਦਰ ਕੌਰ ਸਮੇਤ ਸਮੂਹ ਅਧਿਆਪਕਾਂ ਤੇ ਕਰਮਚਾਰੀਆਂ ਨੇ ਆਪਣੀ ਡਿਊਟੀ ਬਾਖੂਬੀ ਨਿਭਾਈ ਅਤੇ ਅਹਿਮ ਸਹਿਯੋਗ ਦਿੱਤਾ।

ਚੋਣ ਕਮਿਸ਼ਨ ਬਾਰੇ ਮਨਘੜਤ ਕਹਾਣੀਆਂ ਕਾਂਗਰਸ ਦੀ ਹਤਾਸ਼ਾ ਦਾ ਨਤੀਜਾ: ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਵਾਲੀਆ

ਬਟਾਲਾ (ਸੰਜੀਵ ਨਈਅਰ) ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਵਾਲੀਆ ਨੇ ਕਿਹਾ ਹੈ ਕਿ ਕੇਂਦਰੀ ਚੋਣ ਕਮਿਸ਼ਨ ਦੀ ਕਾਰਗੁਜ਼ਾਰੀ ਉੱਤੇ ਸਵਾਲ ਚੁੱਕਣਾ, ਕਾਂਗਰਸ ਅਤੇ ਇੰਡੀ ਗਠਜੋੜ ਦੀ ਹਤਾਸ਼ਾ ਦਾ ਨਤੀਜਾ ਹੈ। ਹੁਣ ਤਿੰਨੇ ਚੋਣ ਕਮਿਸ਼ਨਰਾਂ ਵਲੋਂ ਬੈਠਕ ਤੋਂ ਬਾਅਦ ਸਾਂਝਾ ਬਿਆਨ ਜਾਰੀ ਕੀਤੇ ਜਾਣ ਤੋਂ ਬਾਅਦ ਇਨ੍ਹਾਂ ਨੂੰ ਮੂੰਹ ਲੁਕਾਉਣ ਲਈ ਥਾਂ ਨਹੀਂ ਮਿਲ ਰਹੀ। ਉਨ੍ਹਾਂ ਕਿਹਾ ਕਿ ਕਦੇ ਵੋਟਿੰਗ ਮਸ਼ੀਨਾਂ ਅਤੇ ਕਦੇ ਦੇਸ਼ ਦੀਆਂ ਸੰਵਿਧਾਨਕ ਸੰਸਥਾਵਾਂ 'ਤੇ ਸਵਾਲ ਚੁੱਕਣਾ ਕਾਂਗਰਸ ਦੀ ਆਦਤ ਬਣ ਚੁੱਕੀ ਹੈ। ਇੱਕ ਤੋਂ ਬਾਅਦ ਇੱਕ ਚੋਣਾਂ ਦੀ ਹਾਰ ਤੋਂ ਬਾਅਦ ਲਾਚਾਰ ਇੰਡੀ ਗਠਜੋੜ ਨੇ ਹੁਣ ਕੇਂਦਰੀ ਚੋਣ ਕਮਿਸ਼ਨ ਨੂੰ ਨਿਸ਼ਾਨਾ ਬਣਾਉਣ ਦੀ ਚਾਲ ਚੱਲੀ ਸੀ, ਜੋ ਹੁਣ ਪੂਰੀ ਤਰ੍ਹਾਂ ਨਾਕਾਮ ਹੋ ਗਈ ਅਤੇ ਇਨ੍ਹਾਂ ਦਾ ਭਾਂਡਾ ਫੁੱਟ ਗਿਆ। ਉਨ੍ਹਾਂ ਦੱਸਿਆ ਕਿ 26 ਸਤੰਬਰ ਨੂੰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਅਤੇ ਚੋਣ ਕਮਿਸ਼ਨਰਾਂ ਡਾ. ਐੱਸ. ਐੱਸ. ਸੰਧੂ ਤੇ ਡਾ. ਵਿਵੇਕ ਜੋਸ਼ੀ ਦੀ ਮੀਟਿੰਗ ਤੋਂ ਬਾਅਦ ਜਾਰੀ ਕੀਤੇ ਸਾਂਝੇ ਬਿਆਨ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਦੇਸ਼ ਭਰ ਵਿੱਚ ਜਾਰੀ ਸਪੈਸ਼ਲ ਇੰਟੈਂਸਿਵ ਰਿਵਿਜ਼ਨ ਸਮੇਤ ਕਮਿਸ਼ਨ ਦੇ ਸਾਰੇ ਅਹਿਮ ਫੈਸਲੇ ਸਰਬਸੰਮਤੀ ਨਾਲ ਲਏ ਗਏ ਹਨ। ਇਨ੍ਹਾਂ ਵਿੱਚ 24 ਜੂਨ 2025 ਨੂੰ ਜਾਰੀ ਕੀਤਾ ਗਿਆ ਮੂਲ ਆਦੇਸ਼ ਅਤੇ ਇਸ ਤੋਂ ਬਾਅਦ ਵੱਖ-ਵੱਖ ਪੜਾਵਾਂ ਲਈ ਤੈਅ ਕੀਤੀ ਗਈ ਸਮਾਂ-ਸਾਰਣੀ ਵੀ ਸ਼ਾਮਲ ਹੈ, ਜੋ ਪੂਰੇ ਚੋਣ ਕਮਿਸ਼ਨ ਦੀ ਸਹਿਮਤੀ ਨਾਲ ਤੈਅ ਕੀਤੀ ਗਈ। ਉਨ੍ਹਾਂ ਚੋਣ ਕਮਿਸ਼ਨ ਦੇ ਵਿਰੋਧ ਵਿੱਚ ਮੁਜ਼ਾਹਰੇ ਅਤੇ ਪ੍ਰੈਸ ਕਾਨਫਰੰਸਾਂ ਕਰਨ ਵਾਲੀ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ ਸਿੱਧਾ ਸਵਾਲ ਕੀਤਾ ਕਿ ਚੋਣ ਕਮਿਸ਼ਨ ਦੀ ਮੀਟਿੰਗ ਅਤੇ ਇਸ ਤੋਂ ਬਾਅਦ ਜਾਰੀ ਸਾਂਝੇ ਪ੍ਰੈਸ ਬਿਆਨ ਮਗਰੋਂ ਕੀ ਹੁਣ ਉਹ ਆਪਣਾ ਸਟੈਂਡ ਸਪੱਸ਼ਟ ਕਰਨਗੇ? ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਸਾਰੇ ਪ੍ਰਮੁੱਖ ਫੈਸਲੇ ਸਰਬਸੰਮਤੀ ਨਾਲ ਲਏ ਜਾਣ ਦੇ ਸਪੱਸ਼ਟੀਕਰਨ ਨੇ ਵਿਰੋਧੀ ਧਿਰ ਵੱਲੋਂ ਖੜ੍ਹੇ ਕੀਤੇ ਜਾ ਰਹੇ ਭਰਮ ਅਤੇ ਮਨਘੜਤ ਕਹਾਣੀਆਂ ਦੀ ਹਕੀਕਤ ਸਾਹਮਣੇ ਲਿਆ ਦਿੱਤੀ ਹੈ। ਭਾਜਪਾ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਵਾਲੀਆ ਨੇ ਕਿਹਾ ਕਿ ਕੈਬਨਿਟ ਸਕੱਤਰ ਨੂੰ ਭੇਜੇ ਗਏ ਪੱਤਰ ਨੂੰ ਵੀ ਵਿਰੋਧੀ ਧਿਰ ਵੱਲੋਂ ਐੱਸਆਈਆਰ ਨਾਲ ਜੋੜ ਕੇ ਸਿਆਸੀ ਭਰਮ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਇਹ ਪੱਤਰ ਨਾ ਕਿਸੇ ਨੀਤੀਗਤ ਮਾਮਲੇ ਨਾਲ ਸਬੰਧਤ ਸੀ ਅਤੇ ਨਾ ਹੀ ਐੱਸਆਈਆਰ ਨਾਲ, ਸਗੋਂ ਡੈਪੂਟੇਸ਼ਨ 'ਤੇ ਆਏ ਇੱਕ ਅਧਿਕਾਰੀ ਦੀ ਪ੍ਰਬੰਧਕ ਕਾਰਜਸ਼ੈਲੀ ਨਾਲ ਜੁੜਿਆ ਅੰਦਰੂਨੀ ਮਾਮਲਾ ਸੀ। ਉਨ੍ਹਾਂ ਕਿਹਾ ਕਿ ਇੱਕ ਰੋਜ਼ਾਨਾ ਅੰਗਰੇਜ਼ੀ ਅਖ਼ਬਾਰ ਵਿੱਚ ਪ੍ਰਕਾਸ਼ਿਤ ਰਿਪੋਰਟ ਨੂੰ ਆਧਾਰ ਬਣਾ ਕੇ ਵਿਰੋਧੀ ਧਿਰ ਨੇ ਚੋਣ ਕਮਿਸ਼ਨ ਅਤੇ ਦੇਸ਼ ਦੀ ਜਮਹੂਰੀ ਪ੍ਰਕਿਰਿਆ 'ਤੇ ਸਵਾਲ ਚੁੱਕਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਕਿਹਾ ਕਿ ਹੁਣ ਚੋਣ ਕਮਿਸ਼ਨ ਵੱਲੋਂ ਦਿੱਤੇ ਸਪੱਸ਼ਟੀਕਰਨ ਤੋਂ ਬਾਅਦ ਕਾਂਗਰਸ ਅਤੇ 'ਆਪ' ਨੂੰ ਆਪਣੀ ਸਥਿਤੀ ਲੋਕਾਂ ਸਾਹਮਣੇ ਸਪੱਸ਼ਟ ਕਰਨੀ ਚਾਹੀਦੀ ਹੈ। ਫਾਰਮ-6 ਦੇ ਮੁੱਦੇ 'ਤੇ ਭਾਜਪਾ ਆਗੂ ਨੇ ਕਿਹਾ ਕਿ ਇਸ ਮਾਮਲੇ ਵਿੱਚ ਵੀ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਨੇ ਸਪੱਸ਼ਟ ਕੀਤਾ ਹੈ ਕਿ ਐਸ. ਆਈ.ਆਰ. ਨਾਲ ਸਬੰਧਤ ਫਾਰਮ-6 ਦੇ ਐਲਾਨ-ਪੱਤਰ ਨੂੰ ਮਾਨਯੋਗ ਸੁਪਰੀਮ ਕੋਰਟ ਨੇ ਜਾਇਜ਼ ਠਹਿਰਾਇਆ ਹੈ, ਜਦਕਿ ਗੈਰ-ਐਸ.ਆਈ.ਆਰ. ਸਮੇਂ ਦੌਰਾਨ ਵੋਟਰਾਂ ਦੀ ਰਜਿਸਟ੍ਰੇਸ਼ਨ ਨਿਯਮਾਂ, 1960 ਤਹਿਤ ਪਹਿਲਾਂ ਵਾਲਾ ਫਾਰਮ ਹੀ ਲਾਗੂ ਹੈ। ਉਨ੍ਹਾਂ ਕਿਹਾ ਕਿ ਪ੍ਰਕਿਰਿਆ ਵਿੱਚ ਕੋਈ ਹੇਰ-ਫੇਰ ਨਹੀਂ ਕੀਤਾ ਗਿਆ ਅਤੇ ਇਸ ਮੁੱਦੇ 'ਤੇ ਫੈਲਾਏ ਜਾ ਰਹੇ ਭਰਮ ਦਾ ਤੱਥਾਂ ਨਾਲ ਕੋਈ ਆਧਾਰ ਨਹੀਂ ਹੈ।

ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਬਟਾਲਾ ਵਿੱਚ 1 ਅਕਤੂਬਰ ਨੂੰ ਲੱਗੇਗਾ

ਗੁਰਦਾਸਪੁਰ, 28 ਸਤੰਬਰ (ਗੁਲਸ਼ਨ ਕੁਮਾਰ ਰਣੀਆ) ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਜ਼ਿਲ੍ਹਾ ਗੁਰਦਾਸਪੁਰ ਵਲੋਂ ਹਾੜੀ ਦੀਆਂ ਫਸਲਾਂ ਸਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਖੇਤੀ ਪ੍ਰਦਰਸ਼ਨੀਆਂ ਆਈ.ਟੀ.ਆਈ. ਬਟਾਲਾ ਵਿਖੇ ਲਗਾਈਆਂ ਜਾ ਰਹੀਆਂ ਹਨ।ਡਾ. ਸ਼ਾਹਬਾਜ਼ ਸਿੰਘ ਚੀਮਾ, ਮੁੱਖ ਖੇਤੀਬਾੜੀ ਅਫ਼ਸਰ ਗੁਰਦਾਸਪੁਰ ਨੇ ਦੱਸਿਆ ਕਿ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਸ਼ਿਰਕਤ ਕਰਨਗੇ। ਵਿਸ਼ੇਸ਼ ਮਹਿਮਾਨ ਵਜੋਂ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਪਹੁੰਚਣਗੇ। ਉਨ੍ਹਾਂ ਦੱਸਿਆ ਕਿ ਮੇਲੇ ਦਾ ਉਦਘਾਟਨ ਡਿਪਟੀ ਕਮਿਸ਼ਨਰ- ਕਮ-ਚੇਅਰਮੈਨ ਆਤਮਾ ਆਦਿਤਿਆ ਉੱਪਲ ਕਰਨਗੇ ਅਤੇ ਮੇਲੇ ਦੀ ਪ੍ਰਧਾਨਗੀ ਡਾ. ਗੁਰਜੀਤ ਸਿੰਘ ਬਰਾੜ ਡਾਇਰੈਕਟ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਕਰਨਗੇ। ਉਨ੍ਹਾਂ ਅੱਗੇ ਦੱਸਿਆ ਕਿ ਮੇਲੇ ਵਿੱਚ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਸਾਬਕਾ ਵਿਧਾਇਕ ਅਤੇ ਸੀਨੀਅਰ ਆਗੂ ਬਲਵਿੰਦਰ ਸਿੰਘ ਲਾਡੀ ,ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ, ਹਰਜੋਬਨਜੀਤ ਸਿੰਘ ਰੰਧਾਵਾ ਹਲਕਾ ਇੰਚਾਰਜ ਫਤਹਿਗੜ੍ਹ ਚੂੜੀਆਂ, ਹਲਕਾ ਇੰਚਾਰਜ ਦੀਨਾਨਗਰ ਸਮਸ਼ੇਰ ਸਿੰਘ ਅਤੇ ਹਲਕਾ ਇੰਚਾਰਜ ਕਾਦੀਆਂ ਗੁਰਇਕਬਾਲ ਸਿੰਘ ਮਾਹਲ ਵਿਸ਼ੇਸ਼ ਤੌਰ'ਤੇ ਸ਼ਿਰਕਤ ਕਰਨਗੇ।ਉਨ੍ਹਾਂ ਦੱਸਿਆ ਕਿ ਪਹਿਲੀ ਅਕਤੂਬਰ ਨੂੰ ਸਵੇਰੇ 9.30 ਵਜੇ ਤੋਂ 11 ਵਜੇ ਤੱਕ ਰਜਿਸਟਰੇਸ਼ਨ ਹੋਵੇਗੀ, ਮੇਲੇ ਦਾ ਉਦਘਾਟਨ 11 ਵਜੇ ਹੋਵੇਗਾ, ਤਕਨੀਕੀ ਸ਼ੈਸਨ 11 ਵਜੇ ਤੋਂ ਦੁਪਹਿਰ 1 ਵਜੇ ਤੱਕ ਗੁਰੂ ਦਾ ਲੰਗਰ 11 ਤੋਂ 1 ਵਜੇ ਤੱਕ ਚੱਲੇਗਾ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਕੈਂਪ ਵਿੱਚ ਪਹੁੰਚ ਕੇ ਖੇਤੀਬਾੜੀ ਮਾਹਿਰਾਂ ਦੇ ਵਿਚਾਰ ਸੁਣਨ ਦੀ ਅਪੀਲ ਕੀਤੀ।

ਝੋਨੇ ਦੀ ਖਰੀਦ 1 ਅਕਤੂਬਰ ਤੋਂ, ਕਿਸਾਨਾਂ ਨੂੰ ਮੰਡੀਆਂ ਵਿੱਚ ਸੁੱਕਾ ਝੋਨਾ ਲਿਆਉਣ ਦੀ ਅਪੀਲ: ਡਿਪਟੀ ਕਮਿਸ਼ਨਰ

ਗੁਰਦਾਸਪੁਰ, 28 ਸਤੰਬਰ (ਗੁਲਸ਼ਨ ਰਣੀਆ) ਪੰਜਾਬ ਸਰਕਾਰ ਵਲੋਂ 1 ਅਕਤੂਬਰ ਤੋਂ ਸ਼ੁਰੂ ਹੋਣ ਵਾਲੀ ਝੋਨੇ ਦੀ ਖਰੀਦ ਸਬੰਧੀ ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਕਿਹਾ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ ਤਾਂ ਜੋ ਫਸਲ ਦੀ ਖਰੀਦ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹੀ ਜਾ ਸਕੇ।
ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿਚ ਸੁੱਕਾ ਝੋਨਾ ਹੀ ਲਿਆਉਣ ਤਾਂ ਜੋ ਉਨ੍ਹਾਂ ਦੀ ਫਸਲ ਦੀ ਨਾਲੋ-ਨਾਲ ਖਰੀਦੀ ਜਾ ਸਕੇ।ਖਰੀਦ ਨਾਲ ਸਬੰਧਿਤ ਅਧਿਕਾਰੀਆਂ ਨੂੰ ਮੰਡੀਆਂ ਵਿਚ ਰੈਗੂਲਰ ਸਮੀਖਿਆ ਕਰਨ ਦੀ ਹਦਾਇਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ 92 ਮੰਡੀਆਂ ਵਿਚ ਲੋੜੀਂਦੇ ਇੰਤਜ਼ਾਮ ਅਮਲ ਵਿਚ ਲਿਆਂਦੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਸੀਜਨ ਦੌਰਾਨ 17 ਫੀਸਦੀ ਨਮੀ ਨਿਰਧਾਰਤ ਕੀਤੀ ਗਈ ਜਿਸ ਨੂੰ ਕਿਸਾਨਾਂ ਵਲੋਂ ਪੂਰੀ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿਚ ਮੁੱਢਲੀਆਂ ਸਹੂਲਤਾਂ ਦਾ ਸੁਚੱਜਾ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਉਨ੍ਹਾਂ ਨੂੰ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਜ਼ਿਲ੍ਹੇ ਵਿਚ ਇਸ ਵਾਰ ਝੋਨੇ ਦੀ ਆਮਦ ਬਾਰੇ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਲਗਭਗ 7 ਲੱਖ 85 ਹਜ਼ਾਰ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ ਹੈ, ਜਿਸ ਦੇ ਮੱਦੇਨਜ਼ਰ ਪੁਖਤਾ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਖੁਰਾਕ ਅਤੇ ਸਿਵਲ ਸਪਲਾਈਜ਼ ਵਿਭਾਗ ਦੇ ਅਧਿਕਾਰੀਆਂ ਵਲੋਂ ਮੰਡੀਆਂ ਵਿਚ ਪ੍ਰਬੰਧਾਂ ਦੀ ਰੈਗੂਲਰ ਸਮੀਖਿਆ ਕੀਤੀ ਜਾਵੇਗੀ ਤਾਂ ਜੋ ਕਿਸਾਨਾਂ, ਆੜ੍ਹਤੀਆਂ ਅਤੇ ਕਾਮਿਆਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਦੱਸਿਆ ਕਿ ਖਰੀਦ ਏਜੰਸੀਆਂ ਵਿਚ ਮਾਰਕਫੈਡ, ਪਨਗ੍ਰੇਨ, ਪਨਸਪ, ਪੰਜਾਬ ਵੇਅਰਹਾਊਸ ਅਤੇ ਐਫ.ਸੀ.ਆਈ. ਸ਼ਾਮਲ ਹਨ ਜੋ ਕਿਸਾਨਾਂ ਦੀ ਫ਼ਸਲ ਨੂੰ ਖਰੀਦਣਗੀਆਂ । ਜ਼ਿਕਰਯੋਗ ਹੈ ਕਿ ਇਸ ਸੀਜਨ ਦੌਰਾਨ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 2,461 ਰੁਪਏ ਪ੍ਰਤੀ ਕੁਇੰਟਲ ਤੈਅ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਫ਼ਸਲ ਖਰੀਦ ਹੋਣ ਦੇ 24 ਘੰਟਿਆਂ ਦੇ ਅੰਦਰ-ਅੰਦਰ ਬਣਦੀ ਅਦਾਇਗੀ ਕਰਨ ਦੇ ਨਾਲ-ਨਾਲ ਫੰਗੀ ਲਿਫਟਿੰਗ ਨੂੰ ਯਕੀਨੀ ਬਣਾਇਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਸ਼ਾਮ 6 ਵਜੇ ਤੋਂ ਸਵੇ

ਸ਼ਹਿਰ ਵਿੱਚ ਆਰੰਭ ਹੋਣ ਵਾਲੇ ਸੰਗੀਤਮਈ ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਦੀ ਸ਼ਾਨਦਾਰ ਕਲਸ਼ ਯਾਤਰਾ

168 ਸੁਹਾਗਣਾਂ ਨੇ ਸਿਰਾਂ 'ਤੇ ਕਲਸ਼ ਚੁੱਕ ਕੇ ਕੀਤੀ ਸ਼ਹਿਰ ਦੀ ਪ੍ਰਕਰਮਾ, ਭਗਤਾਂ ਨੇ ਨੱਚ-ਟੱਪ ਕੇ ਮਨਾਈ ਖੁਸ਼ੀ

ਭਗਤਾ ਭਾਈ, 2 8 ਸਤੰਬਰ (ਸਿਕੰਦਰ ਸਿੰਘ ਕੋਇਰ ਸਿੰਘ ਵਾਲਾ)- ਸ਼ਹਿਰ ਵਿੱਚ ਆਰੰਭ ਹੋਣ ਵਾਲੇ ਸੰਗੀਤਮਈ ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਸਬੰਧੀ ਅੱਜ ਬੇਹੱਦ ਸ਼ਾਨਦਾਰ ਅਤੇ ਵਿਸ਼ਾਲ ਕਲਸ਼ ਯਾਤਰਾ ਕੱਢੀ ਗਈ। ਭਗਤੀ ਅਤੇ ਸ਼ਰਧਾ ਨਾਲ ਭਰਪੂਰ ਇਸ ਕਲਸ਼ ਯਾਤਰਾ ਨੇ ਪੂਰੇ ਸ਼ਹਿਰ ਨੂੰ ਧਾਰਮਿਕ ਰੰਗ ਵਿੱਚ ਰੰਗ ਦਿੱਤਾ। ਕਲਸ਼ ਯਾਤਰਾ ਦੌਰਾਨ ਸੜਕਾਂ ਉੱਪਰ ਅਜਿਹਾ ਮਨਮੋਹਕ ਅਤੇ ਭਗਤੀਮਈ ਦ੍ਰਿਸ਼ ਦੇਖਣ ਨੂੰ ਮਿਲਿਆ ਕਿ ਹਰ ਕੋਈ ਇਸ ਨੂੰ ਵੇਖ ਕੇ ਮੰਤਰਮੁਗਧ ਹੋ ਗਿਆ। ਕਲਸ਼ ਯਾਤਰਾ ਦਾ ਸ਼ੁਭ ਆਰੰਭ ਸ੍ਰੀ ਗੀਤਾ ਭਵਨ ਤੋਂ ਹੋਇਆ। ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਪੁਜਾਰੀਆਂ ਵੱਲੋਂ ਵਿਧੀਵਤ ਪੂਜਾ-ਅਰਚਨਾ ਕੀਤੀ ਗਈ ਅਤੇ ਧਾਰਮਿਕ ਰਸਮਾਂ ਪੂਰੀਆਂ ਕੀਤੀਆਂ ਗਈਆਂ। ਇਸ ਉਪਰੰਤ 168 ਸੁਹਾਗਣਾਂ ਨੇ ਆਪਣੇ ਸਿਰਾਂ ਉੱਪਰ ਪਵਿੱਤਰ ਕਲਸ਼ ਚੁੱਕ ਕੇ ਕਲਸ਼ ਯਾਤਰਾ ਵਿੱਚ ਸ਼ਮੂਲੀਅਤ ਕੀਤੀ। ਸੁਹਾਗਣਾਂ ਵੱਲੋਂ ਸਿਰਾਂ 'ਤੇ ਸਜਾਏ ਪਵਿੱਤਰ ਕਲਸ਼ ਅਤੇ ਉਨ੍ਹਾਂ ਦੀ ਲੰਮੀ ਕਤਾਰ ਯਾਤਰਾ ਦੀ ਸਭ ਤੋਂ ਵੱਡੀ ਖਿੱਚ ਬਣੀ ਰਹੀ। ਕਲਸ਼ ਯਾਤਰਾ ਸ੍ਰੀ ਗੀਤਾ ਭਵਨ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਰਸਤਿਆਂ ਵਿੱਚੋਂ ਹੁੰਦੀ ਹੋਈ ਅੱਗੇ ਵਧੀ। ਯਾਤਰਾ ਦੇ ਰਸਤੇ ਵਿੱਚ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਜਿੱਥੇ-ਜਿੱਥੇ ਤੋਂ ਕਲਸ਼ ਯਾਤਰਾ ਲੰਘੀ, ਉੱਥੇ ਲੋਕਾਂ ਨੇ ਸ਼ਰਧਾ ਨਾਲ ਇਸ ਦੇ ਦਰਸ਼ਨ ਕੀਤੇ। ਧਾਰਮਿਕ ਭਜਨਾਂ ਅਤੇ ਸੰਗੀਤ ਦੀਆਂ ਧੁਨਾਂ ਨਾਲ ਪੂਰਾ ਮਾਹੌਲ ਭਗਤੀਮਈ ਬਣਿਆ ਹੋਇਆ ਸੀ। ਇਸ ਦੌਰਾਨ ਸ਼ਹਿਰ ਦੀਆਂ ਸੜਕਾਂ ਉੱਪਰ ਵੱਡੀ ਗਿਣਤੀ ਵਿੱਚ ਭਗਤ ਝੂਮਦੇ ਨਜ਼ਰ ਆਏ। ਭਜਨਾਂ ਦੀਆਂ ਧੁਨਾਂ ਅਤੇ ਧਾਰਮਿਕ ਜੈਕਾਰਿਆਂ ਨੇ ਮਾਹੌਲ ਨੂੰ ਹੋਰ ਵੀ ਜੋਸ਼ੀਲਾ ਬਣਾ ਦਿੱਤਾ। ਸ਼ਰਧਾਲੂਆਂ ਨੇ ਨੱਚ-ਟੱਪ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਭਗਵਾਨ ਦੇ ਜੈਕਾਰਿਆਂ ਨਾਲ ਆਸਮਾਨ ਗੂੰਜਾ ਦਿੱਤਾ। ਕਲਸ਼ ਯਾਤਰਾ ਵਿੱਚ ਸ਼ਾਮਲ ਸੰਗਤ ਦਾ ਉਤਸ਼ਾਹ ਅਤੇ ਸ਼ਰਧਾ ਦੇਖਣਯੋਗ ਸੀ। ਇਹ ਕਲਸ਼ ਯਾਤਰਾ ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਦੀ ਸ਼ੁਰੂਆਤ ਦਾ ਵਿਸ਼ੇਸ਼ ਅਤੇ ਯਾਦਗਾਰ ਪਲ ਬਣੀ। ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਨੂੰ ਲੈ ਕੇ ਸ਼ਹਿਰ ਵਾਸੀਆਂ ਵਿੱਚ ਵੀ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਦੀ ਕਥਾ 03 ਅਕਤੂਬਰ ਨੂੰ ਸਮਾਪਤ ਹੋਵੇਗੀ। ਕਥਾ ਦੀ ਸਮਾਪਤੀ ਉਪਰੰਤ ਸੰਗਤ ਲਈ ਭੰਡਾਰੇ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਸ਼ਾਨਦਾਰ ਕਲਸ਼ ਯਾਤਰਾ ਨਾਲ ਸ਼ੁਰੂ ਹੋਏ ਇਸ ਧਾਰਮਿਕ ਸਮਾਗਮ ਨੇ ਸ਼ਹਿਰ ਵਿੱਚ ਭਗਤੀ ਅਤੇ ਆਧਿਆਤਮਿਕਤਾ ਦਾ ਸੁੰਦਰ ਮਾਹੌਲ ਸਿਰਜ ਦਿੱਤਾ ਹੈ।

ਵਿਧਾਇਕ ਦੇਵ ਮਾਨ ਦੀ ਅਗਵਾਈ ਵਿੱਚ ਗਲਵੱਟੀ ਤੋਂ 30 ਬੱਸਾਂ ਤੇ 100 ਕਾਰਾਂ ਦਾ ਕਾਫਲਾ 'ਜਸ਼ਨ-ਏ-ਇਨਕਲਾਬ' ਲਈ ਲੁਧਿਆਣਾ ਰਵਾਨਾ



ਨਾਭਾ, 28 ਸਤੰਬਰ: ਰਾਕੇਸ਼ ਜਿੰਦਲ ਸ਼ੁਭਮ ਜਿੰਦਲ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਅੱਜ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀ.ਏ.ਯੂ.), ਲੁਧਿਆਣਾ ਵਿਖੇ ਕਰਵਾਏ ਜਾ ਰਹੇ 'ਜਸ਼ਨ-ਏ-ਇਨਕਲਾਬ' ਸਮਾਗਮ ਵਿੱਚ ਸ਼ਾਮਲ ਹੋਣ ਲਈ ਹਲਕਾ ਨਾਭਾ ਤੋਂ ਵੱਡੀ ਗਿਣਤੀ ਵਿੱਚ ਲੋਕ ਰਵਾਨਾ ਹੋਏ ਇਸ ਮੌਕੇ ਅਨਾਜ ਮੰਡੀ ਗਲਵੱਟੀ ਤੋਂ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਹੇਠ ਕਰੀਬ 30 ਬੱਸਾਂ ਅਤੇ 100 ਕਾਰਾਂ ਦਾ ਕਾਫਲਾ ਲੁਧਿਆਣਾ ਲਈ ਰਵਾਨਾ ਹੋਇਆ ,ਵਿਧਾਇਕ ਦੇਵ ਮਾਨ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਜੀ ਦੀ ਕੁਰਬਾਨੀ ਅਤੇ ਵਿਚਾਰਧਾਰਾ ਪੰਜਾਬ ਦੇ ਲੋਕਾਂ ਲਈ ਹਮੇਸ਼ਾ ਪ੍ਰੇਰਣਾ ਦਾ ਸਰੋਤ ਰਹੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸ਼ਹੀਦਾਂ ਦੇ ਜੀਵਨ ਅਤੇ ਦੇਸ਼ ਪ੍ਰਤੀ ਉਨ੍ਹਾਂ ਦੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਉਣਾ ਸਮੇਂ ਦੀ ਲੋੜ ਹੈ , ਪੀ.ਏ.ਯੂ. ਲੁਧਿਆਣਾ ਵਿਖੇ ਹੋਣ ਵਾਲੇ 'ਜਸ਼ਨ-ਏ-ਇਨਕਲਾਬ' ਵਿੱਚ ਪੰਜਾਬ ਦੇ ਸੱਭਿਆਚਾਰ, ਸੰਗੀਤ ਅਤੇ ਸ਼ਹੀਦਾਂ ਦੀ ਵਿਰਾਸਤ ਨੂੰ ਸਮਰਪਿਤ ਵੱਖ-ਵੱਖ ਪ੍ਰੋਗਰਾਮ ਕਰਵਾਏ ਜਾਣੇ ਹਨ ਇਸ ਮੌਕੇ ਉਨਾਂ ਦੇ ਨਾਲ ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ, ਧਰਮਿੰਦਰ ਸਿੰਘ ਸੁਖੇਵਾਲ ਸੀਨੀਅਰ ਆਗੂ, ਬਾਬਾ ਪ੍ਰਭੂ ਸਿੰਘ ਨਿਰਮਾਣਾ , ਸਿਮਰਨਜੀਤ ਸਿੰਘ ਅੜਕ ਚੌਹਾਨ, ਭੁਪਿੰਦਰ ਸਿੰਘ ਕੱਲਰ ਮਾਜਰੀ ਵਾਇਸ ਚੇਅਰਮੈਨ, ਗੁਰਦੀਪ ਸਿੰਘ ਟਿਵਾਣਾ ਚੇਅਰਮੈਨ ਮਾਰਕੀਟ ਕਮੇਟੀ ਨਾਭਾ , ਮਨਪ੍ਰੀਤ ਸਿੰਘ ਧਾਰੋਕੀ ਪ੍ਰਧਾਨ ਟਰੱਕ ਯੂਨੀਅਨ, ਮਨਜੋਤ ਸਿੰਘ ਲੱਧਾਹੇੜੀ ਯੂਥ ਪ੍ਰਧਾਨ, ਸੁਖਦੀਪ ਸਿੰਘ ਖਹਿਰਾ , ਕਪਿਲ ਮਾਨ , ਗੌਨਾ ਗਰਗ , ਸੁਖਜਿੰਦਰ ਸਿੰਘ ਟੌਹੜਾ , ਰਣਜੀਤ ਸਿੰਘ ਜੱਜ ਸਰਪੰਚ, ਗੁਰਮੁੱਖ ਸਿੰਘ ਮੋਹਲਗੁਅਰਾ , ਟੋਨਾ ਮੂੰਗੋਂ , ਰਾਜੀਵ ਪਾਠਕ ਸੋਜਾਂ , ਜਸਵੀਰ ਸਿੰਘ ਵਜੀਦਪੁਰ, ਦਰਸ਼ਨ ਸਿੰਘ , ਗੁਰਪ੍ਰੀਤ ਸਿੰਘ ਮੱਲੇਵਾਲ , ਬਹਾਦਰ ਸਿੰਘ ਅਲਹੋਰਾਂ , ਪੱਪੀ ਬਿਰਧਨੋ , ਕ੍ਰਿਸ਼ਨ ਧਰਮਸੋਤ , ਕੁਲਵੰਤ ਸਿੰਘ ਅਟਵਾਲ ਸਰਪੰਚ , ਜਸਵਿੰਦਰ ਸਿੰਘ ਅੱਚਲ ਸਰਪੰਚ , ਅਮਨਦੀਪ ਸਿੰਘ ਸਰਪੰਚ ਕੋਟ ਕਲਾਂ, ਸਿਵ ਲਾਲ , ਸੈਕੀ ਸਿੰਗਲਾ ਪ੍ਰਧਾਨ, ਸੋਨੂ ਸੂਦ ਕੌਂਸਲਰ, ਲਾਡੀ ਭਾਦਸੋਂ, ਹਰਵਿੰਦਰ ਸਿੰਘ ਤੂੰਗਾਂ , ਪੰਚ, ਸਰਪੰਚ ਅਤੇ ਵੱਡੀ ਗਿਣਤੀ ਵਿੱਚ ਅਹੁਦੇਦਾਰਾਂ ਮੌਜੂਦ ਸਨ।

ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਨਾ ਹੋਣ ਕਾਰਨ ਮੰਡੀਆਂ ਵਿੱਚ ਰੁਲਣਾ ਸ਼ੁਰੂ

ਪਟਿਆਲਾ , 28 ਸਤੰਬਰ (ਰਾਜਿੰਦਰ ਸਿੰਘ ਥਿੰਦ)ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਨਾ ਹੋਣ ਕਾਰਨ ਮੰਡੀਆਂ ਵਿੱਚ ਝੋਨਾ ਰੁਲਣਾ ਸ਼ੁਰੂ ਹੋ ਗਿਆ ਹੈ !ਸਰਕਾਰ ਵੱਲੋਂ ਝੋਨੇ ਦੀ ਸਰਕਾਰੀ ਖਰੀਦ 1ਅਕਤੂਬਰ ਤੋਂ ਸ਼ੁਰੂ ਕਰਨ ਦਾ ਐਲਾਨ ਕੀਤਾ ਹੋਇਆ ਹੈ ਪਰੰਤੂ ਅਗੇਤੀ ਕਿਸਮ ਦੇ ਝੋਨੇ ਦੀ ਮੰਡੀਆਂ ਚ ਆਮਦ ਤੇਜ਼ ਹੋ ਗਈ ਹੈ ਪ੍ਰੰਤੂਝੋਨੇ ਦੀ ਖਰੀਦ ਕਰਨ ਵਾਲਾ ਮੰਡੀਆਂ ਚ ਕੋਈ ਨਹੀ ਜਿਸ ਕਾਰਨ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਭਾਰੀ ਮੁਸ਼ਕਿਲਾਂ ਦਾ ਸ਼ਹਮਣਾ ਕਰਨਾ ਪੈ ਰਿਹਾ ਹੈ !ਆੜ੍ਹਤੀਆਂ ਨੂੰ ਮਜਬੂਰਨ ਕਿਸਾਨਾਂ ਦੇ ਝੋਨੇ ਦੀ ਫ਼ਸਲਨੂੰ ਕੱਚੇ ਚ ਹੀ ਬੋਰੀਆਂ ਚ ਭਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ !ਸਨੌਰ ਸਮੇਤ ਜ਼ਿਲ੍ਹੇ ਦੀਆਂ ਵੱਡੀਆਂ ਮੰਡੀਆਂ ਵਿੱਚ ਜੀਰੀ ਦੀ ਲਿਫਟਿੰਗ ਨਾ ਹੋਣ ਕਾਰਨ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਨੌਰ ਦੀ ਸਨੌਰੀ ਮੰਡੀ ਅਤੇ ਸਨੌਰ ਅਨਾਜ ਮੰਡੀ ਵਿੱਚ ਜੀਰੀ ਦੀਆਂ ਬੋਰੀਆਂ ਦੇ ਵੱਡੇ-ਵੱਡੇ ਅੰਬਾਰ ਲੱਗੇ ਹੋਏ ਹਨ, ਜਿਸ ਕਾਰਨ ਕਿਸਾਨਾਂ ਵਿੱਚ ਚਿੰਤਾ ਪਾਈ ਜਾ ਰਹੀ ਹੈ। ਇਸ ਸਬੰਧੀ ਹਲਕਾ ਸਨੌਰ ਤੋਂ ਜਸਵਿੰਦਰ ਸਿੰਘ ਮੋਣੀ ਭਾਂਖਰ ਪੰਜਾਬ ਪ੍ਰਮੁੱਖ ਕਿਸਾਨ ਆਗੂ ਨੇ ਕਿਹਾ ਕਿ ਮੰਡੀਆਂ ਵਿੱਚ ਫ਼ਸਲ ਦੀ ਲਿਫਟਿੰਗ ਨਾ ਹੋਣ ਕਾਰਨ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਅਤੇ ਸੰਭਾਲਣ ਵਿੱਚ ਦਿੱਕਤਾਂ ਆ ਰਹੀਆਂ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਵੱਲੋਂ ਕਿਸਾਨਾਂ ਦੀ ਸਮੱਸਿਆ ਵੱਲ ਲੋੜੀਂਦਾ ਧਿਆਨ ਨਹੀਂ ਦਿੱਤਾ ਜਾ ਰਿਹਾ ਅਤੇ ਕਿਸਾਨਾਂ ਦੀ ਸਾਰ ਲੈਣ ਲਈ ਕੋਈ ਢੁਕਵੇਂ ਪ੍ਰਬੰਧ ਨਜ਼ਰ ਨਹੀਂ ਆ ਰਹੇ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਲਿਫਟਿੰਗ ਦੀ ਸਮੱਸਿਆ ਨਾਲ ਜੂਝ ਰਹੇ ਕਿਸਾਨਾਂ ਲਈ ਅੱਜ ਹੋਈ ਬਰਸਾਤ ਨੇ ਮੁਸ਼ਕਲਾਂ ਹੋਰ ਵਧਾ ਦਿੱਤੀਆਂ ਹਨ। ਜੇਕਰ ਮੰਡੀਆਂ ਵਿੱਚ ਪਈ ਜੀਰੀ ਦੀਆਂ ਬੋਰੀਆਂ ਨੂੰ ਸਮੇਂ ਸਿਰ ਸੁਰੱਖਿਅਤ ਥਾਵਾਂ 'ਤੇ ਨਾ ਪਹੁੰਚਾਇਆ ਗਿਆ ਤਾਂ ਬਰਸਾਤ ਕਾਰਨ ਫ਼ਸਲ ਦੇ ਨੁਕਸਾਨ ਦਾ ਖ਼ਦਸ਼ਾ ਹੈ। ਓਹਨਾ ਨੇ ਮੰਗ ਕੀਤੀ ਕਿ ਮੰਡੀਆਂ ਵਿੱਚੋਂ ਜੀਰੀ ਦੀ ਲਿਫਟਿੰਗ ਤੁਰੰਤ ਤੇਜ਼ ਕੀਤੀ ਜਾਵੇ, ਤਾਂ ਜੋ ਉਨ੍ਹਾਂ ਨੂੰ ਹੋਰ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਸ੍ਰੀ ਅਮਿਤ ਸ਼ਾਹ ਦੀ ਜਲੰਧਰ ਰੈਲੀ 2027 ਚੋਣ ਦੀ ਨੀਂਹ ਰੱਖੇਗੀ : ਹਰਪਾਲਪੁਰ

ਪਟਿਆਲਾ 28,ਸਤੰਬਰ (ਰਾਜਿੰਦਰ ਸਿੰਘ ਥਿੰਦ) ਭਾਰਤੀ ਜਨਤਾ ਪਾਰਟੀ ਵੱਲੋਂ ਨਸ਼ਾ ਯਾਤਰਾ ਦੀ ਸਮਾਪਤੀ ਮਗਰੋਂ ਕੀਤੀ ਜਾ ਰਹੀ ਸ਼੍ਰੀ ਅਮਿਤ ਸ਼ਾਹ ਜੀ ਦੀ ਰੈਲੀ ਇਤਿਹਾਸਕ ਹੋਣ ਦੇ ਨਾਲ ਨਾਲ ਪੰਜਾਬ ਦੀ ਸਿਆਸਤ ਵਿੱਚ ਵੱਡਾ ਸਿਆਸੀ ਮੋੜ ਲੈ ਕੇ ਆਵੇਗੀ ਤੇ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸਰਕਾਰ ਬਣਾਉਣ ਲਈ ਨੀਂਹ ਰੱਖਣ ਦਾ ਕੰਮ ਕਰੇਗੀ ਇਹਨਾਂ ਵਿਚਾਰਾਂ ਦਾ ਪ੍ਰਗਟਾਵਾਂ ਪੰਜਾਬ ਖਾਦੀ ਅਤੇ ਗ੍ਰਾਮ ਉਦਯੋਗ ਬੋਰਡ ਪੰਜਾਬ ਦੇ ਸਾਬਕਾ ਚੇਅਰਮੈਨ ਤੇ ਭਾਜਪਾ ਆਗੂ ਹਰਵਿੰਦਰ ਸਿੰਘ ਹਰਪਾਲ ਪੁਰ ਨੇ ਕੀਤਾ। ਹਰਪਾਲਪੁਰ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਨਸ਼ਾ ਮੁਕਤ ਪੰਜਾਬ ਉਸਾਰਨ ਲਈ ਸਾਰੇ ਪੰਜਾਬ ਵਿੱਚ ਕੀਤੀਆਂ ਜਾ ਰਹੀਆਂ ਚਾਰ ਯਾਤਰਾਵਾਂ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਨਸ਼ੇ ਵਿਰੁੱਧ ਲੋਕ ਆਪ ਮੁਹਾਰੇ ਯਾਤਰਾ ਦਾ ਹਿੱਸਾ ਬਣ ਰਹੇ ਹਨ ਲੋਕਾਂ ਵਿਚ ਨਸ਼ੇ ਦੇ ਖਾਤਮੇ ਲਈ ਭਾਰੀ ਉਤਸ਼ਾਹ ਹੈ। ਹਰਪਾਲ ਪੁਰ ਨੇ ਕਿਹਾ ਕਿ ਦੂਜੀਆਂ ਸਿਆਸੀ ਧਿਰਾਂ ਨੇ ਨਸ਼ਾ ਖ਼ਤਮ ਕਰਨ ਦਾ ਨਾਹਰਾ ਮਾਰ ਕੇ ਪੰਜਾਬ ਚ ਆਪਣੀਆਂ ਸਰਕਾਰਾਂ ਬਣਾਈਆਂ ਹਨ ਤੇ ਸਰਕਾਰਾਂ ਬਣਾ ਕੇ ਨਸ਼ੇ ਦੇ ਦੈਂਤ ਦੀਆਂ ਜੜ੍ਹਾਂ ਹੋਰ ਡੂੰਗੀਆ ਹੋਣ ਦਿੱਤੀਆਂ ਜਿਨਾ ਨੇ ਪੰਜਾਬ ਦੀ ਜਵਾਨੀ ਨੂੰ ਖ਼ਤਮ ਕਰਨ ਚ ਕੋਈ ਕਸਰ ਨਹੀਂ ਛੱਡੀ ਪੰਜਾਬ ਦੇ ਲੋਕ ਵੀ ਸਾਰੀਆਂ ਸਿਆਸੀ ਪਾਰਟੀਆਂ ਨੂੰ ਅਜ਼ਮਾ ਚੁੱਕੇ ਹਨ ਕਿਸੇ ਨੇ ਵੀ ਨਸ਼ੇ ਨੂੰ ਜੜ ਤੋਂ ਪੁੱਟਣ ਦਾ ਉਪਰਾਲਾ ਨਹੀਂ ਕੀਤਾ ਭਾਰਤੀ ਜਨਤਾ ਪਾਰਟੀ ਨੇ ਪੂਰੀ ਸਮਰਪਿਤ ਭਾਵਨਾ ਨਾਲ ਪੰਜਾਬ ਦੇ ਲੋਕਾਂ ਨਾਲ ਵਾਅਦਾ ਕੀਤਾ ਹੈ ਕਿ ਭਾਜਪਾ ਸਰਕਾਰ ਬਣਨ ਤੋਂ ਤੁਰੰਤ ਬਾਅਦ ਨਸ਼ੇ ਨੂੰ ਜੜ ਤੋ ਪੁੱਟਣ ਲਈ ਸਿਰਧੜ ਦੀ ਬਾਜ਼ੀ ਲਾਈ ਜਾਵੇਗੀ ਸਮਾਬੰਧ ਟਾਰਗੇਟ ਮਿਥ ਕੇ ਪੰਜਾਬ ਦੇ ਲੋਕਾਂ ਨਾਲ ਕੀਤਾ ਵਾਅਦਾ ਨਿਭਾਇਆ ਜਾਵੇਗਾ ਤੇ ਨਸ਼ਾ ਮੁਕਤ ਪੰਜਾਬ ਦਾ ਨਿਰਮਾਣ ਜੰਗੀ ਪੱਧਰ ਤੇ ਕੀਤਾ ਜਾਵੇਗਾ 30 ਸਤੰਬਰ ਨੂੰ ਸ਼੍ਰੀ ਅਮਿਤ ਸ਼ਾਹ ਦੀ ਜਲੰਧਰ ਰੈਲੀ ਜਿੱਥੇ ਨਸ਼ੇ ਦੇ ਖਾਤਮੇ ਦੀ ਗਵਾਹੀ ਭਰੇਗੀ ਉੱਥੇ 2027 ਚ ਪੰਜਾਬ ਵਿੱਚ ਹੋਣ ਵਾਲੀਆਂ ਚੋਣਾਂ ਚ ਭਾਜਪਾ ਦੀ ਸਰਕਾਰ ਬਣਾਉਣ ਦੀ ਨੀਂਹ ਰੱਖੇਗੀ।

ਪੰਜਾਬ ਨੰਬਰਦਾਰ ਯੂਨੀਅਨ ਵੱਲੋਂ 5 ਨੂੰ ਸੰਗਰੂਰ ਰੈਲ਼ੀ 'ਚ ਵੱਡਾ ਇਕੱਠ ਕਰਨ ਦਾ ਐਲਾਨ

ਸਮਰਾਲਾ, 28 ਸਤੰਬਰ(ਬ੍ਰਹਮਜੋਤ ਭੰਗਲਾਂ) ਪੰਜਾਬ ਨੰਬਰਦਾਰ ਯੂਨੀਅਨ ਸਮਰਾਲਾ ਦੀ ਅਹਿਮ ਮੀਟਿੰਗ ਪ੍ਰਧਾਨ ਦਲੀਪ ਸਿੰਘ ਸੋਹੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜਿਲ੍ਹਾ ਪ੍ਰਧਾਨ ਪਿਆਰਾ ਸਿੰਘ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਵਿੱਚ ਸਮਰਾਲਾ ਅਤੇ ਮਾਛੀਵਾੜਾ ਦੇ ਸਮੂੱਚੇ ਨੰਬਰਦਾਰਾਂ ਨੇ ਹਾਜ਼ਰੀ ਭਰੀ।ਮੀਟਿੰਗ ਵਿੱਚ ਯੂਨੀਅਨ ਵੱਲੋਂ ਇਹ ਮਤਾ ਪਾਸ ਕੀਤਾ ਗਿਆ ਕਿ ਸੰਗਰੂਰ ਵਿਖੇ ਪੰਜਾਬ ਪੱਧਰ ਦੀ ਹੋਣ ਵਾਲੀ 5 ਅਕਤੂਬਰ ਦੀ ਰੈਲੀ ਵਿੱਚ ਵੱਧ ਤੋਂ ਵੱਧ ਨੰਬਰਦਾਰ ਸ਼ਮੂਲੀਅਤ ਕਰਨਗੇ। ਇਸ ਮੀਟਿੰਗ ਵਿੱਚ ਨੰਬਰਦਾਰਾਂ ਨੇ ਆਪਣੇ ਵਿਚਾਰ ਰੱਖਦਿਆਂ ਨੰਬਰਦਾਰੀ ਜੱਦੀ ਪੁਸ਼ਤੀ ਕਰਕੇ ਮਾਣਭੱਤਾ ਵਧਾਉਣ ਦੀ ਮੰਗ ਕੀਤੀ ਅਤੇ 5 ਅਕਤੂਬਰ ਦੀ ਰੈਲੀ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦਾ ਐਲਾਨ ਵੀ ਕੀਤਾ ਤਾਂ ਕਿ ਸਰਕਾਰ ਕੋਲੋਂ ਆਪਣੀਆਂ ਹੱਕੀ ਮੰਗਾਂ ਨੂੰ ਮਨਵਾਇਆ ਜਾ ਸਕੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪਿਆਰਾ ਸਿੰਘ, ਪ੍ਰਧਾਨ ਦਲੀਪ ਸਿੰਘ ਸੋਹੀ, ਸੂਬਾ ਸਕੱਤਰ ਦਲੀਪ ਸਿੰਘ ਬਾਲਿਓਂ,ਅਮਰੀਕ ਸਿੰਘ ਜਨਰਲ ਸਕੱਤਰ, ਇਕਬਾਲ ਸਿੰਘ ਬੈਂਬ ਕੈਸ਼ੀਅਰ,ਹਰਭਜਨ ਸਿੰਘ ਨੀਲੋਂ ਕਲਾਂ,ਬਚਨ ਸਿੰਘ ਚਹਿਲਾਂ,ਤਾਰਾ ਸਿੰਘ ਬੋਂਦਲ, ਅਮਰਜੀਤ ਸਿੰਘ ਕਲਾਲਮਾਜਰਾ, ਪ੍ਰੇਮ ਸਿੰਘ ਮਾਨੂੰਪੁਰ,ਹਰਬੰਸ ਸਿੰਘ ਬੌਦਲੀ,ਪਰਮਿੰਦਰ ਸਿੰਘ ਕੋਟਾਲਾ, ਹਰੀ ਰਾਮ ਰਾਜਗੜ੍ਹ, ਸਤੀਸ਼ ਕੁਮਾਰ ਬਗਲੀ ਕਲਾਂ,ਬਹਾਦਰ ਸਿੰਘ ਲੱਲਕਲਾਂ,ਪ੍ਰੇਮ ਸਿੰਘ ਗੁਰੂਗੜ੍ਹ,ਬਲਜਿੰਦਰ ਸਿੰਘ,ਮਨਜੀਤ ਸਿੰਘ,ਰਜਿੰਦਰ ਸਿੰਘ ਸ਼ਾਮਗੜ੍ਹ,ਸਾਧੂ ਸਿੰਘ ਹੇੜੀਆਂ ਅਤੇ ਜਗਤਾਰ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ ਵੀ ਹਾਜਰ ਸਨ।

ਵਿਸ਼ਵ ਰੈਬੀਜ਼ ਦਿਵਸ ਮੌਕੇ ਜਿਲ੍ਹਾ ਪੱਧਰੀ ਜਾਗਰੂਕਤਾ ਸਮਾਗਮ ਦਾ ਆਯੋਜਨ

ਫ

ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸੰਘਰਸ਼ ਜਾਰੀ ਰੱਖਣ ਦਾ ਐਲਾਨ 10 ਅਕਤੂਬਰ ਨੂੰ ਹੋਵੇਗੀ ਸੰਗਰੂਰ ਵਿਖੇ ਮਹਾ ਰੈਲੀ, 21-22 ਅਕਤੂਬਰ ਨੂੰ ਮੁਲਾਜ਼ਮ ਜਾਣਗੇ ਸਮੂਹਿਕ ਛੁੱਟੀ ਤੇ, 01 ਅਕਤੂਬਰ ਨੂੰ ਹੋਣਗੀਆਂ ਜ਼ਿਲਾ ਪੱਧਰੀ ਸਾਂਝੀਆਂ ਮੀਟਿੰਗਾਂ

ਲੁਧਿਆਣਾ, 28 ਸਤੰਬਰ (ਸੂਰਜ) ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ ਸਾਂਝਾ ਫਰੰਟ ਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਤੇ ਅਧਾਰਤ ਬਣੀ ਸਾਂਝੀ ਤਾਲਮੇਲ ਕਮੇਟੀ ਦੀ ਸੂਬਾ ਪੱਧਰੀ ਅਹਿਮ ਮੀਟਿੰਗ 12 ਵਜੇ ਤੋਂ ਸ਼ਾਮੀ 5 ਵਜੇ ਤੱਕ ਚੱਲੀ ਜਿਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਸਤੀਸ਼ ਰਾਣਾ, ਗੁਰਨਾਮ ਸਿੰਘ ਦਿਰਕ ਅਤੇ ਸੁਖਚੈਨ ਸਿੰਘ ਖਹਿਰਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਨਾਲ ਹੋਈ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਸਾਡੇ ਮੁਲਾਜਮਾਂ ਦੀ ਮੂਵਮੈਂਟ ਨੂੰ ਨੁਕਸਾਨ ਪਹੁੰਚਾਉਣ ਲਈ ਚਾਲ ਚੱਲੀ ਸੀ ਜਿਸਦੀ ਮੀਟਿੰਗ @ਚ ਨਿਖੇਧੀ ਕੀਤੀ ਗਈ। ਨਾਲ ਹੀ ਜੋ ਡੀ ਏ ਦਾ ਪੱਤਰ ਜਾਰੀ ਕੀਤਾ ਗਿਆ ਸੀ, ਉਸ ਬਾਰੇ ਸਰਕਾਰ ਨੂੰ ਹਾਈ ਕੋਰਟ ਦੇ ਹੁਕਮ ਅਨੁਸਾਰ ਡੀ ਏ ਜਾਰੀ ਕਰਨ ਲਈ ਪੱਤਰ ਲਿਖਿਆ ਜਾਵੇਗਾ ਕਿਉਂਕਿ ਸਾਡੀ ਮੰਗ ਡੀਏ ਨਹੀਂ ਸੀ ਕਿਉਂਕਿ ਏਹ ਤਾਂ ਸਾਨੂੰ ਮਾਨਯੋਗ ਹਾਈ ਕੋਰਟ ਵੱਲੋਂ ਦੇਣ ਦੇ ਆਦੇਸ਼ ਹੋਏ ਹੀ ਹਨ। ਸਾਡੀਆਂ ਮੰਗਾਂ ਜਿਵੇਂ 15/01/2015 ਤੇ 17/07/2020 ਦਾ ਪੱਤਰ ਰੱਦ ਕਰਵਾਉਣ, ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਪੈਨਸ਼ਨਰਾਂ ਲਈ 2.59 ਗੁਣਾਕ ਲਾਗੂ ਕਰਨਾ ਕੱਚੇ ਮੁਲਾਜਮਾਂ ਨੂੰ ਪੱਕਾ ਕਰਨ, ਮਿਡ ਡੇ ਮੀਲ ਆਸ਼ਾ ਆਂਗਨਵਾੜੀ ਨੂੰ ਘੱਟੋ ਘੱਟ ਉਜਰਤ ਦੇ ਘੇਰੇ ਵਿੱਚ ਲਿਆਣਾ, ਏਸੀਪੀ ਸਕੀਮ ਲਾਗੂ ਕਰਨਾ ਬੰਦ ਕੀਤੇ ਭੱਤੇ ਬਹਾਲ ਕਰਨਾ ਮੰਗਾਂ ਆਦਿ ਸਨ ਜਿਨ੍ਹਾਂ ਨੂੰ ਮਨਵਾਉਣ ਤੱਕ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਭਰ ਤੋਂ ਸਾਰੀਆਂ ਮੁਲਾਜ਼ਮ ਜੱਥੇਬੰਦੀਆਂ ਦੇ ਪਹੁੰਚੇ ਮੁਲਾਜਮਾਂ ਦੀ ਹਾਜਰੀ ਚ ਫ਼ੈਸਲਾ ਕੀਤਾ ਕਿ 7 ਅਗਸਤ ਨੂੰ ਚੰਡੀਗੜ੍ਹ ਵਿਖੇ ਜੋ ਰਿਕਾਰਡ ਤੋੜ ਰੈਲੀ ਕੀਤੀ ਗਈ ਸੀ, ਉਹ ਰਿਕਾਰਡ ਖੁਦ ਤੋੜਨ ਲਈ 10 ਅਕਤੂਬਰ ਨੂੰ ਸੰਗਰੂਰ ਵਿਖੇ ਦੂਜੀ ਮਹਾਂ ਰੈਲੀ ਕੀਤੀ ਜਾਵੇਗੀ।ਏਹ ਮਹਾਰਲੀ ਭਗਵੰਤ ਮਾਨ ਸਰਕਾਰ ਦਾਆ ਚੂਲਾਂ ਹਿਲਾ ਕੇ ਰੱਖ ਦੇਵੇਗੀ ਤੇ ਸਕੱਤਰੇਤ ਤੋਂ ਸਤੋਜ ਦੀ ਵਾਪਸੀ ਮੁਹਿਮ ਉੱਤੇ ਮੋਹਰ ਲਗਾਏਗੀ। 200-250 ਵੱਖ-ਵੱਖ ਜਥੇਬੰਦੀਆਂ ਇਸ ਰੈਲੀ @ਚ ਸ਼ਮੂਲੀਅਤ ਕਰਨਗੀਆਂ। 27 ਅਗਸਤ ਦਾ ਅਪਣਾ ਹੀ ਮਹਾਂ ਬੰਦ ਦਾ ਦੂਜਾ ਰਿਕਾਰਡ ਸਾਡੇ ਵੱਲੋਂ 21 ਅਤੇ 22 ਅਕਤੂਬਰ ਨੂੰ ਦੋ ਦਿਨ ਦੀ ਸਮੂਹਿਕ ਛੁੱਟੀ @ਤੇ ਜਾ ਕੇ ਤੋੜਿਆ ਜਾਵੇਗਾ। ਜਿਸ ਵਿੱਚ ਇਸ ਵਾਰ ਪੰਜਾਬ ਦੇ ਸਾਰੇ ਮੁਲਾਜਮ ਛੁਟੀ ਉੱਤੇ ਗਹਿਣਗੇ। ਇਸ ਫ਼ੈਸਲੇ ਨੂੰ ਪੂਰਨ ਲਾਗੂ ਕਰਨ ਲਈ 1 ਅਕਤੂਬਰ ਨੂੰ ਪੂਰੇ ਪੰਜਾਬ @ਚ ਮੀਟਿੰਗਾਂ ਕੀਤੀਆਂ ਜਾਣਗੀਆਂ। ਆਗੂਆਂ ਨੇ ਕਿਹਾ ਕਿ ਪਿਛਲੀ ਵਾਰ ਸਾਨੂੰ ਪੰਜਾਬ ਸਰਕਾਰ ਨੇ ਅਪਣੇ ਟਰੈਪ ਚ ਫਸਾ ਕੇ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਸੀ ਤਾਂ ਜੋ ਸਾਡੇ ਸੰਘਰਸ਼ ਨੂੰ ਤਾਰ ਤਾਰ ਕੀਤਾ ਜਾ ਸਕੇ। ਪਰ ਅੱਜ ਅਸੀਂ ਏਹ ਵੀ ਫੈਸਲਾ ਕੀਤਾ ਹੈ ਕਿ ਭਵਿੱਖ ਵਿੱਚ ਲੱਡੂ ਬਰਫੀ ਖਾਣੀ ਤਾਂ ਬਹੁਤ ਦੂਰ ਦੀ ਗੱਲ ਬਿਨਾ ਕੁਝ ਪ੍ਰਾਪਤ ਕੀਤੇ ਮੀਟਿੰਗ ਵਿੱਚ ਏਨਾ ਦਾ ਪਾਣੀ ਤੱਕ ਨਹੀਂ ਪੀਵਾਂਗੇ। ਉਨ੍ਹਾਂ ਸਮੁੱਚੀ ਲੀਡਰਸ਼ਿਪ ਉੱਤੇ ਭਰੋਸਾ ਰੱਖਣ ਲਈ ਸਾਰੇ ਮੁਲਾਜਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਨੂੰ ਕੋਈ ਖਰੀਦ ਨਹੀਂ ਸਕਦਾ ਸਾਡੇ ਉੱਤੇ ਭਰੋਸਾ ਰੱਖਿਓ ਸੱਭ ਕੁਝ ਲੈਕੇ ਦੇਵਾਂਗੇ। ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕੱਚੇ ਮੁਲਾਜਮਾਂ ਨੂੰ ਪੱਕਾ ਕਰਨ ਦੀ ਗੱਲ ਆਖੀ ਹੈ, ਜੋ ਕਿ ਸਾਨੂੰ ਕਬੂਲ ਨਹੀਂ। ਕਿਉਂਕਿ ਇਸ ਸਬੰਧੀ ਸਰਕਾਰ ਵੱਲੋਂ ਕੱਢੇ ਗਏ ਨੋਟੀਫ਼ਿਕੇਸ਼ਨ ਮੁਤਾਬਕ ਉਨ੍ਹਾਂ ਪੱਕੇ ਕੀਤੇ ਗਏ ਮੁਲਾਜਮਾਂ ਉੱਤੇ ਕੋਈ ਸਿਵਿਲ ਸਰਵਿਸਜ਼ ਦੇ ਨਿਯਮ ਲਾਗੂ ਨਹੀਂ ਹੋਣਗੇ, ਨਾ ਉਨ੍ਹਾਂ ਨੂੰ ਪੈਨਸ਼ਨ ਮਿਲੇਗੀ ਤੇ ਉਨ੍ਹਾਂ ਨੂੰ ਫ਼ਿਕਸ ਤਨਖ਼ਾਹ ਹੀ ਮਿਲੇਗੀ, ਜਿਸ ਕਾਰਨ ਅਸੀਂ ਇਸ ਫ਼ੈਸਲੇ ਦੇ ਵਿਰੁੱਧ ਹਾਂ। ਇਸ ਮੌਕੇ ਕਰਮਜੀਤ ਸਿੰਘ ਬੀਹਲਾ, ਮਨਜੀਤ ਸਿੰਘ ਬਾਸਰਕੇ, ਰਜਿੰਦਰਪਾਲ ਸਿੰਘ ਪੰਨੂ, ਪਨਵੰਤ ਸਿੰਘ ਭੱਠਲ, ਅਜਮੇਰ ਸਿੰਘ, ਗਗਨਦੀਪ ਭੁੱਲਰ, ਬਲਜਿੰਦਰ ਸਿੰਘ ਧਾਲੀਵਾਲ, ਜਸਵੀਰ ਸਿੰਘ ਤਲਵਾੜਾ, ਗੁਰਸ਼ਰਨਜੀਤ ਸਿੰਘ ਹੁੰਦਲ, ਦਿਗਵਿਜੇਪਾਲ ਸ਼ਰਮਾ, ਤਰਸੇਮ ਭੱਠਲ, ਜਗਦੀਸ਼ ਸਿੰਘ ਚਾਹਲ, ਪਰਗਣਜੀਤ ਸਿੰਘ ਕਿਸ਼ਨਪੁਰ, ਸੁਖਦੇਵ ਸਿੰਘ ਸੈਣੀ, ਅਮਿਤ ਕਟੋਚ, ਮਨਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ ਮਹਿਦੂਦਾਂ, ਸਾਹਿਲ ਸ਼ਰਮਾ, ਕੇਵਲ ਸਿੰਘ ਬਨਵੈਤ, ਗੋਵਿੰਦਰ ਸਿੰਘ, ਸਿਕੰਦਰ ਸਿੰਘ, ਰਾਧੇ ਸ਼ਿਆਮ, ਬਲਦੇਵ ਸਿੰਘ, ਗੁਰਦੇਵ ਸਿੰਘ ਬਾਜਵਾ, ਹਰਬੰਸ ਸਿੰਘ, ਕਰਮ ਸਿੰਘ ਧਨੌਆ, ਗੁਰਬਖ਼ਸ਼ ਸਿੰਘ, ਅਮਰੀਕ ਸਿੰਘ, ਰਘਵੀਰ ਸਿੰਘ, ਦਲਵੀਰ ਸਿੰਘ ਜੌਹਲ, ਹਰਜਿੰਦਰ ਸਿੰਘ, ਭਜਨ ਸਿੰਘ ਗਿੱਲ, ਸੁਖਚੈਨ ਸਿੰਘ, ਸੁਰਜੀਤ ਸਿੰਘ, ਬਚਿੱਤਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਹੋਰ ਸੂਬਾਈ ਆਗੂ ਹਾਜ਼ਰ ਸਨ।

ਵਿਸ਼ਵ ਬੋਲਾਪਣ ਹਫਤਾਵਾਰੀ ਦਿਵਸ ਮੌਕੇ ਲੋਕਾਂ ਨੂੰ ਕੰਨਾਂ ਦੀ ਸਿਹਤ ਪ੍ਰਤੀ ਜਾਗਰੂਕ ਹੋਣ ਦੀ ਲੋੜ

ਪਟਿਆਲਾ 28 ਸਤੰਬਰ (ਰਾਜਿੰਦਰ ਸਿੰਘ ਥਿੰਦ) ਸਿਹਤ ਵਿਭਾਗ ਪਟਿਆਲਾ ਵੱਲੋਂ ਵਿਸ਼ਵ ਬੋਲਾਪਣ ਸਪਤਾਹਿਕ ਦਿਵਸ ਮੌਕੇ ਸਿਵਲ ਸਰਜਨ ਡਾ. ਸ਼ੈਲੀ ਜੇਤਲੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਮੈਡੀਕਲ ਸੁਪਰਡੈਂਟ ਮਾਤਾ ਕੁਸ਼ੱਲਿਆ ਹਸਪਤਾਲ ਡਾ.ਵਿਕਾਸ ਗੌਇਲ ਦੀ ਅਗਵਾਈ ਹੇਠ ਮਾਤਾ ਕੁਸ਼ੱਲਿਆ ਹਸਪਤਾਲ ਪਟਿਆਲਾ ਵਿਖੇ ਕੰਨਾਂ ਦੀ ਸਿਹਤ ਅਤੇ ਸੁਣਨ ਸ਼ਕਤੀ ਦੀ ਸੰਭਾਲ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਉਹਨਾਂ ਕਿਹਾ ਕਿ ਸੁਣਨ ਸ਼ਕਤੀ ਵਿੱਚ ਕਮੀ ਇੱਕ ਆਮ ਸਮੱਸਿਆ ਹੈ ਜਿਸਦੀ ਸਮੇਂ ਸਿਰ ਪਹਿਛਾਣ ਅਤੇ ਇਲਾਜ ਨਾਲ ਇਸਦੇ ਪ੍ਰਭਾਵ ਨੂੰ ਘਟਾਇਆ ਜਾ ਸਕਦਾ ਹੈ। ਇਸ ਮੌਕੇ ਮੈਡੀਕਲ ਸੁਪਰਡੈਂਟ ਡਾ. ਵਿਕਾਸ ਗੌਇਲ ਨੇ ਕਿਹਾ ਕਿ ਬੱਚਿਆਂ ਵਿੱਚ ਸੁਣਨ ਦੀ ਸਮੱਸਿਆ ਦੀ ਜਲਦ ਪਹਿਚਾਣ ਬਹੁਤ ਮਹੱਤਵਪੂਰਨ ਹੈ ਕਿਉਂਕਿ ਸੁਣਨ ਦੀ ਸਮਰੱਥਾ ਦਾ ਬੱਚੇ ਦੀ ਬੋਲੀ, ਭਾਸ਼ਾ ਅਤੇ ਸਿੱਖਿਆ ਦੇ ਵਿਕਾਸ ਨਾਲ ਸਿੱਧਾ ਸਬੰਧ ਹੈ। ਮਾਪਿਆਂ ਨੂੰ ਚਾਹੀਦਾ ਹੈ ਕਿ ਬੱਚੇ ਵਿੱਚ ਸੁਣਨ ਸਬੰਧੀ ਕੋਈ ਸਮੱਸਿਆ ਨਜ਼ਰ ਆਉਣ ਤੇ ਤੁਰੰਤ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ। ਇਸ ਮੌਕੇ ਈ.ਐਨ.ਟੀ ਮਾਹਿਰ ਡਾ. ਗਗਨਦੀਪ ਕੌਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਤੇਜ ਆਵਾਜ਼ ਅਤੇ ਲੰਬੇ ਸਮੇਂ ਤੱਕ ਉੱਚੀ ਆਵਾਜ਼ ਦੇ ਸੰਪਰਕ ਤੋਂ ਬਚਿਆ ਜਾਵੇ, ਕੰਨਾਂ ਵਿੱਚ ਨੁਕੀਲੀਆਂ ਵਸਤਾਂ ਨਾ ਪਾਈਆਂ ਜਾਣ। ਸੁਣਨ ਸ਼ਕਤੀ ਵਿੱਚ ਕਮੀ, ਕੰਨਾਂ ਵਿੱਚ ਦਰਦ ,ਆਵਾਜ਼ ਜਾਂ ਹੋਰ ਸਮੱਸਿਆ ਹੋਣ ਤੇ ਮਾਹਰ ਡਾਕਟਰਾਂ ਦੀ ਸਲਾਹ ਲਈ ਜਾਵੇ।ਇਸ ਮੌਕੇ ਸਿਹਤ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਲੋਕਾਂ ਨੂੰ ਕੰਨਾਂ ਦੀ ਸਿਹਤ ਬਾਰੇ ਜਾਗਰੂਕ ਰਹਿਣ ਅਤੇ ਸੁਣਨ ਸ਼ਕਤੀ ਦੀ ਨਿਯਮਤ ਜਾਂਚ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ, ਖਾਸ ਕਰਕੇ ਨਵਜੰਮੇ ਬੱਚੇ ਤੇ ਸਕੂਲ ਜਾਣ ਵਾਲੇ ਬੱਚਿਆਂ ਦੀ ਸੁਣਨ ਸ਼ਕਤੀ ਦੀ ਰੈਗੂਲਰ ਜਾਂਚ ਕਰਵਾਈ ਜਾਏ ਤਾਂ ਕਿ ਕਿਸੇ ਵੀ ਨੁਕਸ ਦਾ ਸਮਾਂ ਰਹਿੰਦੇ ਪਤਾ ਲੱਗ ਸਕੇ। ਸਰਕਾਰੀ ਹਸਪਤਾਲਾਂ ਵਿੱਚ ਰਾਸ਼ਟਰੀ ਬੋਲਾਪਣ ਦੀ ਰੋਕਥਾਮ ਅਤੇ ਕੰਟਰੋਲ ਪ੍ਰੋਗਰਾਮ ਤਹਿਤ ਮੁਫਤ ਜਾਂਚ ਅਤੇ ਜਾਗਰੂਕਤਾ ਕੈਂਪ ਵੀ ਲਾਏ ਜਾ ਰਹੇ ਹਨ

ਵਿਧਾਇਕ ਰਣਬੀਰ ਭੁੱਲਰ ਵੱਲੋਂ ਮੁਲਤਾਨੀ ਗੇਟ ਵਿਖੇ ਸ਼ਹੀਦ-ਏ ਆਜ਼ਮ ਸਰਦਾਰ ਭਗਤ ਸਿੰਘ ਦੇ ਆਦਮਕੱਦ ਬੁੱਤ ਦਾ ਉਦਘਾਟਨ

ਫਿਰੋਜ਼ਪੁਰ, 28 ਸਤੰਬਰ (ਪਰੇਸ਼ ਕੁਮਾਰ ਡਿੰਪੀ)ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ @ਰੰਗਲਾ ਪੰਜਾਬ@ ਸਕੀਮ ਅਧੀਨ ਅੱਜ ਫਿਰੋਜ਼ਪੁਰ ਸ਼ਹਿਰ ਦੇ ਇਤਿਹਾਸਕ ਮੁਲਤਾਨੀ ਗੇਟ ਚੌਕ ਵਿਖੇ ਸ਼ਹੀਦ-ਏ -ਆਜ਼ਮ ਸਰਦਾਰ ਭਗਤ ਸਿੰਘ ਦੇ ਆਦਮਕੱਦ ਬੁੱਤ ਦਾ ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਵੱਲੋਂ ਸ਼ੁੱਭ ਉਦਘਾਟਨ ਕੀਤਾ ਗਿਆ। ਉਦਘਾਟਨ ਮੌਕੇ ਸ਼ਹੀਦ ਏ -ਆਜ਼ਮ ਸਰਦਾਰ ਭਗਤ ਸਿੰਘ ਦੇ ਜਨਮ ਦਿਵਸ ਮੌਕੇ ਉਨ੍ਹਾਂ ਨੂੰ ਨਮਨ ਕਰਦਿਆਂ ਵਿਧਾਇਕ ਰਣਬੀਰ ਭੁੱਲਰ ਨੇ ਇਸ ਮੌਕੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਆਪਣੀ ਜਵਾਨੀ ਕੁਰਬਾਨ ਕਰਨ ਵਾਲੇ ਸਾਡੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਡੇ ਲਈ ਸਦਾ ਪ੍ਰੇਰਨਾ ਸਰੋਤ ਹਨ। ਉਨ੍ਹਾਂ ਦੇ ਸੁਪਨਿਆਂ ਦਾ ਰੰਗਲਾ ਅਤੇ ਖੁਸ਼ਹਾਲ ਪੰਜਾਬ ਸਿਰਜਣ ਲਈ ਪੰਜਾਬ ਸਰਕਾਰ ਅਤੇ ਅਸੀਂ ਪੂਰੀ ਤਨਦੇਹੀ ਨਾਲ ਵਚਨਬੱਧ ਹਾਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੂਰੇ ਸੂਬੇ ਅੰਦਰ ਲਗਾਤਾਰ ਵਿਕਾਸ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਸ਼ਹਿਰ ਦੇ ਸੁੰਦਰੀਕਰਨ ਅਤੇ ਵਿਕਾਸ ਦੀ ਇਹ ਲੜੀ ਨਿਰੰਤਰ ਲਗਾਤਾਰ ਜਾਰੀ ਰਹੇਗੀ ਅਤੇ ਸ਼ਹਿਰ ਨੂੰ ਸੁੰਦਰ ਬਣਾਇਆ ਜਾਵੇਗਾ, ਇਸੇ ਤਹਿਤ ਸ਼ਹਿਰ ਅੰਦਰ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ

ਡੇਰਾ ਗੁਰਮੁੱਖ ਸਿੰਘ ਚੈਰੀਟੇਬਲ ਟਰੱਸਟ ਦੀ ਜ਼ਮੀਨ ਦਾ ਦਸਵੀਂ ਵਾਰ ਕਬਜ਼ਾ ਵਰੰਟ ਆਇਆ



ਸ਼ਹਿਣਾ ਭਦੌੜ 28 ਸਤੰਬਰ (ਅਵਤਾਰ ਸਿੰਘ ਫਰਵਾਹੀ) ਪਿੰਡ ਜਗਜੀਤ ਪੁਰਾ ਡੇਰਾ ਗੁਰਮੁਖ ਸਿੰਘ ਚੈਰੀਟੇਬਲ ਟਰੱਸਟ ਕਰਮੂ ਪੱਤੀ ਉਗੋਕੇ ਦੇ ਵੱਲੋਂ ਪਿੰਡ ਜਗਜੀਤ ਪੁਰਾ ਜ਼ਮੀਨ 18 ਏਕੜ ਜ਼ਮੀਨ ਦਾ ਵਾਰੰਟ ਕਬਜ਼ਾ,10ਵੀ ਵਾਰ ਕਬਜ਼ਾ ਵਾਰੰਟ ਰੋਕਿਆ ਗਿਆ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਭਰਮੀ ਹਮਾਇਤ ਕੀਤੀ ਗਈ ਹੈ।ਲੋਕ ਤਾਕਤ ਨੂੰ ਭਾਂਪਦਿਆਂ ਪੁਲਿਸ ਪ੍ਰਸ਼ਾਸਨ ਕੋਈ ਵੀ ਅਧਿਕਾਰੀ ਨਹੀਂ ਪਹੁੰਚਿਆ। ਇਸ ਮੌਕੇ ਸੰਬੋਧਨ ਕਰਦਿਆਂ ਚਮਕੌਰ ਸਿੰਘ ਨੈਣੇਵਾਲ ਜ਼ਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਅਤੇ ਦਰਸ਼ਨ ਸਿੰਘ ਉੱਗੋਕੇ ਜ਼ਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਕਿਹਾ ਕਿ ਇਹ ਜ਼ਮੀਨ ਇਥੇ ਦਾ ਪ੍ਰਭਾਵਸ਼ਾਲੀ ਸਾਧ ਆਪਣਾਂ ਅਧਿਕਾਰ ਜ਼ਾਹਲੀ ਪੇਸ਼ ਕਰ ਰਿਹਾ ਹੈ ਤੇ ਵਾਰੰਟ ਕਬਜ਼ਾ ਨਛੱਤਰ ਕੌਰ ਬਗੈਰਾ ਦੇ ਨਾਂਮ ਕਟਵਾਉਦਾ ਪਰੰਤੂ ਇਹ ਪਿੰਡ ਜਗਜੀਤ ਪੁਰੇ ਦਾ ਟਰੱਸਟ ਬਣਿਆ ਹੋਇਆ ਹੈ। ਇੰਤਕਾਲ ਵੀ ਟਰੱਸਟ ਨਾਮ ਹੀ ਹੈ। ਕਬਜ਼ਾ ਟਰੱਸਟ ਦਾ ਤੇ ਵਾਹੀ ਵੀ ਟਰੱਸਟ ਕਰ ਰਿਹਾ ਹੈ। ਇਸ ਤੋਂ ਇਹ ਜ਼ਾਹਰ ਸਪੱਸ਼ਟ ਹੈ ਕਿ ਅਦਾਲਤਾਂ ਵੀ ਝੂਠੀਆਂ ਕਹਾਣੀਆਂ ਸੁਣਕੇ ਫੈਸਲੇ ਕਿਸ ਤਰ੍ਹਾਂ ਸਨਾਏ ਜਾਂਦੇ ਹਨ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਕਿਸ਼ੇ ਵੀ ਪਿੰਡ ਦੀ, ਕਿਸਾਨ ਮਜ਼ਦੂਰ ਦੀ ਜ਼ਮੀਨ ਤੇ ਘਰਾਂ ਦੀ ਵਾਰੰਟ ਕਬਜ਼ੇ ਕੁਰਕੀਆ ਨਹੀਂ ਹੋਣ ਦੇਵਾਂਗੇ। ਭਾਵੇਂ ਵੱਡੀ ਤੋਂ ਵੱਡੀ ਕੁਰਬਾਨੀ ਕਿਉਂ ਕਰਨੀ ਪਵੇ। ਟਰੱਸਟ ਦੇ ਪ੍ਰਧਾਨ ਬੂਟਾ ਸਿੰਘ ,ਸਕੱਤਰ ਨਛੱਤਰ ਸਿੰਘ ,ਵਾਇਸ ਪ੍ਰਧਾਨ ਜਗਰਾਜ ਸਿੰਘ ,ਟਰੱਸਟ ਦੇ ਮੈਂਬਰ ਹਰਲੀਨ ਸਿੰਘ ਚੰਨੀ, ਬਲਵੀਰ ਸਿੰਘ ਅਮਰੀਕ ਸਿੰਘ ਤਾਰਾ ਸਿੰਘ ਜਗਜੀਤ ਪੁਰਾ ਤੋਂ ਇਲਾਵਾ ਸੂਬਾ ਮੀਤ ਪ੍ਰਧਾਨ ਰੂਪ ਸਿੰਘ ਛੰਨਾ, ਜਰਨਲ ਸਕੱਤਰ ਜਰਨੈਲ ਸਿੰਘ ਬਦਰਾ , ਹਰਜਿੰਦਰ ਸਿੰਘ ਚੀਮਾ ,ਮੀਤ ਪ੍ਰਧਾਨ ਦਰਸ਼ਨ ਸਿੰਘ ਭੈਣੀ, ਬਲੌਰ ਸਿੰਘ ਛੰਨਾ, ਨਰਿੰਪਜੀਤ ਸਿੰਘ ਬਡਬਰ, ਦਰਸ਼ਨ ਸਿੰਘ ਚੀਮਾ ,ਜਗਤਾਰ ਸਿੰਘ ਢਿਲਵਾਂ ,ਹਰੀ ਸਿੰਘ ਭਗਤਪੁਰਾ, ਰਾਮ ਸਿੰਘ ਸੰਘੇੜਾ, ਕੁਲਜੀਤ ਸਿੰਘ, ਨਾਜ਼ਰ ਸਿੰਘ ਠੁੱਲੀਵਾਲ, ਬੂਟਾ ਸਿੰਘ ਗੰਡੇਵਾਲ, ਔਰਤ ਆਗੂ ਕਮਲਜੀਤ ਕੌਰ ਬਰਨਾਲਾ, ਲਖਵੀਰ ਕੌਰ ਧਨੌਲਾ, ਅਮਰਜੀਤ ਕੌਰ ਬਡਬਡ, ਬਿੰਦਰ ਪਾਲ ਕੌਰ ਭਦੌੜ, ਮਨਜੀਤ ਕੌਰ ਕਾਨੇ ਕੇ, ਰਣਜੀਤ ਕੌਰ ਪੱਤੀ ਆਦਿ ਨੇ ਵੀ ਸੰਬੋਧਨ ਕੀਤਾ ਇਸ ਮੌਕੇ ਗੁਰਤੇਜ ਸਿੰਘ ਉੱਗੋਕੇ, ਬੂਟਾ ਸਿੰਘ,ਲਾਲੀ ਸਿੰਘ, ਗੁਰਲਾਲ ਸਿੰਘ,ਲਾਡੀ ਧਾਲੀਵਾਲ, ਡਾਕਟਰ ਜਗਸੀਰ ਸਿੰਘ ਉੱਗੋਕੇ, ਅਜੈਬ ਸਿੰਘ ਉੱਗੋਕੇ, ਸਰਪੰਚ ਰਾਮ ਸਿੰਘ ਕੋਠੇ ਦੁਲਮਸਰ, ਜਲੌਰ ਸਿੰਘ ਗਿੱਲ ਕੋਠੇ, ਮਲਕੀਤ ਖਟੜਾ ਸਹਿਣਾ, ਹਰਦੀਪ ਸਿੰਘ ਨੀਲੋਂ ਕੋਠੇ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ

ਸ਼ਹੀਦ ਭਗਤ ਸਿੰਘ ਜੀ ਦੀ ਸੋਚ 'ਤੇ ਪਹਿਰਾ ਦੇਣਾ ਸਾਡਾ ਫ਼ਰਜ਼ : ਕਲੇਰ

ਕਿਹਾ ! ਆਪ ਸਰਕਾਰ ਨੂੰ ਚਲਦਾ ਕਰਨਾ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗਾ

ਲੁਧਿਆਣਾ, 28 ਸਤੰਬਰ (ਸੂਰਜ) ਦੇਸ਼ ਦੀ ਆਜ਼ਾਦੀ ਦੇ ਮਹਾਨ ਨਾਇਕ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਜੀ ਦੇ ਜਨਮ ਦਿਹਾੜੇ @ਤੇ @ਸ਼ਹੀਦ ਭਗਤ ਸਿੰਘ ਯੂਥ ਫੈਡਰੇਸ਼ਨ@ ਵੱਲੋਂ ਵਾਰਡ ਨੰਬਰ 39 ਵਿੱਚ ਫੈਡਰੇਸ਼ਨ

ਗੁਰਦੁਆਰਾ ਬਿਬਾਨਗੜ੍ਹ ਸਾਹਿਬ ਨੇੜੇ 40 ਲੱਖ ਰੁਪਏ ਦੀ ਲਾਗਤ ਨਾਲ ਬਣੇਗਾ ਪਾਰਕ - ਹਰਜੋਤ ਸਿੰਘ ਬੈਂਸ

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਸੰਤ ਬਾਬਾ ਸਤਨਾਮ ਸਿੰਘ ਜੀ ਦੀ ਹਾਜ਼ਰੀ ਵਿੱਚ ਪਾਰਕ ਦੇ ਕੰਮ ਦਾ ਨੀਂਹ ਪੱਥਰ ਰੱਖਿਆ

ਕੀਰਤਪੁਰ ਸਾਹਿਬ 28 ਸਤੰਬਰ: (ਦਮਨ ਅਰੋੜਾ)ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਕੀਰਤਪੁਰ ਸਾਹਿਬ ਦੇ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ ਅੱਜ ਨਗਰ ਪੰਚਾਇਤ ਕੀਰਤਪੁਰ ਸਾਹਿਬ ਵੱਲੋਂ ਗੁਰਦੁਆਰਾ ਬਿਬਾਨਗੜ੍ਹ ਸਾਹਿਬ ਦੇ ਨੇੜੇ ਵਾਰਡ ਨੰ: 8 ਵਿੱਚ 40 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਜਾਣ ਵਾਲੇ ਪਾਰਕ ਦੇ ਕੰਮ ਦਾ ਨੀਂਹ ਪੱਥਰ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਸੰਤ ਬਾਬਾ ਸਤਨਾਮ ਸਿੰਘ ਜੀ ਦੀ ਹਾਜ਼ਰੀ ਵਿੱਚ ਰੱਖਿਆ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਕੀਰਤਪੁਰ ਸਾਹਿਬ ਇੱਕ ਇਤਿਹਾਸਕ ਅਤੇ ਧਾਰਮਿਕ ਮਹੱਤਤਾ ਵਾਲਾ ਸ਼ਹਿਰ ਹੈ, ਜਿੱਥੇ ਦੇਸ਼-ਵਿਦੇਸ਼ ਤੋਂ ਸੰਗਤਾਂ ਨਤਮਸਤਕ ਹੋਣ ਲਈ ਪਹੁੰਚਦੀਆਂ ਹਨ। ਇਸ ਲਈ ਸ਼ਹਿਰ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਲੋਕਾਂ ਅਤੇ ਸੰਗਤਾਂ ਲਈ ਸੁੰਦਰ, ਸਾਫ਼-ਸੁਥਰੇ ਅਤੇ ਸੁਵਿਧਾਜਨਕ ਜਨਤਕ ਸਥਾਨ ਵਿਕਸਤ ਕਰਨਾ ਵੀ ਸਰਕਾਰ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਇਸ ਪਾਰਕ ਦੇ ਬਣਨ ਨਾਲ ਇਲਾਕਾ ਨਿਵਾਸੀਆਂ ਅਤੇ ਇੱਥੇ ਆਉਣ ਵਾਲੀ ਸੰਗਤ ਨੂੰ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸ਼ਹਿਰਾਂ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਕੀਰਤਪੁਰ ਸਾਹਿਬ ਵਿੱਚ ਵੀ ਸੜਕਾਂ, ਸਫ਼ਾਈ, ਪਾਰਕਾਂ, ਪੀਣ ਵਾਲੇ ਪਾਣੀ ਅਤੇ ਹੋਰ ਜਨਤਕ ਸਹੂਲਤਾਂ ਨਾਲ ਸਬੰਧਤ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਧਾਰਮਿਕ ਅਤੇ ਇਤਿਹਾਸਕ ਸ਼ਹਿਰ ਕੀਰਤਪੁਰ ਸਾਹਿਬ ਨੂੰ ਹੋਰ ਸੁੰਦਰ ਬਣਾਉਣ ਲਈ ਆਉਣ ਵਾਲੇ ਸਮੇਂ ਵਿੱਚ ਵੀ ਲੋੜ ਅਨੁਸਾਰ ਨਵੇਂ ਵਿਕਾਸ ਪ੍ਰੋਜੈਕਟ ਲਿਆਂਦੇ ਜਾਣਗੇ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਲੋਕਾਂ ਨੂੰ ਆਧੁਨਿਕ ਸਹੂਲਤਾਂ ਦੇ ਨਾਲ-ਨਾਲ ਸਾਫ਼-ਸੁਥਰਾ ਅਤੇ ਸੁੰਦਰ ਵਾਤਾਵਰਣ ਮੁਹੱਈਆ ਕਰਵਾਉਣਾ ਹੈ। ਪਾਰਕ ਦੇ ਨਿਰਮਾਣ ਨਾਲ ਇਲਾਕੇ ਦੇ ਲੋਕਾਂ ਨੂੰ ਸੈਰ ਅਤੇ ਆਰਾਮ ਲਈ ਇੱਕ ਬਿਹਤਰ ਸਥਾਨ ਮਿਲੇਗਾ। ਇਸ ਮੌਕੇ ਸੰਤ ਬਾਬਾ ਸਤਨਾਮ ਸਿੰਘ ਜੀ ਤੋਂ ਇਲਾਵਾ ਨਗਰ ਪੰਚਾਇਤ ਕੀਰਤਪੁਰ ਸਾਹਿਬ ਦੇ ਅਧਿਕਾਰੀ, ਕਰਮਚਾਰੀ ਅਤੇ ਇਲਾਕੇ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਇਲਾਕਾ ਵਾਸੀਆਂ ਨੇ ਗੁਰਦੁਆਰਾ ਬਿਬਾਨਗੜ੍ਹ ਸਾਹਿਬ ਨੇੜੇ 40 ਲੱਖ ਰੁਪਏ ਦੀ ਲਾਗਤ ਨਾਲ ਪਾਰਕ ਦੇ ਕੰਮ ਦੀ ਸ਼ੁਰੂਆਤ ਹੋਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਪ੍ਰੀਤ ਸਿੰਘ ਅਰੋੜਾ ਚੇਅਰਮੈਨ, ਗਫ਼ੂਰ ਮੁਹੰਮਦ, ਤੇਜਵੀਰ ਸਿੰਘ ਜਗੀਰਦਾਰ, ਗੁਰਨਾਮ ਸਿੰਘ ਵਾਈਸ ਪ੍ਰਧਾਨ, ਪਰਮਿੰਦਰ ਸਿੰਘ ਜਿੰਮੀ, ਤਲਵਿੰਦਰ ਸਿੰਘ ਬਿੱਟੂ ਕੌਂਸਲਰ , ਕਸ਼ਮੀਰਾ ਸਿੰਘ, ਰਮਨਦੀਪ ਸਿੰਘ , ਜਸਵੀਰ ਸਿੰਘ ਰਾਣਾ, ਜਸਦੀਪ ਸਿੰਘ ਗੱਗੂ , ਚੰਦਨ ਮੋਹਨ ਸ਼ਿੰਦੂ , ਜੋਗਿੰਦਰ ਸਿੰਘ ਬਿੱਟੂ , ਮੋਹਨ ਸੈਣੀ ਬਰੋਟਾ , ਮਨੀਸ਼ ਕੁਮਾਰ , ਮਨਪ੍ਰੀਤ ਸੈਣੀ ਹਾਜ਼ਰ ਸਨ।

ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਵਸ ਮੌਕੇ ਦੀਵਾਨ ਦੀ ਅਗਵਾਈ ਹੇਠ ਕਾਂਗਰਸੀਆ ਵੱਲੋਂ ਸ਼ਰਧਾਂਜਲੀ ਭੇਂਟ

ਲੁਧਿਆਣਾ, 28 ਸਤੰਬਰ (ਸੂਰਜ) ਕਾਂਗਰਸੀਆਂ ਵੱਲੋਂ ਅੱਜ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ 119ਵੇਂ ਜਨਮ ਦਿਵਸ ਮੌਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਇਹ ਸਮਾਗਮ ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਮੌਕੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਯਾਦ ਕਰਦਿਆਂ, ਪਵਨ ਦੀਵਾਨ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਦੇਸ਼ ਦੀ ਆਜ਼ਾਦੀ ਅਤੇ ਇੱਕ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਆਪਣੀ ਜ਼ਿੰਦਗੀ ਕੁਰਬਾਨ ਕਰ ਦਿੱਤੀ। ਉਨ੍ਹਾਂ ਦਾ ਜੀਵਨ, ਸੋਚ ਅਤੇ ਦੇਸ਼ ਪ੍ਰਤੀ ਸਮਰਪਣ ਅੱਜ ਵੀ ਨੌਜਵਾਨਾਂ ਅਤੇ ਦੇਸ਼ ਵਾਸੀਆਂ ਲਈ ਪ੍ਰੇਰਣਾ ਦਾ ਸਰੋਤ ਹੈ। ਉਨ੍ਹਾਂ ਨੇ ਪਾਰਟੀ ਵਰਕਰਾਂ ਨੂੰ ਸੱਦਾ ਦਿੱਤਾ ਕਿ ਉਹ ਸ਼ਹੀਦਾਂ ਵੱਲੋਂ ਦੇਖੇ ਆਜ਼ਾਦ, ਖੁਸ਼ਹਾਲ, ਲੋਕਤੰਤਰਿਕ ਅਤੇ ਸਮਾਜਿਕ ਬਰਾਬਰੀ ਵਾਲੇ ਭਾਰਤ ਦੇ ਸੁਫ਼ਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਇਮਾਨਦਾਰੀ ਅਤੇ ਦ੍ਰਿੜਤਾ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ।ਦੀਵਾਨ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਕੁਰਬਾਨੀ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਉਨ੍ਹਾਂ ਦੇ ਵਿਚਾਰਾਂ ਨੂੰ ਆਪਣੇ ਜੀਵਨ ਵਿੱਚ ਅਪਣਾਈਏ ਅਤੇ ਦੇਸ਼ ਦੇ ਸੰਵਿਧਾਨ, ਲੋਕਤੰਤਰ ਅਤੇ ਧਰਮ ਨਿਰਪੱਖਤਾ ਦੀ ਰੱਖਿਆ ਲਈ ਹਮੇਸ਼ਾ ਡਟੇ ਰਹੀਏ। ਇਸ ਮੌਕੇ ਹੋਰਨਾਂ ਤੋਂ ਇਲਾਵਾ, ਸੁਸ਼ੀਲ ਮਲਹੋਤਰਾ, ਨਿੱਕੀ ਰਿਆਤ, ਜਸਵਿੰਦਰ ਓਸਾਹਨ, ਕੁਲਬੀਰ ਨੀਟਾ, ਰੋਹਿਤ ਪਾਹਵਾ, ਦੀਪਕ ਹੰਸ, ਬ੍ਰਿਜ ਮੋਹਨ ਕਾਲੀਆ, ਬਲਜੀਤ ਆਹੂਜਾ, ਮੋਹਿਤ ਚੁੱਘ, ਹਰਭਗਤ ਗਰੇਵਾਲ, ਅਵਤਾਰ ਸਿੰਘ, ਨਿਵੇਸ਼ ਵਾਸਨ, ਗੁਰਨਾਮ ਸਿੰਘ ਕਲੇਰ ਵੀ ਮੌਜੂਦ ਰਹੇ।

ਮੀਰਾ ਪਬਲਿਕ ਸਕੂਲ ਨੇ ਖੇਡਾਂ ਵਿੱਚ ਮੱਲਾਂ ਮਾਰੀਆਂ

ਸਰਦੂਲਗੜ, 28 ਸਤੰਬਰ (ਕੁਲਵਿੰਦਰ ਕੜਬਲ) ਮੀਰਾ ਪਬਲਿਕ ਸਕੂਲ, ਸਰਦੂਲੇਵਾਲਾ ਦੇ ਵਿਦਿਆਰਥੀਆਂ ਨੇ ਵਿਦਿਅਕ ਸੈਸ਼ਨ 2026-27 ਦੌਰਾਨ ਵੱਖ-ਵੱਖ ਜ਼ੋਨਲ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਵਿਦਿਆਰਥੀਆਂ ਨੇ ਵੱਖ-ਵੱਖ ਵਰਗਾਂ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਅਤੇ ਆਉਣ ਵਾਲੀਆਂ ਜ਼ਿਲ੍ਹਾ ਪੱਧਰੀ ਖੇਡਾਂ ਲਈ ਚੁਣੇ ਗਏ ਹਨ। ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੇ ਨਾਂ ਹਰਸਿਮਰਨ, ਅਸ਼ਰੀਤ, ਕ੍ਰਿਤਿਕਾ, ਸੁਖਮਨੀ, ਸੁਖਮਨ, ਦੀਪਿਕਾ, ਸਹਿਜਮੀਤ, ਜਸ਼ਨਦੀਪ, ਹਰਵੰਸ਼, ਕਰਮਨਜੋਤ, ਹੁਸਨ, ਹਰਮਨ, ਹਰਨੂਰ, ਹਰਮਨਜੋਤ, ਹਰਮਨ, ਸਾਹਿਬ ਦੀਪ, ਸੁਖਸਹਿਜ, ਮਨਜੋਤ ਅਤੇ ਇਸ਼ਮੀਤ ਹਨ। ਸਕੂਲ ਮੈਨੇਜਮੈਂਟ, ਜਿਸ ਵਿੱਚ ਚੇਅਰਮੈਨ ਸ੍ਰੀ ਵਿਜੇ ਲਹਿਰੀ, ਅਗਰਵਾਲ ਸਭਾ ਮੈਂਬਰ ਸ੍ਰੀ ਸਤੀਸ਼ ਲਹਿਰੀ, ਅਤੇ ਮੈਨੇਜਮੈਂਟ ਮੈਂਬਰ ਸ੍ਰੀ ਮਹੇਸ਼ ਗਰਗ, ਸ੍ਰੀ ਰਜਿੰਦਰ ਗਰਗ ਅਤੇ ਸ੍ਰੀ ਨਰੇਸ਼ ਲਹਿਰੀ ਸ਼ਾਮਲ ਹਨ, ਨੇ ਸਾਰੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਆਉਣ ਵਾਲੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਸਫ਼ਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ। ਮੈਨੇਜਮੈਂਟ ਨੇ ਖੇਡ ਅਧਿਆਪਕ/ਕੋਚ ਸ੍ਰੀ ਅਮਰਜੀਤ ਸਿੰਘ ਦੀ ਵੀ ਵਿਦਿਆਰਥੀਆਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਉਹਨਾਂ ਦੇ ਸਮਰਪਿਤ ਮਾਰਗਦਰਸ਼ਨ ਅਤੇ ਯਤਨਾਂ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਸ੍ਰੀ ਅਮਿਤ ਕੁਮਾਰ ਨੇ ਇਸ ਗੱਲ @ਤੇ ਜ਼ੋਰ ਦਿੱਤਾ ਕਿ ਖੇਡਾਂ ਜੀਵਨ ਦਾ ਇੱਕ ਅਹਿਮ ਹਿੱਸਾ ਹਨ, ਜੋ ਅਨੁਸ਼ਾਸਨ, ਟੀਮ ਭਾਵਨਾ, ਆਤਮ-ਵਿਸ਼ਵਾਸ, ਖੇਡ ਭਾਵਨਾ ਅਤੇ ਸਕਾਰਾਤਮਕ ਮੁਕਾਬਲੇਬਾਜ਼ੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੀਆਂ ਹਨ, ਨਾਲ ਹੀ ਜ਼ਿੰਦਗੀ ਵਿੱਚ ਸਫ਼ਲਤਾ ਲਈ ਅਹਿਮ ਸਬਕ ਸਿਖਾਉਂਦੀਆਂ ਹਨ। ਸਮੂਹ ਸਕੂਲ ਪਰਿਵਾਰ ਨੇ ਇਹਨਾਂ ਹੋਣਹਾਰ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਹਨਾਂ ਦੇ ਆਉਣ ਵਾਲੇ ਮੁਕਾਬਲਿਆਂ ਲਈ ਸ਼ੁੱਭਕਾਮਨਾਵਾਂ ਭੇਟ ਕੀਤੀਆਂ।

ਐਸਆਈਆਰ ਦੇ ਨਾਮ 'ਤੇ ਇੱਕ ਵੀ ਯੋਗ ਵੋਟਰ ਦੀ ਵੋਟ ਨਹੀਂ ਕੱਟਣ ਦੇਵਾਂਗੇ: ਐਡ. ਰਾਹੁਲ ਪੁਹਾਲ

ਰਾਸ਼ਟਰਪਤੀ ਦੇ ਨਾਮ ਮੰਗ ਪੱਤਰ ਭੇਜ ਕੇ ਨਿਰਪੱਖ ਜਾਂਚ ਅਤੇ ਦੋਸ਼ੀਆਂ ਖ਼ਿਲਾਫ਼ ਪਰਚਾ ਦਰਜ ਕਰਨ ਦੀ ਕੀਤੀ ਮੰਗ

ਲੁਧਿਆਣਾ, 28 ਸਤੰਬਰ (ਸੂਰਜ) ਜ਼ਿਲ੍ਹਾ ਕਾਂਗਰਸ ਕਮੇਟੀ ਐਸ.ਸੀ. ਵਿਭਾਗ, ਲੁਧਿਆਣਾ ਦੇ ਚੇਅਰਮੈਨ ਐਡਵੋਕੇਟ ਰਾਹੁਲ ਪੁਹਾਲ ਨੇ ਐਸ.ਆਈ.ਆਰ. (Special Intensive Revision) ਦੌਰਾਨ ਯੋਗ ਵੋਟਰਾਂ ਦੇ ਨਾਮ ਵੋਟਰ ਸੂਚੀ ਵਿੱਚੋਂ ਕੱਟੇ ਜਾਣ ਸਬੰਧੀ ਸਾਹਮਣੇ ਆ ਰਹੀਆਂ ਸ਼ਿਕਾਇਤਾਂ @ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਮਾਨਯੋਗ ਰਾਸ਼ਟਰਪਤੀ ਮਹੋਦਯਾ ਦੇ ਨਾਮ ਮੰਗ ਪੱਤਰ ਭੇਜ ਕੇ ਮਾਮਲੇ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਹੈ।ਐਡ. ਰਾਹੁਲ ਪੁਹਾਲ ਨੇ ਕਿਹਾ ਕਿ ਕਿਸੇ ਵੀ ਯੋਗ ਨਾਗਰਿਕ ਦਾ ਨਾਮ ਉਚਿਤ ਤਸਦੀਕ, ਸੂਚਨਾ, ਇਤਰਾਜ਼ ਅਤੇ ਸੁਣਵਾਈ ਦਾ ਮੌਕਾ ਦਿੱਤੇ ਬਿਨਾਂ ਅਤੇ ਨਿਰਧਾਰਤ ਕਾਨੂੰਨੀ ਪ੍ਰਕਿਰਿਆ ਦੀ ਪਾਲਣਾ ਕੀਤੇ ਬਿਨਾਂ ਵੋਟਰ ਸੂਚੀ ਵਿੱਚੋਂ ਕੱਟਣਾ ਲੋਕਤੰਤਰਿਕ ਪ੍ਰਣਾਲੀ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਦਾ ਆਰਟੀਕਲ 326 ਬਾਲਗ ਮਤਾਧਿਕਾਰ ਦੇ ਆਧਾਰ @ਤੇ ਚੋਣ ਪ੍ਰਣਾਲੀ ਦਾ ਸੰਵਿਧਾਨਕ ਆਧਾਰ ਹੈ। ਇਸ ਲਈ ਹਰ ਯੋਗ ਨਾਗਰਿਕ ਦੇ ਵੋਟ ਦੇ ਅਧਿਕਾਰ ਦੀ ਰੱਖਿਆ ਕਰਨਾ ਲੋਕਤੰਤਰਿਕ ਸੰਸਥਾਵਾਂ ਦੀ ਮਹੱਤਵਪੂਰਨ ਜ਼ਿੰਮੇਵਾਰੀ ਹੈ। ਐਡ. ਪੁਹਾਲ ਨੇ ਮੰਗ ਕੀਤੀ ਕਿ ਲੁਧਿਆਣਾ ਜ਼ਿਲ੍ਹੇ ਵਿੱਚ ਐਸ ਆਈ ਆਰ ਦੌਰਾਨ ਵੋਟਰ ਸੂਚੀ ਵਿੱਚੋਂ ਹਟਾਏ ਗਏ ਜਾਂ ਹਟਾਉਣ ਲਈ ਪ੍ਰਸਤਾਵਿਤ ਨਾਮਾਂ ਦੀ ਨਿਰਪੱਖ ਅਤੇ ਪਾਰਦਰਸ਼ੀ ਮੁੜ ਜਾਂਚ ਕਰਵਾਈ ਜਾਵੇ ਅਤੇ ਜਿਨ੍ਹਾਂ ਯੋਗ ਵੋਟਰਾਂ ਦੇ ਨਾਮ ਗਲਤ ਤਰੀਕੇ ਨਾਲ ਹਟਾਏ ਗਏ ਹਨ, ਉਨ੍ਹਾਂ ਨੂੰ ਕਾਨੂੰਨ ਅਨੁਸਾਰ ਤੁਰੰਤ ਬਹਾਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਜੇਕਰ **BLO, ERO, AERO** ਜਾਂ ਕਿਸੇ ਹੋਰ ਸਬੰਧਤ ਅਧਿਕਾਰੀ ਵੱਲੋਂ ਗਲਤ ਤਸਦੀਕ, ਗਲਤ ਰਿਪੋਰਟਿੰਗ, ਰਿਕਾਰਡ ਵਿੱਚ ਹੇਰਾਫੇਰੀ ਜਾਂ ਜਾਣਬੁੱਝ ਕੇ ਯੋਗ ਵੋਟਰਾਂ ਦੇ ਨਾਮ ਕੱਟਣ ਦੇ ਤੱਥ ਜਾਂਚ ਦੌਰਾਨ ਸਾਹਮਣੇ ਆਉਂਦੇ ਹਨ ਤਾਂ ਸਬੰਧਤ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕਰਦੇ ਹੋਏ ਪਰਚਾ ਦਰਜ ਕੀਤਾ ਜਾਵੇ।ਐਡ. ਰਾਹੁਲ ਪੁਹਾਲ ਨੇ ਕਿਹਾ ਕਿ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਸ਼੍ਰੀ ਗਿਆਨੇਸ਼ ਕੁਮਾਰ ਦੀ ਭੂਮਿਕਾ ਸਬੰਧੀ ਲਗਾਏ ਜਾ ਰਹੇ ਦੋਸ਼ਾਂ ਦੀ ਵੀ ਸਮਰੱਥ ਅਤੇ ਸੁਤੰਤਰ ਅਥਾਰਟੀ ਵੱਲੋਂ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਜੇਕਰ ਜਾਂਚ ਦੌਰਾਨ ਕਿਸੇ ਸੰਜੋਗਯੋਗ ਅਪਰਾਧ ਦੇ ਕਾਫ਼ੀ ਤੱਥ ਸਾਹਮਣੇ ਆਉਂਦੇ ਹਨ ਤਾਂ ਲਾਗੂ ਕਾਨੂੰਨ ਅਨੁਸਾਰ ਪਰਚਾ ਦਰਜ ਕਰਕੇ ਨਿਰਪੱਖ ਅਪਰਾਧਿਕ ਜਾਂਚ ਕੀਤੀ ਜਾਵੇ।ਉਨ੍ਹਾਂ ਸਪੱਸ਼ਟ ਕਿਹਾ ਕਿ ਇਹ ਕਿਸੇ ਇੱਕ ਰਾਜਨੀਤਿਕ ਪਾਰਟੀ ਦਾ ਨਿੱਜੀ ਮੁੱਦਾ ਨਹੀਂ ਹੈ, ਸਗੋਂ ਦੇਸ਼ ਦੇ ਹਰ ਯੋਗ ਨਾਗਰਿਕ ਦੇ ਵੋਟ ਦੇ ਅਧਿਕਾਰ ਅਤੇ ਲੋਕਤੰਤਰ ਦੀ ਰੱਖਿਆ ਦਾ ਸਵਾਲ ਹੈ।ਐਡਵੋਕੇਟ ਰਾਹੁਲ ਪੁਹਾਲ ਨੇ ਕਿਹਾ ਕਿ SC, BC, ਮਜ਼ਦੂਰ, ਗਰੀਬ, ਪ੍ਰਵਾਸੀ ਅਤੇ ਹੋਰ ਕਮਜ਼ੋਰ ਵਰਗਾਂ ਨਾਲ ਸਬੰਧਤ ਯੋਗ ਨਾਗਰਿਕਾਂ ਦੇ ਵੋਟ ਦੇ ਅਧਿਕਾਰ ਦੀ ਵਿਸ਼ੇਸ਼ ਸੁਰੱਖਿਆ ਯਕੀਨੀ ਬਣਾਈ ਜਾਣੀ ਚਾਹੀਦੀ ਹੈ। **ਉਨ੍ਹਾਂ ਕਿਹਾ:** ਲੁਲੋਕਤੰਤਰ ਵਿੱਚ ਜਨਤਾ ਦੀ ਵੋਟ ਸਭ ਤੋਂ ਵੱਡੀ ਤਾਕਤ ਹੈ। ਕਿਸੇ ਵੀ ਯੋਗ ਨਾਗਰਿਕ ਨੂੰ ਬਿਨਾਂ ਉਚਿਤ ਕਾਨੂੰਨੀ ਪ੍ਰਕਿਰਿਆ ਦੇ ਉਸਦੇ ਵੋਟ ਦੇ ਅਧਿਕਾਰ ਤੋਂ ਵਾਂਝਾ ਨਹੀਂ ਕੀਤਾ ਜਾ ਸਕਦਾ। ਅਸੀਂ ਇਸ ਮੁੱਦੇ ਨੂੰ ਲੋਕਤੰਤਰਿਕ ਅਤੇ ਸੰਵਿਧਾਨਕ ਤਰੀਕੇ ਨਾਲ ਮਜ਼ਬੂਤੀ ਨਾਲ ਉਠਾਵਾਂਗੇ। ਇੱਕ ਵੀ ਯੋਗ ਵੋਟ ਕੱਟਣ ਨਹੀਂ ਦੇਵਾਂਗੇ।' ਉਨ੍ਹਾਂ ਮਾਨਯੋਗ ਰਾਸ਼ਟਰਪਤੀ ਮਹੋਦਯਾ ਤੋਂ ਮੰਗ ਕੀਤੀ ਕਿ ਇਸ ਮਾਮਲੇ ਦਾ ਤੁਰੰਤ ਨੋਟਿਸ ਲੈਂਦਿਆਂ ਸਬੰਧਤ ਸਮਰੱਥ ਸੰਵਿਧਾਨਕ ਅਤੇ ਕਾਨੂੰਨੀ ਅਥਾਰਟੀਆਂ ਰਾਹੀਂ ਸੁਤੰਤਰ ਜਾਂਚ, ਸਬੰਧਤ ਰਿਕਾਰਡ ਦੀ ਸੁਰੱਖਿਆ, ਵੋਟਰਾਂ ਦੇ ਨਾਮਾਂ ਦੀ ਮੁੜ ਜਾਂਚ ਅਤੇ ਅਪਰਾਧ ਸਾਬਤ ਹੋਣ ਦੀ ਸੂਰਤ ਵਿੱਚ FIR ਅਤੇ ਲੋੜੀਂਦੀ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇ।

ਦਸਮੇਸ਼ ਇੰਟਰਨੈਸ਼ਨਲ ਸਕੂਲ ਦੇ ਸਾਹਿਬਾਜ ਸੰਧੂ ਨੇ ਬਾਸਕਟਬਾਲ ਵਿੱਚ ਜਿੱਤਿਆ ਸੋਨ ਤਗਮਾ

ਸਰਦੂਲਗੜ੍ਹ, 28 ਸਤੰਬਰ (ਕੁਲਵਿੰਦਰ ਕੜਬਲ): ਦਸਮੇਸ਼ ਇੰਟਰਨੈਸ਼ਨਲ ਸਕੂਲ, ਸਰਦੂਲਗੜ੍ਹ ਦੇ ਅੱਠਵੀਂ ਜਮਾਤ ਦੇ ਹੋਣਹਾਰ ਖਿਡਾਰੀ ਸਾਹਿਬਾਜ ਸਿੰਘ ਸੰਧੂ ਨੇ ਪੰਜਾਬ ਸਟੇਟ ਅੰਡਰ-14 ਬਾਸਕਟਬਾਲ ਸਕੂਲੀ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਗਮਾ ਜਿੱਤਿਆ। ਮਾਨਸਾ ਜ਼ਿਲ੍ਹੇ ਦੀ ਟੀਮ ਨੇ ਛੇ ਜ਼ਿਲ੍ਹਿਆਂ ਨੂੰ ਹਰਾ ਕੇ ਸੂਬਾਈ ਚੈਂਪੀਅਨ

ਭਾਜਪਾ ਲੋਕਤੰਤਰ ਅਤੇ ਆਪ ਲੁੱਟ ਰਹੀ ਹੈ ਪੰਜਾਬ ਦਾ ਖਜ਼ਾਨਾ : ਵਿਕਰਮ ਬਾਜਵਾ

ਮੁੱਖ ਚੋਣ ਕਮਿਸ਼ਨਰ ਅਤੇ ਮੰਤਰੀ ਹਰਦੀਪ ਮੁੰਡਿਆਂ ਤੋਂ ਅਸਤੀਫ਼ਾ ਦੇਣ

ਲੁਧਿਆਣਾ/ ਸਾਹਨੇਵਾਲ 28 ਸਤੰਬਰ (ਸਰਬਜੀਤ ਸੂਡ਼ੀ)- ਵਿਧਾਨ ਸਭਾ ਹਲਕਾ ਸਾਹਨੇਵਾਲ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਵਿਕਰਮ ਸਿੰਘ ਬਾਜਵਾ ਦੀ ਅਗਵਾਈ ਦੇ ਵਿੱਚ ਕਾਂਗਰਸ ਪਾਰਟੀ ਵੱਲੋਂ ਕੇਂਦਰ ਸਰਕਾਰ ਖਿਲਾਫ ਵੋਟ ਚੋਰੀ ਕਰਨ ਦੇ ਦੋਸ਼ ਲਗਾਉਂਦਿਆਂ ਦੇਸ਼ ਦੇ ਮੁੱਖ ਚੋਣ ਕਮਿਸ਼ਨਰ ਗਿਆਨਨੇਸ ਕੁਮਾਰ ਦਾ ਅਸਤੀਫਾ ਮੰਗਿਆ ! ਇਸ ਮੌਕੇ ਵਿਸ਼ੇਸ਼ ਤੌਰ ਤੇ ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਦਿਹਾਤੀ ਦੇ ਪ੍ਰਧਾਨ ਮੇਜਰ ਸਿੰਘ ਮੁੱਲਾਪੁਰ ਵੀ ਹਾਜ਼ਰ ਸਨ। ਇਸ ਮੌਕੇ ਆਪਣੇ ਸੰਬੋਧਨ ਵਿੱਚ ਵਿਕਰਮ ਸਿੰਘ ਬਾਜਵਾ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰਵੋਟ ਚੋਰੀ ਕਰਕੇ ਦੇਸ਼ ਦਾ ਲੋਕਤੰਤਰ ਲੁੱਟ ਰਹੀ ਹੈ ਜਦੋਂ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਦੋਹੀ ਹੱਥੀ ਪੰਜਾਬ ਦਾ ਖਜ਼ਾਨਾ ਲੁੱਟ ਰਹੀ ਹੈ। ਉਹਨਾਂ ਕਿਹਾ ਕਿ ਜਿਸ ਦੀ ਤਾਜ਼ਾ ਮਿਸਾਲ ਮੰਤਰੀ ਹਰਦੀਪ ਵੱਡੀਆਂ ਉੱਪਰ ਗਲਾਡਾ ਅਤੇ ਗਮਾਡਾ ਵਿੱਚ ਕਰੀਬ 10 ਹਜਾਰ ਕਰੋੜ ਦੇ ਘਟਾਲੇ ਦੀ ਈਡੀ ਵੱਲੋਂ ਕੀਤੀ ਜਾ ਰਹੀ ਜਾਂਚ ਤੋਂ ਲਗਾਇਆ ਜਾ ਸਕਦਾ ਹੈ ਉਹਨਾਂ ਕਿਹਾ ਕਿ ਕੱਟੜ ਇਮਾਨਦਾਰ ਅਖਵਾਉਣ ਵਾਲਿਆਂ ਨੇ ਲੁੱਟ ਤੇ ਸਾਰੇ ਰਿਕਾਰਡ ਤੋੜ ਦਿੱਤੇ ਹਨ ਉਹਨਾਂ ਕਿਹਾ ਕਿ ਮੰਤਰੀਆਂ ਦੀਆਂ ਕੋਠੀਆਂ ਦੇ ਵਿੱਚ ਬਾਹਰਲੇ ਸੂਬਿਆਂ ਤੋਂ ਆਏ ਕੇਜਰੀਵਾਲ ਦੇ ਚਿਹਰੇ ਤੇ ਬੈਠੇ ਹਨ ਉਹਨਾਂ ਕਿਹਾ ਕਿ ਮੰਤਰੀ ਹਰਦੀਪ ਮੁੰਡੀਆ ਆਪਣੇ ਆਪ ਨੂੰ ਪਾਕ ਸਾਫ ਹੋਣ ਦਾ ਪ੍ਰਚਾਰ ਕਰ ਰਹੇ ਹਨ ਜਦਕਿ ਉਹਨਾਂ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਈਡੀ ਉਹਨਾਂ ਨੂੰ ਨੋਟਿਸ ਦੇ ਕੇ ਗਈ ਹੈ ਨਾ ਕਿ ਕਲੀਨ ਚੈਟ ਆਉਣ ਵਾਲੇ ਦਿਨ ਵਿੱਚ ਜਿਵੇਂ ਪੰਜਾਬ ਦਾ ਇਹਨਾਂ ਲੋਕਾਂ ਨੇ ਖਜ਼ਾਨਾ ਲੁੱਟਿਆ ਹੈ ਇਹਨਾਂ ਨੂੰ ਬਣਦੀਆਂ ਸਜ਼ਾਵਾਂ ਜਰੂਰ ਮਿਲਣੀਆਂ ਚਾਹੀਦੀਆਂ ਹਨ ਅਤੇ ਜੇਕਰ ਇਹ ਇਮਾਨਦਾਰ ਹਨ ਤਾਂ ਇਹਨਾਂ ਨੂੰ ਤੁਰੰਤ ਅਸਤੀਫਾ ਦੇ ਕੇ ਈਡੀ ਦੀ ਜਾਂਚ ਦਾ ਸਾਹਮਣਾ ਕਰਨਾ ਚਾਹੀਦਾ ਹੈ ਇਸ ਮੌਕੇ ਉਹਨਾਂ ਦੇ ਨਾਲ ਬਲਾਕ ਕਾਂਗਰਸ ਦੇ ਪ੍ਰਧਾਨ ਤਾਜ ਪਰਮਿੰਦਰ ਸਿੰਘ ਸੋਨੂ, ਬਲਵੀਰ ਸਿੰਘ ਬੁੱਢੇਵਾਲ ਅਤੇ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਹਾਜ਼ਰ ਸਨ।

ਬਾਵਾ ਦੀ ਅਗਵਾਈ 'ਚ ਭਾਜਪਾ ਵੱਲੋਂ ਚੋਣ ਕਮਿਸ਼ਨ ਰਾਹੀਂ ਵੋਟ ਚੋਰੀ ਖ਼ਿਲਾਫ਼ ਜ਼ੋਰਦਾਰ ਪ੍ਰਦਰਸ਼ਨ

ਸ਼ਹੀਦਾਂ ਕਰਕੇ ਹੀ ਸਾਨੂੰ ਵੋਟ ਦਾ ਅਧਿਕਾਰ ਮਿਲਿਆ : ਬਾਵਾ

ਲੁਧਿਆਣਾ, 28 ਸਤੰਬਰ (ਸੁਰਜ)- ਅੱਜ ਵਿਧਾਨ ਸਭਾ ਹਲਕਾ ਦੱਖਣੀ ਵਿਖੇ ਕਾਂਗਰਸੀ ਵਰਕਰਾਂ ਨੇ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਏ.ਆਈ.ਸੀ.ਸੀ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼, ਵਰਿੰਦਰ ਭੱਲਾ ਪ੍ਰਧਾਨ ਜ਼ਿਲ੍ਹਾ ਕਾਂਗਰਸ ਓ.ਬੀ.ਸੀ, ਮਾਸਟਰ ਹਰੀਦੇਵ ਬਾਵਾ ਜਨਰਲ ਸਕੱਤਰ ਜ਼ਿਲਾ ਕਾਂਗਰਸ, ਸ਼ਿਵਾ , ਬਲਜੀਤ ਮਾਲੜਾ, ਰਾਕੇਸ਼ ਗੋਇਲ ਜਨਰਲ ਸਕੱਤਰ ਜ਼ਿਲਾ ਕਾਂਗਰਸ, ਮਹਿਲਾ ਨੇਤਾ ਮਮਤਾ ਰਾਣੀ ਦੀ ਅਗਵਾਈ ਵਿੱਚ ਭਾਜਪਾ ਵੱਲੋਂ ਚੋਣ ਕਮਿਸ਼ਨ ਰਾਹੀਂ ਵੋਟ ਚੋਰੀ ਦੇ ਵਿਰੋਧ ਵਿੱਚ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਉਹਨਾਂ ਕਿਹਾ ਕਿ ਅਸੀਂ ਭਾਰਤ ਦੇ ਮਹਾਨ ਸਪੂਤ ਸ਼ਹੀਦ-ਏ-ਆਜ਼ਮ ਭਗਤ ਸਿੰਘ ਜੀ ਦਾ ਜਨਮ ਦਿਨ ਮਨਾ ਰਹੇ ਹਾਂ ਪਰ ਉਹਨਾਂ ਵੱਲੋਂ ਫਾਂਸੀ ਦਾ ਰੱਸਾ ਚੁੰਮ ਕੇ ਸਾਨੂੰ ਲੋਕਤੰਤਰ ਸਥਾਪਿਤ ਕਰਕੇ ਵੋਟ ਦਾ ਅਧਿਕਾਰ ਲੈ ਕੇ ਦਿੱਤਾ ਗਿਆ ਜਿਸ ਨੂੰ ਕੇਂਦਰ ਦੀ ਭਾਜਪਾ ਸਰਕਾਰ ਭੁੱਲ ਗਈ ਹੈ। ਕੀ ਵੋਟ ਚੋਰੀ ਉਹਨਾਂ ਮਹਾਨ ਸ਼ਹੀਦਾਂ ਦੀ ਸ਼ਹਾਦਤ ਦਾ ਅਪਮਾਨ ਨਹੀਂ ? ਕੀ ਇਹ ਦੇਸ਼ ਧ੍ਰੋਹ ਨਹੀਂ ਇਸ ਸਮੇਂ ਸ੍ਰੀ ਬਾਵਾ ਨੇ ਕਿਹਾ ਕਿ ਭਾਜਪਾ ਭਾਰਤੀ ਲੋਕਤੰਤਰ ਦੀਆਂ ਚੂਲਾਂ ਕਮਜ਼ੋਰ ਕਰ ਰਹੀ ਹੈ ਜੋ ਭਾਰਤ ਦੇ ਭਵਿੱਖ ਲਈ ਖਤਰਾ ਹੈ। ਉਹਨਾਂ ਕਿਹਾ ਕਿ ਵੋਟ ਹੀ ਸ਼ਕਤੀ ਹੈ। ਇਸ ਨੂੰ ਸਿਰਫ ਆਪਣੇ ਹਿੱਤਾਂ ਲਈ ਟੇਢੇ ਢੰਗ ਨਾਲ ਵਰਤ ਕੇ ਹਮੇਸ਼ਾ ਲਈ ਸੱਤਾ 'ਤੇ ਕਾਬਜ਼ ਰਹਿਣ ਲਈ ਅਜਿਹਾ ਕਰਨਾ ਭਾਰਤੀ ਸੰਵਿਧਾਨ ਅਤੇ ਲੋਕਤੰਤਰ ਦਾ ਨਿਰਾਦਰ ਹੈ। ਉਹਨਾਂ ਕਿਹਾ ਕਿ ਭਾਰਤ ਦਾ ਭਵਿੱਖ ਰਾਹੁਲ ਗਾਂਧੀ ਦੀ ਦੇਸ਼ ਭਗਤੀ ਅਤੇ ਸਪੱਸ਼ਟ ਸੋਚ ਨੂੰ ਭਾਰਤ ਦਾ ਯੁਵਾ ਸਮਝ ਗਿਆ ਹੈ ਜੋ ਇਕ ਦਿਨ ਫਿਰਕੂ ਲੋਕਾਂ ਤੋਂ ਭਾਰਤ ਨੂੰ ਆਜ਼ਾਦ ਕਰਵਾਏਗਾ। ਇਸ ਸਮੇਂ ਸ਼੍ਰੀ ਬਾਵਾ ਨੇ ਕਿਹਾ ਕਿ ਭਾਜਪਾ ਨਸ਼ਿਆਂ ਖਿਲਾਫ ਯਾਤਰਾ ਕਰ ਰਹੀ ਹੈ ਪਰ ਨਸ਼ੇ ਖਤਮ ਕਰਨ ਲਈ ਯਤਨ ਨਹੀਂ ਕਰ ਰਹੀ ਜਦਕਿ ਬਾਰਡਰ 'ਤੇ ਬੀ.ਐੱਸ.ਐਫ ਕੇਂਦਰੀ ਫੋਰਸ ਤਾਇਨਾਤ ਹੈ ਅਤੇ ਨਸ਼ਾ ਸਰਹੱਦੋਂ ਪਾਰ ਆਉਂਦਾ ਹੈ। ਉਹਨਾਂ ਕਿਹਾ ਕਿ ਭਾਜਪਾ ਨੇਤਾ ਕੁਰਸੀ ਦੇ ਨਸ਼ੇ ਵਿੱਚ ਸਟੇਜ 'ਤੇ ਗੁਰੂਹਰਸਹਾਇ ਵਿੱਚ ਕਿਸ ਤਰ੍ਹਾਂ ਕੁਰਸਿਓਂ ਕੁਰਸੀ ਹੋਏ, ਸਭ ਨੇ ਦੇਖ ਹੀ ਲਿਆ ਹੈ। ਇਸ ਸਮੇਂ ਰਿੰਕਾ ਗੁਪਤਾ, ਨੀਲਮ ਸ਼ਰਮਾ, ਵਿਜੇ ਲਕਸ਼ਮੀ, ਨਿਰਮਲ ਕੌਰ, ਮਨੀ, ਕਮਲ ਸ਼ੁਕਲਾ, ਅਮਰ ਲੂੰਬਾ, ਬਲਜੀਤ ਸਿੰਘ, ਸੂਬਾ ਸਿੰਘ ਪ੍ਰਧਾਨ, ਸੁਰਜੀਤ ਸਿੰਘ, ਅਮਰਜੀਤ ਸਿੰਘ, ਅਮਰਜੀਤ ਕੌਰ, ਕਿਰਨ ਕਪੂਰ, ਦੀਪਕ ਪੰਡਿਤ, ਸੁੰਦਰਮ ਸ਼ਿਵਮ ਹਾਜਰ ਸਨ।

ਵੋਟ ਚੋਰੀ' ਦੇ ਮੁੱਦੇ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਗ੍ਰਿਫ਼ਤਾਰੀ ਕੀਤੀ ਜਾਵੇ :ਬਿੱਟੂ

ਪਟਿਆਲਾ, 28 ਸਤੰਬਰ:(ਰਾਜਿੰਦਰ ਸਿੰਘ ਥਿੰਦ ਪਟਿਆਲਾ ਕਾਂਗਰਸ ਵੱਲੋਂ 'ਵੋਟ ਚੋਰੀ' ਦੇ ਮੁੱਦੇ ਅਤੇ ਮੁੱਖ ਚੋਣ ਕਮਿਸ਼ਨਰ ਸ੍ਰੀ ਗਿਆਨੇਸ਼ ਕੁਮਾਰ ਦੀ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਪਟਿਆਲਾ ਦੇ ਫੁਆਰਾ ਚੌਂਕ ਵਿਖੇ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਵਿੱਚ ਸਾਬਕਾ ਮੇਅਰ ਪਟਿਆਲਾ ਸੰਜੀਵ ਸ਼ਰਮਾ ਬਿੱਟੂ ਆਪਣੇ ਭਾਰੀ ਗਿਣਤੀ ਵਿੱਚ ਸਾਥੀਆਂ ਅਤੇ ਸਮਰਥਕਾਂ ਸਮੇਤ ਸ਼ਾਮਲ ਹੋਏ।

ਇਸ ਮੌਕੇ ਉਹਨਾਂ ਨੇ ਲੋਕਤੰਤਰ ਦੀ ਰੱਖਿਆ, ਵੋਟ ਦੀ ਪਵਿੱਤਰਤਾ ਅਤੇ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣ ਦੀ ਮੰਗ ਕਰਦਿਆਂ ਆਪਣਾ ਰੋਸ ਪ੍ਰਗਟ ਕੀਤਾ। ਸੰਜੀਵ ਸ਼ਰਮਾ ਬਿੱਟੂ ਨੇ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਹਰ ਵੋਟ ਦੀ ਅਹਿਮੀਅਤ ਅਤੇ ਉਸ ਦੀ ਪਵਿੱਤਰਤਾ ਨੂੰ ਕਾਇਮ ਰੱਖਣਾ ਬੇਹੱਦ ਜ਼ਰੂਰੀ ਹੈ। ਵੋਟ ਲੋਕਤੰਤਰ ਦੀ ਨੀਂਹ ਹੈ ਅਤੇ ਚੋਣ ਪ੍ਰਕਿਰਿਆ ਵਿੱਚ ਲੋਕਾਂ ਦਾ ਭਰੋਸਾ ਬਣਾਈ ਰੱਖਣਾ ਚੋਣ ਕਮਿਸ਼ਨ ਦੀ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਵੋਟਾਂ ਨਾਲ ਸਬੰਧਤ ਉੱਠ ਰਹੇ ਸਵਾਲਾਂ ਦਾ ਪਾਰਦਰਸ਼ੀ ਢੰਗ ਨਾਲ ਜਵਾਬ ਦਿੱਤਾ ਜਾਣਾ ਚਾਹੀਦਾ ਹੈ। 'ਵੋਟ ਚੋਰੀ' ਦੇ ਮੁੱਦੇ 'ਤੇ ਬੋਲਦਿਆਂ ਸੰਜੀਵ ਸ਼ਰਮਾ ਬਿੱਟੂ ਨੇ ਕਿਹਾ ਕਿ ਸ਼ ?ਰੀ ਰਾਹੁਲ ਗਾਂਧੀ ਵੱਲੋਂ ਦੇਸ਼ ਭਰ ਵਿੱਚ ਵੋਟਰਾਂ ਦੇ ਅਧਿਕਾਰਾਂ ਅਤੇ ਚੋਣ ਪ੍ਰਕਿਰਿਆ ਦੀ ਪਾਰਦਰਸ਼ਤਾ ਦਾ ਮੁੱਦਾ ਉਠਾਇਆ ਜਾ ਰਿਹਾ ਹੈ। ਲੋਕਤੰਤਰ ਵਿੱਚ ਹਰ ਨਾਗਰਿਕ ਦੀ ਵੋਟ ਦਾ ਸਨਮਾਨ ਹੋਣਾ ਚਾਹੀਦਾ ਹੈ ਅਤੇ ਵੋਟਾਂ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਬੇਨਿਯਮੀ ਦੇ ਦੋਸ਼ਾਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਮੁੱਖ ਚੋਣ ਕਮਿਸ਼ਨਰ ਸ੍ਰੀ ਗਿਆਨੇਸ਼ ਕੁਮਾਰ ਦੀ ਗ੍ਰਿਫ਼ਤਾਰੀ ਦੀ ਮੰਗ ਬਾਰੇ ਸੰਜੀਵ ਬਿੱਟੂ ਨੇ ਕਿਹਾ ਕਿ ਚੋਣ ਕਮਿਸ਼ਨ ਦੀ ਕਾਰਜਪ੍ਰਣਾਲੀ ਅਤੇ ਉਸ ਨਾਲ ਜੁੜੇ ਸਵਾਲਾਂ ਬਾਰੇ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਸੰਵਿਧਾਨਕ ਸੰਸਥਾਵਾਂ ਦੀ ਭਰੋਸੇਯੋਗਤਾ ਅਤੇ ਨਿਰਪੱਖਤਾ ਬਰਕਰਾਰ ਰਹਿਣੀ ਚਾਹੀਦੀ ਹੈ ਅਤੇ ਉੱਠ ਰਹੇ ਸਵਾਲਾਂ ਦਾ ਕਾਨੂੰਨੀ ਪ੍ਰਕਿਰਿਆ ਰਾਹੀਂ ਨਿਪਟਾਰਾ ਹੋਣਾ ਚਾਹੀਦਾ ਹੈ। ਅੰਤ ਵਿੱਚ ਸੰਜੀਵ ਸ਼ਰਮਾ ਬਿੱਟੂ ਨੇ ਕਿਹਾ ਕਿ ਲੋਕਤੰਤਰ ਦੀ ਰੱਖਿਆ ਅਤੇ ਲੋਕਾਂ ਦੇ ਵੋਟ ਦੇ ਅਧਿਕਾਰ ਦੀ ਸੁਰੱਖਿਆ ਲਈ ਹਰ ਨਾਗਰਿਕ ਨੂੰ ਜਾਗਰੂਕ ਹੋਣਾ ਚਾਹੀਦਾ ਹੈ।

ਧਰਮਕੋਟ 'ਚ 1 ਅਕਤੂਬਰ ਦਾ ਅਕਾਲੀ ਦਲ ਵਾਰਿਸ ਪੰਜਾਬ ਦਾ ਕੋਈ ਵੀ ਪ੍ਰੋਗਰਾਮ ਪਾਰਟੀ ਦੇ ਧਿਆਨ 'ਚ ਨਹੀਂ- ਮਨਪ੍ਰੀਤ ਇਆਲੀ

ਮਨਪ੍ਰੀਤ ਸਿੰਘ ਇਆਲੀ ਨੇ ਕਿਹਾ—ਨਾ ਅਜਿਹਾ ਕੋਈ ਪ੍ਰੋਗਰਾਮ ਤੈਅ ਕੀਤਾ ਗਿਆ ਹੈ, ਨਾ ਮੈਂ ਆ ਰਿਹਾ ਹਾਂ ਅਤੇ ਨਾ ਹੀ ਬਾਪੂ ਤਰਸੇਮ ਸਿੰਘ

ਮੋਗਾ -(ਜਗਰਾਜ ਸਿੰਘ ਸੰਘਾ)-, 28 ਸਤੰਬਰ: 28 ਸਤੰਬਰ: ਹਲਕਾ ਧਰਮਕੋਟ ਵਿੱਚ ਅਕਾਲੀ ਦਲ ਵਾਰਸ ਪੰਜਾਬ ਦੀਆਂ ਸਰਗਰਮੀਆਂ ਪਿਛਲੇ ਸਮੇਂ ਤੋਂ ਚਰਚਾ ਦਾ ਵਿਸ਼ਾ ਬਣੀਆਂ ਹੋਈਆਂ ਹਨ। ਪਾਰਟੀ ਆਗੂ ਜਸਵਿੰਦਰ ਸਿੰਘ ਸਿੱਧੂ ਵੱਲੋਂ ਹਲਕੇ ਵਿੱਚ ਕੀਤੀਆਂ ਜਾ ਰਹੀਆਂ ਸਿਆਸੀ ਸਰਗਰਮੀਆਂ ਅਤੇ ਵੱਖ-ਵੱਖ ਪਿੰਡਾਂ ਵਿੱਚ ਹੋ ਰਹੇ ਇਕੱਠਾਂ ਦੇ ਮੱਦੇਨਜ਼ਰ ਹੁਣ 1 ਅਕਤੂਬਰ ਨੂੰ ਜੀ ਆਰ ਪੈਲਸ, ਕੋਟ-ਈਸੇ ਖਾਂ ਵਿਖੇ ਕਥਿਤ ਤੌਰ 'ਤੇ ਹੋਣ ਵਾਲੀ ਕਾਨਫਰੰਸ ਨੂੰ ਲੈ ਕੇ ਨਵਾਂ ਵਿਵਾਦ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਜਨਤਕ ਥਾਵਾਂ 'ਤੇ ਕੁਝ ਫਲੈਕਸ ਬੋਰਡ ਅਤੇ ਪੈਫਲਟ ਲਗਾਏ ਗਏ ਹਨ, ਜਿਨ੍ਹਾਂ ਵਿੱਚ 1 ਅਕਤੂਬਰ ਨੂੰ ਅਕਾਲੀ ਦਲ ਵਾਰਸ ਪੰਜਾਬ ਦੀ ਕਾਨਫਰੰਸ ਹੋਣ ਦਾ ਪ੍ਰਚਾਰ ਕੀਤਾ ਗਿਆ ਹੈ। ਇਸ ਮਾਮਲੇ ਸਬੰਧੀ ਜਦੋਂ ਪੱਤਰਕਾਰ ਵੱਲੋਂ ਪਾਰਟੀ ਦੇ ਸੀਨੀਅਰ ਆਗੂ ਮਨਪ੍ਰੀਤ ਸਿੰਘ ਇਆਲੀ ਨਾਲ ਸੰਪਰਕ ਕਰਕੇ ਪ੍ਰੋਗਰਾਮ ਬਾਰੇ ਜਾਣਕਾਰੀ ਹਾਸਲ ਕੀਤੀ ਗਈ ਤਾਂ ਉਨ੍ਹਾਂ ਨੇ ਸਪਸ਼ਟ ਕੀਤਾ ਕਿ ਹਲਕਾ ਧਰਮਕੋਟ ਵਿੱਚ 1 ਅਕਤੂਬਰ ਨੂੰ ਅਜਿਹਾ ਕੋਈ ਪ੍ਰੋਗਰਾਮ ਪਾਰਟੀ ਵੱਲੋਂ ਤੈਅ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਉਹ ਖੁਦ ਵੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਨਹੀਂ ਹੋ ਰਹੇ ਅਤੇ ਬਾਪੂ ਤਰਸੇਮ ਸਿੰਘ ਦੇ ਵੀ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਸਬੰਧੀ ਕੋਈ ਜਾਣਕਾਰੀ ਨਹੀਂ ਹੈ ਅਤੇ ਨਾ ਹੀ ਉਨ੍ਹਾਂ ਦਾ ਅਜਿਹਾ ਕੋਈ ਪ੍ਰੋਗਰਾਮ ਤੈਅ ਹੈ ਇਸ ਮੌਕੇ ਜਸਵਿੰਦਰ ਸਿੰਘ ਸਿੱਧੂ ਦੀਆਂ ਹਲਕੇ ਵਿੱਚ ਵਧ ਰਹੀਆਂ ਸਿਆਸੀ ਸਰਗਰਮੀਆਂ ਦਾ ਜ਼ਿਕਰ ਕਰਦਿਆਂ ਪਾਰਟੀ ਨਾਲ ਜੁੜੇ ਸੂਤਰਾਂ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਵੀ ਸੋਸ਼ਲ ਮੀਡੀਆ 'ਤੇ ਸਿੱਧੂ ਅਤੇ ਉਨ੍ਹਾਂ ਦੇ ਪਰਿਵਾਰ ਸਬੰਧੀ ਵੱਖ-ਵੱਖ ਤਰ੍ਹਾਂ ਦੇ ਦਾਅਵੇ ਅਤੇ ਪ੍ਰਚਾਰ ਸਾਹਮਣੇ ਆਉਂਦੇ ਰਹੇ ਹਨ। ਹਾਲਾਂਕਿ ਇਨ੍ਹਾਂ ਦੋਸ਼ਾਂ ਅਤੇ ਉਨ੍ਹਾਂ ਪਿੱਛੇ ਕਿਸੇ ਸਿਆਸੀ ਧਿਰ ਦੀ ਭੂਮਿਕਾ ਹੋਣ ਦੇ ਇਸ ਸਾਜ਼ਿਸ਼ਾਂ ਚ ਸ਼ਾਮਲ ਪੁਲਿਸ ਵੱਲੋਂ ਫੜੇ ਲੋਕਾਂ ਨੇ ਖੁਲਾਸਾ ਕੀਤਾ ਹੈ ।

ਫੱਗੂਵਾਲਾ 'ਚ ਕਾਂਗਰਸ ਨੂੰ ਵੱਡਾ ਹੁੰਗਾਰਾ, ਟਕਸਾਲੀ ਅਕਾਲੀ ਲੀਡਰ ਨਛੱਤਰ ਸਿੰਘ ਕਾਂਗਰਸ ਵਿੱਚ ਸ਼ਾਮਲ

ਭਵਾਨੀਗੜ੍ਹ: 28 ਸਤੰਬਰ (ਵਿਜੈ ਗਰਗ) ਪਿੰਡ ਫੱਗੂਵਾਲਾ ਵਿੱਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ, ਜਦੋਂ ਗੁਰਦੁਆਰਾ ਸਾਹਿਬ ਫੱਗੂਵਾਲਾ ਦੇ ਪ੍ਰਧਾਨ ਅਤੇ ਟਕਸਾਲੀ ਅਕਾਲੀ ਆਗੂ ਸ. ਨਛੱਤਰ ਸਿੰਘ ਜੀ ਨੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਉਨ੍ਹਾਂ ਦੇ ਕਾਂਗਰਸ ਪਰਿਵਾਰ ਵਿੱਚ ਸ਼ਾਮਲ ਹੋਣ ਨਾਲ ਪਿੰਡ ਵਿੱਚ ਪਾਰਟੀ ਦੀ ਜਥੇਬੰਦਕ ਤਾਕਤ ਨੂੰ ਹੋਰ ਮਜ਼ਬੂਤੀ ਮਿਲੀ ਹੈ। ਇਸ ਮੌਕੇ ਕਿਹਾ ਗਿਆ ਕਿ ਸ. ਨਛੱਤਰ ਸਿੰਘ ਜੀ ਵਰਗੇ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਜੁੜੇ ਅਤੇ ਟਕਸਾਲੀ ਅਕਾਲੀ ਆਗੂ ਦਾ ਕਾਂਗਰਸ ਨਾਲ ਜੁੜਨਾ, ਸ਼੍ਰੀ ਵਿਜੈ ਇੰਦਰ ਸਿੰਗਲਾ ਦੀ ਅਗਵਾਈ ਹੇਠ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ-ਹਿੱਤ ਦੀ ਰਾਜਨੀਤੀ ਪ੍ਰਤੀ ਲੋਕਾਂ ਦੇ ਵਧ ਰਹੇ ਭਰੋਸੇ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਲੋਕਤੰਤਰਕ, ਧਰਮਨਿਰਪੱਖ ਅਤੇ ਵਿਕਾਸਮੁਖੀ ਵਿਚਾਰਧਾਰਾ ਤੋਂ ਪ੍ਰਭਾਵਿਤ ਹੋ ਕੇ ਉਹ ਪਾਰਟੀ ਨਾਲ ਜੁੜੇ ਹਨ।

ਨਛੱਤਰ ਸਿੰਘ ਦੇ ਕਾਂਗਰਸ ਵਿੱਚ ਸ਼ਾਮਲ ਹੋਣ ਨੂੰ ਫੱਗੂਵਾਲਾ ਅਤੇ ਆਸ-ਪਾਸ ਦੇ ਖੇਤਰ ਵਿੱਚ ਪਾਰਟੀ ਲਈ ਇੱਕ ਮਹੱਤਵਪੂਰਨ ਜਥੇਬੰਦਕ ਮਜ਼ਬੂਤੀ ਵਜੋਂ ਦੇਖਿਆ ਜਾ ਰਿਹਾ ਹੈ। ਕਾਂਗਰਸ ਆਗੂਆਂ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਸ਼੍ਰੀ ਵਿਜੈ ਇੰਦਰ ਸਿੰਗਲਾ ਦੀ ਅਗਵਾਈ ਹੇਠ ਪਿੰਡ ਦੇ ਵਿਕਾਸ ਅਤੇ ਲੋਕਾਂ ਦੇ ਹੱਕਾਂ ਲਈ ਕਾਂਗਰਸ ਹੋਰ ਮਜ਼ਬੂਤੀ ਨਾਲ ਕੰਮ ਕਰਦੀ ਰਹੇਗੀ।

19 ਲੱਖ ਰੁਪਏ ਦੀ ਲਾਗਤ ਨਾਲ ਰਾਹੋਂ ਰੋਡ ਨੂੰ ਰੋਪੜ ਰੋਡ ਨੂੰ ਜੋੜਦੀ ਸੜਕ ਦੇ ਨਵੀਨੀਕਰਨ ਦੇ ਕੰਮ ਦਾ ਉਦਘਾਟਨ ਕੀਤਾ -ਪ੍ਰਧਾਨ ਮੋਹਿਤ ਕੁੰਦਰਾ

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ -ਨਗਰ ਕੌਂ